# ਨਾਜ਼ਾਇਜ਼ ਸ਼ਰਾਬ ਤੇ ਹੈਰੋਇਨ ਦੇ ਮਾਮਲੇ 'ਚ ਔਰਤ ਸਣੇ ਦੋ ਪੁਲਿਸ ਅੜਿੱਕੇ

**ਧੂਰੀ (ਮਨੋਹਰ ਸਿੰਘ ਸੱਗੂ)**- ਥਾਣਾ ਸਦਰ ਧੂਰੀ ਦੀ ਪੁਲਿਸ ਵੱਲੋਂ ਨਾਜ਼ਾਇਜ਼ ਸ਼ਰਾਬ ਅਤੇ ਨਸ਼ੀਲੇ ਪਦਾਰਥ ਹੈਰੋਇਨ ਦੇ ਮਾਮਲੇ 'ਚ ਇੱਕ ਔਰਤ ਸਮੇਤ ਦੋ ਜਣਿਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।ਜਾਣਕਾਰੀ ਅਨੁਸਾਰ ਥਾਣਾ ਸਦਰ ਧੂਰੀ ਅਧੀਨ ਆਉਂਦੀ ਪੁਲਿਸ ਚੌਂਕੀ ਭਲਵਾਨ ਦੇ ਇੰਚਾਰਜ ਕਮਲਜੀਤ ਸਿੰਘ ਨੇ ਆਪਣੀ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਗੁਲਜਾਰੋ ਵਾਸੀ ਸਮੁੰਧਗੜ੍ਹ ਛੰਨਾ ਨਾਮੀ ਔਰਤ ਨੂੰ ਆਬਕਾਰੀ ਐਕਟ ਤਹਿਤ ਗ੍ਰਿਫਤਾਰ ਕਰਕੇ ਉਸ ਪਾਸੋਂ 36 ਬੋਤਲਾਂ ਨਾਜਾਇਜ਼ ਸ਼ਰਾਬ ਠੇਕਾ ਦੇਸੀ ਬਰਾਮਦ ਕੀਤੀਆਂ। ਇੱਕ ਹੋਰ ਕਾਰਵਾਈ ਦੌਰਾਨ ਥਾਣਾ ਸਦਰ ਧੂਰੀ ਦੇ ਹੌਲਦਾਰ ਜਗਦੀਪ ਸਿੰਘ ਨੇ ਆਪਣੇ ਸਾਥੀ ਕਰਮਚਾਰੀਆਂ ਨਾਲ ਗਸ਼ਤ ਦੌਰਾਨ ਚਾਂਗਲੀ -ਘਨੌਰੀ ਕਲਾਂ ਨੂੰ ਜਾਂਦਿਆਂ ਵੀਰਪਾਲ ਸਿੰਘ ਉਰਫ਼ ਲੱਖੀ ਵਾਸੀ ਰੂੜਗੜ੍ਹ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ 10 ਗ੍ਰਾਮ ਹੈਰੋਇਨ/ਚਿੱਟਾ ਬਰਾਮਦ ਕਰਕੇ ਉਸ ਦੇ ਖਿਲਾਫ਼ ਨਸ਼ਾ ਵਿਰੋਧੀ ਕਾਨੂੰਨ ਤਹਿਤ ਮੁਕੱਦਮਾ ਦਰਜ ਕਰਵਾਇਆ।

# ਪੰਜਾਬ 'ਵਰਸਿਟੀ ਨੂੰ ਕੇਂਦਰ ਸਰਕਾਰ ਵਲੋਂ ਆਪਣੇ ਅਧੀਨ ਕਰਨ ਦਾ ਨੋਟੀਫਿਕੇਸ਼ਨ ਗੈਰ-ਜਮਹੂਰੀ

**ਲੁਧਿਆਣਾ (ਐਮ ਐਸ ਭਾਟੀਆ)**- ਇੱਥੇ ਡਿਪਟੀ ਕਮਿਸ਼ਨਰ ਲੁਧਿਆਣਾ ਰਾਹੀਂ ਭਾਰਤ ਦੇ ਉਪ ਰਾਸ਼ਟਰਪਤੀ ਨੂੰ ਇੱਕ ਮੰਗ ਪੱਤਰ ਭੇਜ ਕੇ ਪੰਜਾਬ ਯੂਨੀਵਰਸਿਟੀ ਨੂੰ ਆਪਣੇ ਅਧੀਨ ਲੈਣ ਦਾ ਕੇਂਦਰ ਸਰਕਾਰ ਵੱਲੋਂ ਦਿੱਤਾ ਗਿਆ ਨੋਟਿਸ ਵਾਪਸ ਲੈਣ ਦੀ ਮੰਗ ਕੀਤੀ ਗਈ। ਖੱਬੀਆਂ ਪਾਰਟੀਆਂ ਵੱਲੋਂ ਕੀਤੇ ਫੈਸਲੇ ਮੁਤਾਬਿਕ ਇਸ ਮੰਗ ਪੱਤਰ ਵਿੱਚ ਕਿਹਾ ਗਿਆ ਹੈ ਕਿ ਭਾਰਤ ਸਰਕਾਰ ਇਸ ਨੋਟੀਫਿਕੇਸ਼ਨ ਨੂੰ ਵਾਪਸ ਲਵੇ ਅਤੇ ਪਹਿਲਾਂ ਵਾਲੀ ਸਥਿਤੀ ਬਹਾਲ ਕੀਤੀ ਜਾਵੇ। ਇਹ ਯੂਨੀਵਰਸਿਟੀ ਕੇਵਲ ਪੰਜਾਬ ਦੇ ਕਾਲਜਾਂ ਨੂੰ ਹੀ ਕੰਟਰੋਲ ਕਰਦੀ ਹੈ। ਇਤਿਹਾਸਕ ਅਤੇ ਹੋਰ ਪੱਖਾਂ ਤੋਂ ਹਰ ਤਰ੍ਹਾਂ ਇਹ ਯੂਨੀਵਰਸਿਟੀ ਪੰਜਾਬ ਸਰਕਾਰ ਦੀ ਮਾਲਕੀ ਹੈ ਪਰ ਰਾਜ ਸਰਕਾਰ ਦੁਆਰਾ ਲੋਕਤੰਤਰਕ ਢੰਗ ਨਾਲ ਚਲਾਏ ਜਾ ਰਹੇ ਇਸ ਅਦਾਰੇ ਦੀ ਸੈਨਿਟ ਨੂੰ ਭਾਰਤ ਸਰਕਾਰ ਨੇ ਇਕ ਨੋਟੀਫਿਕੇਸ਼ਨ ਜਾਰੀ ਕਰਕੇ ਭੰਗ ਕਰ ਦਿੱਤਾ ਹੈ ਅਤੇ ਇਸ ਨੋਟੀਫਿਕੇਸ਼ਨ ਅਨੁਸਾਰ ਯੂਨੀਵਰਸਿਟੀ ਦੇ ਕੰਮਕਾਜ ਨੂੰ ਚਲਾਉਣ ਲਈ ਹੁਣ ਯੂਨੀਵਰਸਿਟੀ ਦੇ ਵੀ ਸੀ ਰਾਹੀਂ ਨਵੀਂ ਕਮੇਟੀ ਨਾਮਜ਼ਦ ਕੀਤੀ ਜਾਵੇਗੀ। ਭਾਰਤ ਸਰਕਾਰ ਦੀ ਇਹ ਕਾਰਵਾਈ ਭਾਰਤ ਦੇ ਸੰਵਿਧਾਨ ਦੇ ਸੰਘੀ ਢਾਂਚੇ ਦੀ ਭਾਵਨਾ ਦੇ ਵਿਰੁੱਧ ਹੈ। ਅਸੀਂ ਸਮੁੱਚੇ ਪੰਜਾਬੀਆ ਦੀ ਤਰਫੋਂ ਇਸ ਮੰਗ ਪੱਤਰ ਰਾਹੀਂ ਮੰਗ ਕਰਦੇ ਹਾਂ ਕਿ ਪੰਜਾਬ ਯੂਨੀਵਰਸਿਟੀ ਨੂੰ ਕੇਂਦਰ ਸਰਕਾਰ ਵਲੋਂ ਆਪਣੇ ਅਧੀਨ ਕਰਨ ਵਾਲਾ ਨੋਟੀਫਿਕੇਸ਼ਨ ਵਾਪਸ ਲਿਆ ਜਾਵੇ ਤਾਂ ਜੋ ਸੰਘੀ ਢਾਂਚੇ ਦੀ ਪਾਲਣਾ ਹੋ ਸਕੇ।ਮੰਗ ਪੱਤਰ ਦੇਣ ਵਾਲੇ ਪ੍ਰਤਿਨਿਧੀ ਮੰਡਲ ਦੀ ਅਗਵਾਈ ਕਾਮਰੇਡ ਚਮਕੌਰ ਸਿੰਘ, ਜ਼ਿਲ੍ਹਾ ਸਹਾਇਕ ਸਕੱਤਰ ਸੀ ਪੀ ਆਈ ਅਤੇ ਐਮ ਐਸ ਭਾਟੀਆ, ਸ਼ਹਿਰੀ ਸਕੱਤਰ ਭਾਰਤੀ ਕਮਿਊਨਿਸਟ ਪਾਰਟੀ ਲੁਧਿਆਣਾ ਨੇ ਕੀਤੀ। ਉਨ੍ਹਾਂ ਤੋਂ ਇਲਾਵਾ ਕਾਮਰੇਡ ਰਘਬੀਰ ਸਿੰਘ ਬੈਨੀਪਾਲ, ਡਾਕਟਰ ਗੁਰਪ੍ਰੀਤ ਸਿੰਘ ਰਤਨ, ਡਾਕਟਰ ਰਜਿੰਦਰ ਪਾਲ ਸਿੰਘ ਔਲਖ, ਕੇਵਲ ਸਿੰਘ ਬਨਵੈਤ, ਨਰੇਸ਼ ਗੌੜ, ਐਡਵੋਕੇਟ ਨਵਲ ਛਿੱਬੜ ਅਤੇ ਜਸਵੀਰ ਸਿੰਘ ਝੱਜ ਮੌਕੇ 'ਤੇ ਸ਼ਾਮਿਲ ਸਨ।






# ਕ੍ਰਿਸ਼ਨਾ ਕਾਲਜ ਰੱਲੀ ਨੇ ਜਿੱਤੇ ਯੂਨੀਵਰਸਿਟੀ ਅਥਲੈਟਿਕਸ ਮੁਕਾਬਲਿਆਂ 'ਚ ਦੋ ਗੋਲਡ ਮੈਡਲ

**ਬਰੇਟਾ (ਰੀਤਵਾਲ)**- ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਚੱਲ ਰਹੀ ਅਥਲੈਟਿਕਸ ਮੀਟ ਵਿਚ ਵੱਖ -ਵੱਖ ਕਾਲਜਾਂ ਤੋਂ ਆਏ ਕਰੀਬ 300 ਲੜਕੀਆਂ ਅਤੇ 400 ਲੜਕਿਆਂ ਨੇ ਭਾਗ ਲਿਆ ਅਤੇ ਇਸ ਮੀਟ ਵਿਚ ਵੱਖ -ਵੱਖ ਕਾਲਜਾਂ ਦੇ ਵਿਦਿਆਰਥੀਆਂ ਨੂੰ ਪਛਾੜਦਿਆਂ ਕ੍ਰਿਸ਼ਨਾ ਕਾਲਜ ਆਫ਼ ਹਾਇਰ ਐਜੂਕੇਸ਼ਨ ਰੱਲੀ ਦੀ ਵਿਦਿਆਰਥਣ ਬਬਲੀ ਕੌਰ ਬੀ ਏ ਭਾਗ ਪਹਿਲਾ ਨੇ ਕ੍ਰਮਵਾਰ 5000 ਮੀਟਰ ਅਤੇ 10000 ਮੀਟਰ ਵਿਚ ਦੋ ਗੋਲਡ ਮੈਡਲ ਜਿੱਤੇ ਅਤੇ ਇਲਾਕੇ ਵਿਚ ਸੰਸਥਾਂ ਦਾ ਨਾਮ ਰੌਸ਼ਨ ਕੀਤਾ। ਕਾਲਜ ਪਹੁੰਚਣ 'ਤੇ ਬਬਲੀ ਕੌਰ ਦਾ ਕਾਲਜ ਪ੍ਰਬੰਧਕਾਂ ਅਤੇ ਪ੍ਰਿੰਸੀਪਲ ਡਾ ਪ੍ਰਕਾਸ਼ ਕੌਰ ਢਿੱਲੋਂ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਖੇਡ ਵਿਭਾਗ ਮੁਖੀ ਪ੍ਰੋ ਕੁਲਦੀਪ ਸਿੰਘ ਨੇ ਕਿਹਾ ਕਿ ਖੇਡਾਂ ਵਿਚ ਰੁਚੀ ਰੱਖਣ ਵਾਲੇ ਖਿਡਾਰੀਆਂ ਨੂੰ ਅਗਾਮੀ ਖੇਡ ਪ੍ਰਤੀਯੋਗਤਾਵਾਂ ਲਈ ਵਿਸ਼ੇਸ਼ ਤੌਰ 'ਤੇ ਤਿਆਰ ਕੀਤਾ ਜਾਵੇਗਾ।ਇਸ ਮੌਕੇ ਕਾਲਜ ਦੇ ਮੈਨੇਜਿੰਗ ਡਾਇਰੈਕਟਰ ਕਮਲ ਸਿੰਗਲਾ, ਚੇਅਰਮੈਨ ਪ੍ਰੀਤਇੰਦਰ ਸਿੰਘ ਚਹਿਲ ਅਤੇ ਪ੍ਰਧਾਨ ਵਿਜੈ ਸਿੰਗਲਾ ਵੱਲੋਂ ਜੇਤੂ ਵਿਦਿਆਰਥਣ ਨੂੰ ਵਿਸ਼ੇਸ਼ ਤੌਰ ਤੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

# ਸੇਂਟ ਜੌਰਡਨ ਕਾਨਵੈਂਟ ਸਕੂਲ ਬਾਘਾ ਪੁਰਾਣਾ 'ਚ ਵਿਗਿਆਨ ਪ੍ਰਦਰਸ਼ਨੀ ਲੱਗੀ

**ਬਾਘਾ ਪੁਰਾਣਾ (ਮਨੀ ਸਿੰਗਲਾ)**- ਇਲਾਕੇ ਦੀ ਨਾਮਵਰ ਸੰਸਥਾ ਸੇਂਟ ਜੌਰਡਨ ਕਾਨਵੈਂਟ ਸਕੂਲ ਬਾਘਾ ਪੁਰਾਣਾ ਵਿਚ ਵਿਗਿਆਨ ਪ੍ਰਦਰਸ਼ਨੀ ਲਗਾਈ ਗਈ, ਜਿਸ ਵਿਚ ਪਹਿਲੀ ਤੋਂ ਲੈ ਕੇ ਦਸਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਬੱਚਿਆਂ ਨੇ ਆਪਣੇ ਹੁਨਰ ਨੂੰ ਪ੍ਰਗਟ ਕਰਦੇ ਹੋਏ ਵੱਖ-ਵੱਖ ਤਰ੍ਹਾਂ ਦੇ ਮਾਡਲ ਅਤੇ ਚਾਰਟ ਬਣਾਏ, ਜਿਸ ਵਿਚ ਮਨੁੱਖੀ ਫੇਫੜੇ, ਸੂਰਜ ਸਿਸਟਮ, ਪਾਣੀ ਨੂੰ ਸ਼ੁੱਧ ਕਰਨ ਦੀ ਪ੍ਰਕਿਰਿਆ ਆਦਿ ਨਾਲ ਸਬੰਧਤ ਮਾਡਲ ਬਣਾ ਕੇ ਇਸ ਪ੍ਰਦਰਸ਼ਨੀ ਵਿਚ ਪੇਸ਼ ਕੀਤੇ ਗਏ। ਵਿਗਿਆਨ ਪ੍ਰਦਰਸ਼ਨੀ ਦਾ ਆਯੋਜਨ ਐਕਟੀਵਿਟੀ ਇੰਚਾਰਜ ਮੈਡਮ ਕਰਮਜੀਤ ਕੌਰ ਬਰਾੜ ਦੀ ਅਗਵਾਈ ਹੇਠ ਕੀਤਾ ਗਿਆ। ਇਸ ਪ੍ਰਦਰਸ਼ਨੀ ਦਾ ਨਿਰੀਖਣ ਪ੍ਰਿੰਸੀਪਲ ਮੈਡਮ ਸੁਧਾ ਕੇ ਆਰ, ਸਾਇੰਸ ਅਧਿਆਪਕ ਮਨਦੀਪ ਕੌਰ, ਮੀਨੂ ਰਾਣੀ ਅਤੇ ਵਰਸ਼ਾ ਚੰਦਰਨ ਦੁਆਰਾ ਕੀਤਾ ਗਿਆ।



# ਅਜੀਤ ਸਿੰਘ ਨੱਤ ਨੇ ਬਾਰ ਐਸੋਸੀਏਸ਼ਨ ਤੋਂ ਵੋਟਾਂ ਮੰਗੀਆਂ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**- ਐਡਵੋਕੇਟ ਅਜੀਤ ਸਿੰਘ ਨੱਤ ਜੋ ਪਹਿਲਾਂ ਸਮਾਣਾ ਵਿਖੇ ਬਤੌਰ ਐਡਵੋਕੇਟ ਪ੍ਰੈਕਟਿਸ ਕਰਦੇ ਸਨ ਅਤੇ ਹੁਣ ਉਹਨਾਂ ਨੇ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਵਿਖੇ ਬਤੌਰ ਐਡਵੋਕੇਟ ਪ੍ਰੈਕਟਿਸ ਕਰਨੀ ਸ਼ੁਰੂ ਕੀਤੀ ਹੋਈ ਹੈ ।ਉਹ ਬਾਰ ਕੌਂਸਲ ਦੇ ਮੈਂਬਰ ਵਜੋਂ ਚੋਣ ਲੜ ਰਹੇ ਹਨ। ਬੀਤੇ ਦਿਨੀ ਉਹ ਬਾਰ ਐਸੋਸੀਏਸ਼ਨ ਸਮਾਣਾ ਦੇ ਦਫਤਰ ਵਿਚ ਆਏ ਅਤੇ ਉਨਾ ਨੇ ਮੇਂਬਰਾਂ ਤੋਂ ਵੋਟ ਅਤੇ ਸਮਰਥਨ ਦੀ ਮੰਗ ਕੀਤੀ। ਉਨ੍ਹਾਂ ਦੀ ਹੌਸਲਾ ਅਫਸਾਈ ਸਾਬਕਾ ਪਧਾਨ ਕਰਮਜੀਤ ਰੰਧਾਵਾ ਅਤੇ ਹਰਸਿਮਰਨਪਾਲ ਤੱਤਲਾ ਮੌਜੂਦਾ ਪ੍ਰਧਾਨ ਨਵਦੀਪ ਸਿੰਘ ਢਿਲੋਂ ਨੇ ਕੀਤੀ ਅਤੇ ਸੀਨੀਅਰ ਮੈਂਬਰ ਬਲਬੀਰ ਸਿੰਘ ਧਨੋਆ, ਰਾਜ ਕੁਮਾਰ ਭਾਨ, ਜਸਪਾਲ ਸਿੰਘ ਸੰਧੂ, ਜਸਬੀਰ ਸਿੰਘ , ਨੌਜਵਾਨ ਵਕੀਲ ਹਰਮਨ ਸਿੱਧੂ, ਭੁਪਿੰਦਰ ਸਿੰਘ ਚੀਮਾ, ਜਸਵਿੰਦਰ ਸਿੰਘ ਧਾਲੀਵਾਲ,ਰਾਜ ਕੁਮਾਰ ਮੁੱਦਾਹੀ, ਅਸ਼ੀਨ ਖਾਨ ਅਤੇ ਹੋਰ ਬਾਰ ਮੇਂਬਰਾਂ ਨੇ ਸ੍ਰੀ ਨੱਤ ਨੂੰ ਵੋਟ ਅਤੇ ਸਮਰਥਨ ਦੇਣ ਦਾ ਪੂਰਾ ਭਰੋਸਾ ਦਵਾਇਆ.



# 30 ਸੜਕਾਂ ਦੇ ਨਵੀਨੀਕਰਨ 'ਤੇ ਖ਼ਰਚੇ ਜਾਣਗੇ 100 ਕਰੋੜ : ਦਲਵੀਰ ਢਿੱਲੋਂ



**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**- ਧੂਰੀ ਹਲਕੇ ਦੀਆਂ ਮੁੱਖ ਸੜਕਾਂ , 30 ਪਿੰਡਾਂ ਦੀਆਂ ਫਿਰਨੀਆਂ ਦੇ ਨਵੀਨੀਕਰਨ ਅਤੇ ਸੜਕਾਂ ਨੂੰ ਚੌੜਾ ਕਰਨ ਉੱਤੇ ਕਰੀਬ 100 ਕਰੋੜ ਰੁਪਏ ਖ਼ਰਚੇ ਜਾਣਗੇ। ਇਹ ਪ੍ਰਗਟਾਵਾ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਉੱਤੇ ਧੂਰੀ ਹਲਕੇ ਦੇ ਵਿਕਾਸ ਕਾਰਜਾਂ ਲਈ ਕੀਤੇ ਜਾਣ ਵਾਲੇ ਕੰਮਾਂ ਸਬੰਧੀ ਰੱਖੀ ਮੀਟਿੰਗ ਵਿੱਚ ਕੀਤਾ। ਵਧੀਕ ਡਿਪਟੀ ਕਮਿਸ਼ਨਰ ਅਮਿਤ ਬੈਂਬੀ ਦੀ ਮੌਜੂਦਗੀ ਵਿੱਚ ਹੋਈ ਬੈਠਕ ਦੌਰਾਨ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਐਸ.ਡੀ.ਐਮ ਧੂਰੀ ਰਿਸ਼ਭ ਬਾਂਸਲ, ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਸੰਦੀਪ ਤਾਇਲ ਅਤੇ ਡਾਇਰੈਕਟਰ ਅਨਿਲ ਮਿੱਤਲ ਵੀ ਮੌਜੂਦ ਸਨ। ਦਲਵੀਰ ਸਿੰਘ ਢਿੱਲੋਂ ਨੇ ਦੱਸਿਆ ਕਿ ਧੂਰੀ ਸ਼ਹਿਰ ਦੀਆਂ ਸੜਕਾਂ ਦੇ ਨਵੀਨੀਕਰਨ ਉੱਤੇ ਕਰੀਬ 9 ਕਰੋੜ ਰੁਪਏ, ਧੂਰੀ ਹਲਕੇ ਦੇ 30 ਪਿੰਡਾਂ ਦੀਆਂ ਫਿਰਨੀਆਂ ਬਣਾਉਣ ਲਈ ਕਰੀਬ 30 ਕਰੋੜ ਰੁਪਏ ਅਤੇ ਲੋਕ ਨਿਰਮਾਣ ਵਿਭਾਗ ਅਧੀਨ ਧੂਰੀ ਹਲਕੇ ਵਿੱਚ ਆਉਂਦੀਆਂ ਮੁੱਖ ਸੜਕਾਂ ਦੇ ਨਵੀਨੀਕਰਨ ਉੱਤੇ ਕਰੀਬ 58 ਕਰੋੜ ਰੁਪਏ ਖ਼ਰਚੇ ਜਾਣਗੇ।

# ਭਾਜਪਾ ਨੇ ਸਾੜਿਆ ਰਾਜਾ ਵੜਿੰਗ ਦਾ ਪੁਤਲਾ

**ਮੋਗਾ (ਇਕਬਾਲ ਸਿੰਘ ਖਹਿਰਾ)** - ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਮਰਹੂਮ ਸੀਨੀਅਰ ਕਾਂਗਰਸ ਨੇਤਾ ਅਤੇ ਸਾਬਕਾ ਕੇਂਦਰੀ ਗ੍ਰਹਿ ਮੰਤਰੀ ਸ ਬੂਟਾ ਸਿੰਘ ਸਬੰਧੀ ਦਿੱਤਾ ਗਿਆ ਜਾਤੀ ਅਤੇ ਰੰਗ ਭੇਦ ਸਬੰਧੀ ਬਿਆਨ ਦਲਿਤਾਂ ਪ੍ਰਤੀ ਰਾਜੇ ਵੜਿੰਗ ਦੀ ਸੌੜੀ ਸੋਚ ਨੂੰ ਦਰਸਾਉਂਦਾ ਹੈ ਜੋ ਅਤਿਅੰਤ ਮੰਦਭਾਗਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਜਪਾ ਦੇ ਜਿਲਾ ਪ੍ਰਧਾਨ ਡਾਕਟਰ ਹਰਜੋਤ ਕਮਲ ਦੀ ਅਗਵਾਈ ਹੇਠ ਭਾਜਪਾ ਆਗੂਆਂ ਤੇ ਵਰਕਰਾਂ ਵੱਲੋਂ ਭਾਜਪਾ ਦੇ ਮੋਗਾ ਦਫਤਰ ਅੱਗੇ ਰਾਜਾ ਵੜਿੰਗ ਦੇ ਫੂਕੇ ਗਏ ਪੁਤਲੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਦੌਰਾਨ ਵੱਡੀ ਗਿਣਤੀ ਵਿੱਚ ਭਾਜਪਾ ਵਰਕਰਾਂ ਨੇ ਕਾਂਗਰਸ ਅਤੇ ਰਾਜਾ ਵੜਿੰਗ ਦੇ ਖਿਲਾਫ਼ ਰੋਹ ਭਰਪੂਰ ਨਾਰੇਬਾਜੀ ਕੀਤੀ। ਇਸ ਮੌਕੇ ਡਾ. ਹਰਜੋਤ ਕਮਲ ਨੇ ਕਿਹਾ ਕਿ ਦਲਿਤ ਸਮਾਜ ਦਾ ਅਪਮਾਨ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਸ ਮੌਕੇ ਜਿਲਾ ਮਹਾਂਮੰਤਰੀ ਮੁਖਤਿਆਰ ਸਿੰਘ, ਲਖਵੰਤ ਸਿੰਘ ਸਾਫੂਵਾਲਾ, ਸੋਨੀ ਮੰਗਲਾ, ਅਮਿਤ ਗੁਪਤਾ, ਕੈਪ. ਅਮਰਜੀਤ ਸਿੰਘ ਕੋਕਰੀ, ਕੁਲਵਿੰਦਰ ਕੌਰ ਐਮ.ਸੀ, ਸੋਨੂੰ ਅਰੋੜਾ, ਸੰਜੀਵ ਅੱਗਰਵਾਲ, ਸੀਰਾ ਲੰਢੇਕੇ, ਤਰੁਣ ਕਲਿਆਣ, ਰਜਿੰਦਰ ਕੌਰ ਆਦਿ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਵਰਕਰ ਅਤੇ ਸਾਥੀ ਹਾਜ਼ਰ ਸਨ।



# ਪੇਂਡੂ ਖੇਤਰਾਂ ਦੀ ਪ੍ਰਗਤੀ ਸਾਡੀ ਪਹਿਲੀ ਤਰਜੀਹ : ਹਡਾਣਾ



**ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)**- ਹਲਕਾ ਸਨੌਰ ਦੇ ਵਿਕਾਸ ਨੂੰ ਨਵੀਂ ਰਫ਼ਤਾਰ ਦਿੰਦਿਆਂ, ਪੀ.ਆਰ.ਟੀ.ਸੀ. ਦੇ ਚੇਅਰਮੈਨ ਅਤੇ ਹਲਕਾ ਇੰਚਾਰਜ ਸਨੌਰ ਰਣਜੋਧ ਸਿੰਘ ਹਡਾਣਾ ਵੱਲੋਂ ਇਲਾਕੇ ਵਿੱਚ ਵੱਖ-ਵੱਖ ਪਿੰਡਾਂ ਨੂੰ ਜੋੜਨ ਵਾਲੀਆਂ ਮੁੱਖ ਸੜਕਾਂ ਦੇ ਨਵਿਆਉਣ ਪ੍ਰਾਜੈਕਟਾਂ ਦੀ ਰਸਮੀ ਸ਼ੁਰੂਆਤ ਕਰਵਾਈ ਗਈ, ਜਿਨ੍ਹਾਂ 'ਤੇ ਲਗਭਗ 4 ਕਰੋੜ 77 ਲੱਖ ਰੁਪਏ ਦੀ ਲਾਗਤ ਆਉਣੀ ਨਿਸ਼ਚਿਤ ਹੈ। ਦੱਸਣਯੋਗ ਹੈ ਕਿ ਇਹ ਸੜਕਾਂ ਪਟਿਆਲਾ-ਸਨੌਰ ਰੋਡ ਤੋਂ ਚੌਰਾ, ਰਿਸ਼ੀ ਕਲੋਨੀ ਤੋਂ ਸਬਜ਼ੀ ਮੰਡੀ ਸਨੌਰੀ, ਅਕੌਤ ਤੋਂ ਨੈਣਾ ਖੁਰਦ, ਪਟਿਆਲਾ-ਗੁਹਲਾ ਰੋਡ ਪੁਨੀਆ ਤੇਜਾ ਰੋਡ ਵਾਇਆ ਭੱਟੀਆ, ਅਤੇ ਮਜਾਲ ਕਲਾ ਤੋਂ ਮਜਾਲ ਖੁਰਦ ਦੇ ਸੰਪਰਕ ਰੂਟਾਂ 'ਤੇ ਬਣ ਰਹੀਆਂ ਹਨ। ਇਸ ਮੌਕੇ ਹਡਾਣਾ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪੇਂਡੂ ਵਿਕਾਸ ਲਈ ਗੰਭੀਰ ਹੈ ਅਤੇ ਇਹੀ ਕਾਰਨ ਹੈ ਕਿ ਸੜਕਾਂ ਵਰਗੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ 'ਤੇ ਨਿਰੰਤਰ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੜਕਾਂ ਦੀ ਗੁਣਵੱਤਾ 'ਤੇ ਕਿਸੇ ਵੀ ਕਿਸਮ ਦਾ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਕੰਮ ਨਿਰਧਾਰਿਤ ਸਮੇਂ ਵਿੱਚ ਮੁਕੰਮਲ ਕਰਵਾਇਆ ਜਾਵੇਗਾ।ਇਸ ਮੌਕੇ ਸਬੰਧਤ ਸਰਕਾਰੀ ਅਧਿਕਾਰੀਆਂ ਤੋਂ ਇਲਾਵਾ ਬਲਾਕ ਪ੍ਰਧਾਨ ਅਤੇ ਸਰਪੰਚ ਗੁਰਪ੍ਰੀਤ ਸਿੰਘ, ਬਲਾਕ ਪ੍ਰਧਾਨ ਚਰਨਜੀਤ ਸਿੰਘ ਨੈਣਾ, ਬਲਾਕ ਪ੍ਰਧਾਨ ਰਾਜਵਿੰਦਰ ਸਿੰਘ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਸਰਪੰਚ ਤੇ ਹੋਰ ਲੋਕ ਹਾਜਰ ਸਨ।

# ਸ਼ਿਵਾਲਿਕ ਕਿਡਜ਼ ਸਕੂਲ ਵਿਖੇ ਪਹੇਲੀ ਮੁਕਾਬਲਾ

**ਜੈਤੋ (ਸਤੀਸ਼ ਕੁਮਾਰ ਭੀਗੀ)**- ਸ਼ਿਵਾਲਿਕ ਕਿਡਜ਼ ਸਕੂਲ, ਜੈਤੋ ਨੇ ਵਿਦਿਆਰਥੀਆਂ ਦੀ ਬੌਧਿਕ ਯੋਗਤਾਵਾਂ ਦੀ ਪਰਖ ਕਰਨ ਲਈ ਬਹੁਤ ਉਤਸ਼ਾਹ ਨਾਲ ਇੱਕ ਅੰਤਰ-ਹਾਊਸ ਸ਼ਬਦ ਖੋਜ ਪਹੇਲੀ ਮੁਕਾਬਲਾ ਆਯੋਜਿਤ ਕੀਤਾ। ਸਾਰੇ ਹਾਊਸਾਂ ਦੇ ਵਿਦਿਆਰਥੀਆਂ ਨੇ ਇਸ ਮੁਕਾਬਲੇ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮੁਕਾਬਲੇ ਦੌਰਾਨ, ਵਿਦਿਆਰਥੀਆਂ ਨੇ ਆਪਣੀ ਇਕਾਗਰਤਾ, ਤਰਕ, ਸ਼ਬਦਾਵਲੀ ਅਤੇ ਨਿਰੀਖਣ ਹੁਨਰ ਦਾ ਪ੍ਰਦਰਸ਼ਨ ਕਰਦੇ ਹੋਏ ਨਿਰਧਾਰਤ ਸਮੇਂ ਦੇ ਅੰਦਰ ਦਿੱਤੇ ਗਏ ਸ਼ਬਦਾਂ ਨੂੰ ਲੱਭਣ ਦੀ ਕੋਸ਼ਿਸ਼ ਕੀਤੀ। ਛੋਟੇ ਬੱਚਿਆਂ ਨੇ ਵੀ ਮੁਕਾਬਲੇ ਵਿੱਚ ਡੂੰਘੀ ਦਿਲਚਸਪੀ ਦਿਖਾਈ ਅਤੇ ਉਤਸ਼ਾਹ ਨਾਲ ਹਿੱਸਾ ਲਿਆ। ਇੱਕ ਸਖ਼ਤ ਮੁਕਾਬਲੇ ਤੋਂ ਬਾਅਦ, ਸਤਲੁਜ ਹਾਊਸ ਜੇਤੂ ਰਿਹਾ। ਜੇਤੂ ਵਿਦਿਆਰਥੀਆਂ, ਵੈਭਵ, ਰਿਸ਼ਭ, ਰਾਜਵੀਰ ਅਤੇ ਇਰੇਸ਼ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ।



# ਮਾਤਾ ਗੁਜਰੀ ਸਕੂਲ ਦੇ ਸ਼ਾਨਵੀਰ ਸਿੰਘ ਨੇ ਤਾਇਕਵਾਂਡੋ 'ਚ ਜਿੱਤਿਆ ਗੋਲਡ ਮੈਡਲ

**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**- ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ, ਦੇਵੀਗੜ੍ਹ ਦੇ 12ਵੀਂ ਜਮਾਤ (ਆਰਟਸ ਬੀ) ਦੇ ਵਿਦਿਆਰਥੀ ਸ਼ਾਨਵੀਰ ਸਿੰਘ ਨੇ 28ਵੀਂ ਸੀਨੀਅਰ ਪੰਜਾਬ ਸਟੇਟ ਤਾਇਕਵਾਂਡੋ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਗੋਲਡ ਮੈਡਲ ਜਿੱਤ ਕੇ ਸਕੂਲ ਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ।ਇਹ ਮੁਕਾਬਲੇ ਲੁਧਿਆਣਾ ਜ਼ਿਲ੍ਹੇ ਵਿੱਚ ਆਯੋਜਿਤ ਕੀਤੇ ਗਏ ਸਨ, ਜਿਨ੍ਹਾਂ ਵਿੱਚ ਰਾਜ ਪੱਧਰ ਦੇ ਕਈ ਖਿਡਾਰੀਆਂ ਨੇ ਭਾਗ ਲਿਆ।ਸਕੂਲ ਦੇ ਨਿਰਦੇਸ਼ਕ ਸ. ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਸ਼੍ਰੀਮਤੀ ਰਵਿੰਦਰ ਕੌਰ, ਪ੍ਰਿੰਸੀਪਲ ਸ਼੍ਰੀਮਤੀ ਮਮਤਾ ਮੱਕੜ ਅਤੇ ਕੋਚ ਹਰਦੀਪ ਕੁਮਾਰ ਨੇ ਸ਼ਾਨਵੀਰ ਸਿੰਘ ਨੂੰ ਇਸ ਉਪਲਬਧੀ 'ਤੇ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਸਫਲਤਾ ਉਸ ਦੀ ਮਿਹਨਤ, ਅਨੁਸ਼ਾਸਨ ਤੇ ਸਮਰਪਣ ਦਾ ਨਤੀਜਾ ਹੈ।

# 2 ਪਿਸਟਲ ਤੇ 20 ਜਿੰਦਾ ਕਾਰਤੂਸ ਤੇ ਕਾਰ ਸਮੇਤ 2 ਕਾਬੂ

**ਮੋਗਾ (ਇਕਬਾਲ ਸਿੰਘ ਖਹਿਰਾ)**- ਡੀ.ਜੀ.ਪੀ ਪੰਜਾਬ ਵੱਲੋ ਮਾੜੇ ਅਨਸਰਾਂ ਖਿਲਾਫ ਚਲਾਈ ਮੁਹਿੰਮ ਤਹਿਤ ਅਜੈ ਗਾਂਧੀ ਐਸ. ਐਸ.ਪੀ ਮੋਗਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਬਾਲ ਕ੍ਰਿਸ਼ਨ ਸਿੰਗਲਾ ਐਸ.ਪੀ (ਆਈ) ਮੋਗਾ ਅਤੇ ਰਜੇਸ਼ ਠਾਕੁਰ ਉਪ ਕਪਤਾਨ ਪੁਲਸ ਧਰਮਕੋਟ ਦੀ ਨਿਗਰਾਨੀ ਹੇਠ ਐਸ ਆਈ ਜਨਕ ਰਾਜ ਜਗਰਾਓਂ ਮੁੱਖ ਅਫਸਰ ਥਾਣਾ ਕੋਟ ਈਸੇ ਖਾਂ ਅਤੇ ਐਸ ਆਈ ਗੁਰਭੇਜ ਸਿੰਘ ਇੰਚਰਾਜ ਪੁਲਿਸ ਚੌਕੀ ਦੌਲੇਵਾਲਾ ਦੀ ਟੀਮ ਦੇ ਮਨਪ੍ਰੀਤ ਸਿੰਘ ਮੋਗਾ ਨੇ ਸਮੇਤ ਸਾਥੀ ਕਰਮਚਾਰੀਆਂ ਦੇ 2 ਵਿਅਕਤੀਆਂ ਨੂੰ 2 ਪਿਸਟਲ ਸਮੇਤ ਮੈਗਜੀਨ ਅਤੇ 20 ਰੌਂਦ ਜਿੰਦਾ ਅਤੇ ਇੱਕ ਕਾਰ ਸਵਿਫਟ ਸਮੇਤ ਕਾਬੂ ਕਰਕੇ ਵੱਡੀ ਸਫਲਤਾ ਹਾਸਲ ਕੀਤੀ ਹੈ। ਇਨ੍ਹਾਂ ਵਿਅਕਤੀਆਂ ਖਿਲਾਫ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਗ੍ਰਿਫਤਾਰ ਵਿਅਕਤੀਆਂ ਦੀ ਪਛਾਣ ਦਵਿੰਦਰ ਸਿੰਘ ਅਤੇ ਅਜੀਤ ਸਿੰਘ ਉਰਫ ਹੰਸ਼ ਵਜੋਂ ਹੋਈ ਹੈ।

# ਬਨੀ ਖੈਰਾ ਵੱਲੋਂ ਹਸਪਤਾਲ 'ਚ ਡਾਕਟਰਾਂ ਦੀ ਘਾਟ ਲਈ ਹਲਕਾ ਵਿਧਾਇਕ ਨੂੰ ਘੇਰਨ ਦੀ ਤਿਆਰੀ

**ਸ਼ੇਰਪੁਰ (ਰਵੀ ਟਿੱਬਾ)**- ਪੰਜਾਬ ਯੂਥ ਕਾਂਗਰਸ ਦੇ ਸੀਨੀਅਰ ਆਗੂ ਅਤੇ ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਐਲ ਡੀ ਐਮ ਕੋਆਰਡੀਨੇਟਰ ਬਨੀ ਖੈਰਾ ਨੇ ਕਮਿਊਨਿਟੀ ਹੈਲਥ ਸੈਂਟਰ ਸ਼ੇਰਪੁਰ ਵਿੱਚ ਡਾਕਟਰਾਂ ਅਤੇ ਹੋਰ ਸੁੱਖ-ਸੁਵਿਧਾਵਾਂ ਦੀ ਘਾਟ ਨੂੰ ਲੈ ਕੇ ਆਪਣੇ ਤੇਵਰ ਤਿੱਖੇ ਕੀਤੇ ਹਨ। ਉਹਨਾਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜੇ ਆਲੇ- ਦੁਆਲੇ ਹਸਪਤਾਲਾਂ ਦੀ ਗੱਲ ਕਰੀਏ ਤਾਂ ਲੋਕਾਂ ਨੇ ਸੰਘਰਸ਼ਾਂ ਰਾਹੀਂ ਆਮ ਆਦਮੀ ਪਾਰਟੀ ਨੂੰ ਉਹਨਾਂ ਵੱਲੋਂ ਹੀ ਸਿਹਤ ਅਤੇ ਸਿੱਖਿਆ ਸਹੂਲਤਾਂ ਮੁਹਈਆ ਕਰਵਾਉਣ ਦੇ ਕੀਤੇ ਗਏ ਵਾਅਦੇ -ਦਾਅਵੇ ਚੇਤੇ ਕਰਵਾਉਂਦਿਆਂ ਡਾਕਟਰ ਸਹਿਬਾਨਾਂ ਦੀਆਂ ਅਸਾਮੀਆਂ ਪੂਰ ਕਾਰਵਾਈਆਂ ਹਨ । ਬਨੀ ਨੇ ਕਿਹਾ ਕਿ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦਾ ਬਲਾਕ ਸ਼ੇਰਪੁਰ ਵੱਲ ਉੱਕਾ ਹੀ ਧਿਆਨ ਨਹੀਂ। ਉਹ ਜੁਲਾਈ 2023 ਵਿੱਚ ਵਿਧਾਇਕ ਪੰਡੋਰੀ ਵੱਲੋਂ ਫਤਿਹਗੜ੍ਹ ਪੰਜ ਗਰਾਈਆਂ ਵਿੱਚ 29 ਲੱਖ ਅਤੇ ਸ਼ੇਰਪੁਰ ਵਿੱਚ 20 ਲੱਖ ਰੁਪਏ ਦੀ ਰਾਸ਼ੀ ਨਾਲ ਬਣਨ ਵਾਲੀ ਆਧੁਨਿਕ ਲੈਬ ਦੀ ਤਿਆਰ ਇਮਾਰਤ ਸਬੰਧੀ ਵੀ ਜਾਣਕਾਰੀ ਮੰਗਣਗੇ ਅਤੇ ਲੋਕਾਂ ਅੱਗੇ ਰੱਖਣਗੇ। ਜਿਸ ਲਈ ਉਹ ਇਸ ਮੁੱਦੇ ਤੇ ਸਮੂਹ ਭਰਾਤਰੀ ਜਥੇਬੰਦੀਆਂ , ਸਮਾਜ ਸੇਵੀ ਕਲੱਬਾਂ, ਸਮਾਜ ਸੇਵੀ ਲੋਕਾਂ ਅਤੇ ਰਾਜਨੀਤਿਕ ਪਾਰਟੀਆਂ ਨੂੰ ਨਾਲ ਲੈ ਕੇ ਪਾਰਟੀਬਾਜ਼ੀ ਤੋਂ ਉੱਪਰ ਉੱਠ ਵੱਡਾ ਸੰਘਰਸ਼ ਉਲੀਕਣ ਜਾ ਰਹੇ ਹਨ ਜਿਸ ਦੀ ਜ਼ਿੰਮੇਵਾਰੀ ਮੌਜੂਦਾ ਹਲਕਾ ਵਿਧਾਇਕ ਸਿਹਤ ਵਿਭਾਗ ਅਤੇ ਸੂਬਾ ਸਰਕਾਰ ਦੀ ਹੋਵੇਗੀ।




5 Nov Page 6.qxd 11/4/2025 9:54 PM Page 1



## ਸਟੇਟ ਕਰਮਚਾਰੀ ਦਲ 'ਚ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮ ਹੋਏ ਸ਼ਾਮਲ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਸਟੇਟ ਕਰਮਚਾਰੀ ਦਲ 'ਚ ਵੱਖ-ਵੱਖ ਵਿਭਾਗਾਂ, ਜਿਨ੍ਹਾਂ ਵਿਚ ਜ਼ਿਲ੍ਹਾ ਪ੍ਰੀਸ਼ਦ, ਪੰਚਾਇਤੀ ਰਾਜ ਤੇ ਜੰਗਲਾਤ ਵਿਭਾਗ ਦੇ ਦਫ਼ਤਰੀ ਤੇ ਫੀਲਡ ਮੁਲਾਜ਼ਮ ਬਲਬੀਰ ਸਿੰਘ ਗੋਖੀਵਾਲਾ ਤੇ ਦਲਜੀਤ ਸਿੰਘ ਯਾਰੇਸ਼ਾਹਵਾਲਾ ਦੀ ਅਗਵਾਈ ਹੇਠ ਵੱਖ-ਵੱਖ ਜਥੇਬੰਦੀਆਂ ਨੂੰ ਅਲਵਿਦਾ ਕਹਿ ਕੇ ਸਟੇਟ ਕਰਮਚਾਰੀ ਦਲ 'ਚ ਸ਼ਾਮਲ ਹੋਏ।ਮੀਟਿੰਗ ਸਟੇਟ ਕਰਮਚਾਰੀ ਦਲ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਤਰਸੇਮ ਬੇਦੀ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ।ਮੀਟਿੰਗ 'ਚ ਸਟੇਟ ਸੀਨੀਅਰ ਮੀਤ ਪ੍ਰਧਾਨ ਬਲਬੀਰ ਸਿੰਘ ਕੰਬੋਜ ਉਚੇਚੇ ਤੌਰ 'ਤੇ ਸ਼ਾਮਲ ਹੋਏ, ਜਿਨ੍ਹਾਂ ਨੇ ਸਟੇਟ ਕਰਮਚਾਰੀ ਦਲ ਵਿਚ ਸ਼ਾਮਲ ਹੋਏ ਸਾਥੀਆਂ ਦਾ ਧੰਨਵਾਦ ਕੀਤਾ ਤੇ ਨਵੇਂ ਸ਼ਾਮਲ ਹੋਏ ਸਾਥੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਸਟੇਟ ਕਰਮਚਾਰੀ ਦਲ ਜਥੇਬੰਦੀ ਹੈ, ਜੋ ਰਣੀ ਸਿੰਘ ਟੌਹੜਾਂ ਦੀ ਅਗਵਾਈ ਹੇਠ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਲੈ ਕੇ ਸਰਕਾਰ ਨਾਲ ਲੜ ਰਹੀ।

## ਸ਼ਿਆਮ ਬਾਬਾ ਦਾ ਜਨਮ ਉਤਸਵ ਸ਼ਰਧਾ ਨਾਲ ਮਨਾਇਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**- ਸ੍ਰੀ ਬਾਲਾ ਖਾਟੂ ਸ਼ਿਆਮ ਮੰਦਰ ਵਿਖੇ ਸ਼ਿਆਮ ਬਾਬਾ ਦਾ ਜਨਮ ਉਤਸਵ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ। ਸ੍ਰੀ ਬਾਲਾ ਮੰਦਰ ਦੇ ਮੈਂਬਰ ਗੌਰਵ ਜਨਾਲੀਆ ਨੇ ਦੱਸਿਆ ਕਿ ਸ਼ਿਆਮ ਬਾਬਾ ਦਾ ਸ਼ਿੰਗਾਰ ਕਲਕੱਤਾ ਦੇ ਫੁੱਲਾਂ ਨਾਲ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਸ਼ਿਆਮ ਬਾਬਾ ਦੇ ਸ਼ਿੰਗਾਰ ਦੇ ਨਾਲ-ਨਾਲ ਭੈਰੋ ਬਾਬਾ ਦਾ ਸ਼ਿੰਗਾਰ ਤੇ ਮੰਦਰ ਦੀ ਸਜਾਵਟ ਵੀ ਦੇਖਣਯੋਗ ਸੀ।ਸ਼ਿਆਮ ਬਾਬਾ ਦੇ ਸ਼ਿੰਗਾਰ ਦੀ ਸੇਵਾ ਕਿਸੇ ਸ਼ਰਧਾਲੂ ਵੱਲੋਂ ਗੁਪਤ ਰੂਪ 'ਚ ਕੀਤੀ ਗਈ ਅਤੇ ਭੈਰੋ ਬਾਬਾ ਦੇ ਸ਼ਿੰਗਾਰ ਦੀ ਸੇਵਾ ਅੰਕਿਤ ਬਾਂਸਲ (ਬਿੱਟੂ) ਵੱਲੋਂ ਕੀਤੀ ਗਈ। ਭਗਤਾਂ ਲਈ ਮੰਦਰ ਦੇ ਕਪਾਟ ਸਾਰਾ ਦਿਨ ਖੁੱਲ੍ਹੇ ਰਹੇ ਅਤੇ ਸਾਰਾ ਦਿਨ ਸ਼ਿਆਮ ਬਾਬਾ ਦੇ ਦਰਸ਼ਨਾਂ ਲਈ ਸ਼ਰਧਾਲੂ ਆਉਂਦੇ ਰਹੇ।ਭਗਵਾਨ ਸ਼ਿਵ ਜੀ ਦਾ ਸ਼ਿੰਗਾਰ ਦੇਖ ਕੇ ਸ਼ਰਧਾਲੂ ਕਾਫੀ ਆਕਰਸ਼ਤ ਹੋਏ।ਪੂਜਾ ਤੇ ਜੋਤੀ ਪ੍ਰਚੰਡ ਦੀ ਰਸਮ ਰਵੀ ਗਰਗ ਧਰਮਗੜ੍ਹ ਵਾਲਿਆਂ ਨੇ ਪਰਵਾਰ ਸਮੇਤ ਅਦਾ ਕੀਤੀ।ਝੰਡਾ ਲਹਿਰਾਉਣ ਦੀ ਰਸਮ ਮਨੂਜ ਸਚਦੇਵਾ ਦਿੱਲੀ ਵਾਲਿਆਂ ਨਿਭਾਈ ਗਈ।ਪੰਚ ਮੇਵੇ ਦੀ ਸੇਵਾ ਵਿੱਕੀ ਸਿਗਲਾ ਛਾਜਲੀ ਵਾਲਿਆਂ ਨੇ ਪਰਵਾਰ ਸਮੇਤ ਕੀਤੀ।ਛੱਪਨ ਭੋਗ ਦੀ ਸੇਵਾ ਸੰਜੀਵ ਕੁਮਾਰ ਕੰਟਰੈਕਟਰ ਵੱਲੋਂ ਕੀਤੀ ਗਈ।ਭਜਨ ਗਾਇਕ ਜਤਿਨ ਛਾਵੜਾ ਤੇ ਮੁਨੀਸ਼ ਅਰੋੜਾ ਸੁਨਾਮ ਨੇ ਸ਼ਿਆਮ ਬਾਬਾ ਦੇ ਭਜਨ ਸੁਣਾ ਕੇ ਭਗਤਾਂ ਨੂੰ ਨਿਹਾਲ ਕੀਤਾ ਤੇ ਨੱਚਣ ਲਈ ਮਜਬੂਰ ਕਰ ਦਿੱਤਾ।ਸ੍ਰੀ ਬਾਲਾ ਜੀ ਟਰੱਸਟ ਵੱਲੋਂ ਆਉਣ ਵਾਲੇ ਸ਼ਰਧਾਲੂਆਂ ਲਈ ਸਵੇਰ ਤੋਂ ਹੀ ਭੰਡਾਰੇ ਦਾ ਪ੍ਰਬੰਧ ਕੀਤਾ ਗਿਆ, ਜਿਸ ਵਿੱਚ ਆਲੂ, ਪੂਰੀ, ਟੌਫੀ, ਕੜਾਹ ਪ੍ਰਸ਼ਾਦ, ਦਾਲ ਮੱਖਣੀ, ਰੋਟੀ, ਲੱਡੂ, ਕੇਕ ਆਦਿ ਦਾ ਭੋਗ ਵੰਡਿਆ ਗਿਆ।ਜਨਾਲੀਆ ਵੱਲੋਂ ਸਾਰੇ ਸ਼ਹਿਰ ਨਿਵਾਸੀਆਂ ਨੂੰ ਬਾਬਾ ਦੇ ਜਨਮ ਉਤਸਵ ਦੀ ਵਧਾਈ ਦਿੱਤੀ ਗਈ।

## ਸਟਰੀਮ ਲਾਈਨ ਵੈੱਲਫੇਅਰ ਸੋਸਾਇਟੀ ਵੱਲੋਂ ਮੀਟਿੰਗ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਸਮਾਜ ਸੇਵੀ ਸੰਸਥਾ ਸਟਰੀਮ ਲਾਈਨ ਵੈੱਲਫੇਅਰ ਸੁਸਾਇਟੀ ਦੀ ਮੀਟਿੰਗ ਦੀਵਾਨ ਚੰਦ ਸਖੀਜਾ ਚੇਅਰਮੈਨ ਦੀ ਪ੍ਰਧਾਨਗੀ ਹੇਠ ਬਲਵਿੰਦਰ ਹੋਮ ਨੇੜੇ ਮੱਖੂ ਗੇਟ ਵਿਖੇ ਹੋਈ।ਮੀਟਿੰਗ 'ਚ ਸੁਸਾਇਟੀ ਵੱਲੋਂ ਕੀਤੇ ਪਿਛਲੇ ਕੰਮਾਂ ਦਾ ਰਿਵਿਊ ਕੀਤਾ ਗਿਆ ਅਤੇ ਆਉਣ ਵਾਲੇ ਸਮੇਂ ਵਿੱਚ ਕੀਤੇ ਜਾਣ ਵਾਲੇ ਸਮਾਜ ਸੇਵੀ ਕੰਮਾਂ 'ਤੇ ਵਿਚਾਰ ਵਟਾਂਦਰਾ ਕੀਤਾ।ਮੀਟਿੰਗ 'ਚ ਸੁਸਾਇਟੀ ਮੈਂਬਰਾਂ ਨੇ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਕਿ 14 ਨਵੰਬਰ ਨੂੰ ਪੰਡਤ ਜਵਾਹਰ ਲਾਲ ਨਹਿਰੂ ਦੇ ਜਨਮ ਦਿਨ ਤੇ ਬਾਲ ਦਿਵਸ ਮਨਾਇਆ ਜਾਵੇਗਾ।ਇਸ ਸਮੇਂ ਸਿਹਤ ਵਿਭਾਗ ਦੇ ਸਹਿਯੋਗ ਨਾਲ ਬਾਲ ਦਿਵਸ ਤੇ ਡੇਂਗੂ, ਮਲੇਰੀਆ ਬਿਮਾਰੀਆਂ ਦੇ ਬਚਾ ਲਈ ਚਾਨਣਾ ਵੀ ਪਾਇਆ ਜਾਵੇਗਾ।ਮੀਟਿੰਗ ਵਿਚ ਕਿਸ਼ਨ ਚੰਦ ਜਾਗੋਵਾਲੀਆ ਪ੍ਰਧਾਨ, ਪ੍ਰਵੀਨ ਕੁਮਾਰ ਧਵਨ ਜਨਰਲ ਸਕੱਤਰ, ਦੇਸ਼ ਰਾਜ ਸ਼ਰਮਾ ਮੀਤ ਪ੍ਰਧਾਨ, ਪੁਸ਼ਪ ਲਤਾ ਜਾਇੰਟ ਸਕੱਤਰ, ਡਾਕਟਰ ਰਜਿੰਦਰ ਗਿਰਧਰ, ਅਸ਼ਨਾਸ਼ ਤਲਵਾਰ, ਪ੍ਰੇਮ ਦੁਲਾਰੀ, ਸਰਵ ਹਤੈਸ਼ੀ ਭਾਟੀਆ, ਸਤੀਸ਼ ਕੁਮਾਰ ਵਧਵਾ, ਅਰੁਣ ਕੁਮਾਰ ਅਗਰਵਾਲ, ਅਵਤਾਰ ਸਿੰਘ, ਸਤਪਾਲ ਗੋਇਲ, ਅਮਰਨਾਥ ਗੁਪਤਾ ਅਤੇ ਸ਼ਾਮ ਬਿਹਾਰੀ ਜੈਸਵਾਲ ਹਾਜ਼ਰ ਸਨ।

## ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਜਿੱਤ ਦਾ ਮਨਾਇਆ ਜਸ਼ਨ



**ਮੋਗਾ (ਇਕਬਾਲ ਸਿੰਘ ਖਹਿਰਾ)**- ਗੁਰੂ ਨਾਨਕ ਸਪੋਰਟਸ ਕਲੱਬ ਮੋਗਾ ਨੇ ਭਾਰਤੀ ਮਹਿਲਾ ਕ੍ਰਿਕਟ ਕਪਤਾਨ ਤੇ ਮੋਗਾ ਨਿਵਾਸੀ ਹਰਮਨਪ੍ਰੀਤ ਕੌਰ ਤੇ ਉਸਦੀ ਟੀਮ ਦੀ ਜਿੱਤ ਦਾ ਜਸ਼ਨ ਗੁਰੂ ਨਾਨਕ ਕਾਲਜ ਦੇ ਮੈਦਾਨ ਵਿੱਚ ਮਠਿਆਈਆਂ ਵੰਡ ਕੇ ਤੇ ਨੱਚ ਕੇ ਮਨਾਇਆ।ਇਸ ਮੌਕੇ ਡਾ. ਸ਼ਮਸ਼ੇਰ ਸਿੰਘ ਮੱਟਾ ਜੌਹਲ ਨੇ ਕਿਹਾ ਕਿ ਛੋਟੀ ਉਮਰ ਵਿੱਚ ਸਾਡੇ ਨਾਲ ਖੇਡਣ ਵਾਲੀ ਹਰਮਨ ਅੱਜ ਵਿਸ਼ਵ ਚੈਂਪੀਅਨ ਬਣ ਗਈ।ਡਾ. ਸ਼ਮਸ਼ੇਰ ਸਿੰਘ ਮੱਟਾ ਜੌਹਲ, ਪਵਿੱਤਰ ਸਿੰਘ ਸੇਖੋਂ, ਸਾਬਕਾ ਕੌਂਸਲਰ ਗੋਵਰਧਨ ਪੋਪਲੀ, ਅਮਨ ਅਰੋੜਾ ਲੁਧਿਆਣਾ, ਗੁੱਲੂ ਆਹਲੂਵਾਲੀਆ, ਪ੍ਰਵਾਸੀ ਭਾਰਤੀ ਓਮ ਪ੍ਰਕਾਸ਼ ਕੈਨੇਡਾ, ਸ਼ੇਰ ਸਿੰਘ ਦੇਵਗਨ ਦੁਬਈ, ਗੋਪੀ ਲੋਹਾਰਾ, ਬਿੱਲਾ, ਵਿੱਕੀ ਤੇ ਹੋਰਨਾਂ ਨੇ ਕੈਪਟਨ ਹਰਮਨਪ੍ਰੀਤ ਕੌਰ ਤੇ ਉਸ ਦੇ ਮਾਪਿਆਂ ਨੂੰ ਵਧਾਈ ਦਿੱਤੀ।

## ਜ਼ਿਲ੍ਹਾ ਪ੍ਰਾਇਮਰੀ ਸਕੂਲ ਖੇਡਾਂ ਦੇ ਜੇਤੂ ਖਿਡਾਰੀ ਸਨਮਾਨਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਦੇ ਜੇਤੂ ਖਿਡਾਰੀਆਂ ਨੂੰ ਇਨਾਮ ਵੰਡਣ ਦੀ ਰਸਮ ਸ੍ਰੀ ਯਾਦਵਿੰਦਰ ਸਿੰਘ ਮਾਨ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀ ਸਿੱਖਿਆ ਵੱਲੋਂ ਨਿਭਾਈ ਗਈ।ਖੇਡਾਂ ਦੇ ਜ਼ਿਲ੍ਹਾ ਕਨਵੀਨਰ ਬੀਪੀਈਓ ਜਗਦੀਪ ਸਿੰਘ ਨੇ ਦੱਸਿਆ ਕਿ ਖੇਡਾਂ ਦੇ ਪਹਿਲੇ ਦਿਨ ਮੁੰਡਿਆਂ ਦੇ ਦੂਜੇ ਦਿਨ ਕੁੜੀਆਂ ਤੇ ਤੀਜੇ ਦਿਨ ਐਥਲੈਟਿਕਸ ਦੇ ਮੁਕਾਬਲੇ ਕਰਾਏ ਗਏ।ਕਬੱਡੀ ਨੈਸ਼ਨਲ ਸਟਾਈਲ, ਖੋ-ਖੋ, ਹੈਂਡਬਾਲ, ਫੁੱਟਬਾਲ, ਕੁਸ਼ਤੀ, ਸ਼ਤਰੰਜ ਅਤੇ ਯੋਗਾ ਆਦਿ ਦੇ ਮੁਕਾਬਲੇ ਕਰਾਏ ਗਏ।ਜ਼ਿਲ੍ਹਾ ਮੀਡੀਆ ਕੁਆਰਡੀਨੇਟਰ ਪਰਗਟ ਸਿੰਘ ਜੰਬਰ ਨੇ ਦੱਸਿਆ ਕਿ ਇਨ੍ਹਾਂ ਖੇਡ ਮੁਕਾਬਲਿਆਂ ਨੂੰ ਕਰਵਾਉਣ ਵਿੱਚ ਜ਼ਿਲ੍ਹਾ ਖੇਡ ਅਫ਼ਸਰ ਅਨਿੰਦਰਵੀਰ ਕੌਰ ਬਰਾੜ, ਬੀਪੀਈਓ ਬਲਵਿੰਦਰ ਸਿੰਘ, ਯਸ਼ਪਾਲ ਸਿੰਘ, ਮਨੋਜ ਕੁਮਾਰ, ਗੁਰਪ੍ਰੀਤ ਸਿੰਘ ਸੰਧੂ , ਰਜਿੰਦਰ ਸਿੰਘ, ਹਰਨੇਕ ਸਿੰਘ, ਸੰਜੀਵ ਕੁਮਾਰ, ਅਸ਼ੋਕ ਸ਼ਰਮਾ, ਰਾਜਪਾਲ ਸਿੰਘ, ਧਰਮਿੰਦਰ ਸਿੰਘ, ਮਮਤਾ ਰਾਣੀ, ਪੁਸ਼ਪਾ ਸਚਦੇਵਾ, ਰਾਜਵੀਰ ਕੌਰ, ਹਰਨੇਕ ਸਿੰਘ, ਬਲਜਿੰਦਰ ਸਿੰਘ, ਅਜੀਤਪਾਲ ਸਿੰਘ, ਰਣਜੀਤ ਸਿੰਘ, ਸੁਖਦੇਵ ਸਿੰਘ, ਰਣਜੀਤ ਸਿੰਘ ਭਲਾਈਆਣਾ ਆਦਿ ਨੇ ਬਹੁਤ ਸਹਿਯੋਗ ਦਿੱਤਾ। ਸੋਨੀ ਬਾਬਾ ਸੇਵਾ ਆਸ਼ਰਮ ਦੇ ਪ੍ਰਬੰਧਕ ਗੁਰਪ੍ਰੀਤ ਸਿੰਘ ਸੋਨੀ ਵੱਲੋਂ ਖਿਡਾਰੀਆਂ ਲਈ ਲੰਗਰ ਦਾ ਪ੍ਰਬੰਧ ਕੀਤਾ ਗਿਆ।ਸਟੇਜ ਸਕੱਤਰ ਦੀ ਭੂਮਿਕਾ ਨਵਦੀਪ ਸਿੰਘ ਸੁੱਖੀ ਤੇ ਗੁਰਪ੍ਰੀਤ ਸਿੰਘ ਨੇ ਬਾਖੂਬੀ ਨਿਭਾਈ।ਵਧੀਆ ਕਾਰਗੁਜ਼ਾਰੀ ਵਾਲੇ ਅਧਿਆਪਕਾਂ ਨੂੰ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀ ਸਿੱਖਿਆ ਸ੍ਰੀ ਯਾਦਵਿੰਦਰ ਸਿੰਘ ਮਾਨ ਵੱਲੋਂ ਸਨਮਾਨਤ ਕੀਤਾ ਗਿਆ।

## ਪਰਾਲੀ ਨੂੰ ਖੇਤ 'ਚ ਵਾਹ ਕੇ ਕਣਕ ਦੀ ਬਿਜਾਈ ਕਰਦਾ ਆ ਰਿਹਾ ਕੁਲਦੀਪ ਸਿੰਘ ਤੁੰਗਵਾਲੀ




**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਬਲਾਕ ਭੁੱਚੋ ਮੰਡੀ ਦੇ ਪਿੰਡ ਤੁੰਗਵਾਲੀ ਵਿਖੇ ਪ੍ਰੇਮੀ ਕੁਲਦੀਪ ਸਿੰਘ ਇੰਸਾਂ ਉਰਫ ਮਿੱਠੂ ਸਿੰਘ ਇੰਸਾਂ ਪੁੱਤਰ ਠਾਕਰ ਸਿੰਘ ਇੰਸਾਂ ਪੂਜਨੀਕ ਗੁਰੂ ਸੰਤ ਡਾਕਟਰ ਗੁਰਮੀਤ ਰਾਮ ਰਹੀਮ ਇੰਸਾਂ ਦੀ ਪਾਵਨ ਸਿੱਖਿਆ 'ਤੇ ਚੱਲਦੇ ਹੋਏ ਪਿਛਲੇ 5 ਸਾਲਾਂ ਤੋਂ ਝੋਨੇ ਦੀ ਪਰਾਲੀ ਨੂੰ ਆਪਣੇ ਖੇਤ 'ਚ ਵਾਹ ਕੇ ਕਣਕ ਦੀ ਬਿਜਾਈ ਕਰ ਰਿਹਾ ਹੈ। ਕੁਲਦੀਪ ਸਿੰਘ ਇੰਸਾਂ ਆਪਣੇ ਖੇਤ 'ਚ ਲਗਭਗ 35-36 ਏਕੜ ਜ਼ਮੀਨ 'ਚ ਝੋਨੇ ਦੀ ਬਿਜਾਈ ਕਰ ਰਿਹਾ ਹੈ। ਉਸ ਨੇ ਫ਼ਸਲ ਕੱਟਣ ਉਪਰੰਤ ਕਦੇ ਵੀ ਝੋਨੇ ਦੀ ਪਰਾਲੀ ਨੂੰ ਅੱਗ ਨਹੀਂ ਲਾਈ। ਉਸਨੇ ਦੱਸਿਆ ਕਿ ਪਰਾਲੀ ਨੂੰ ਅੱਗ ਲਾਉਣ ਨਾਲ ਵਾਤਾਵਰਣ ਦਾ ਕਾਫੀ ਨੁਕਸਾਨ ਹੁੰਦਾ ਹੈ ਤੇ ਲੱਖਾਂ ਹੀ ਜੀਵ-ਜੰਤੂ ਅਤੇ ਪੰਛੀ ਮਾਰੇ ਜਾਂਦੇ ਹਨ। ਉਸ ਦਾ ਕਹਿਣਾ ਹੈ ਕਿ ਜਿਹੜੇ ਕਿਸਾਨ ਪਰਾਲੀ ਨੂੰ ਅੱਗ ਲਾ ਕੇ ਫ਼ਸਲ ਬੀਜਦੇ ਹਨ, ਮੇਰਾ ਕਣਕ ਦਾ ਝਾੜ ਉਨ੍ਹਾਂ ਨਾਲੋਂ ਜ਼ਿਆਦਾ ਹੁੰਦਾ ਹੈ। ਕੁਲਦੀਪ ਸਿੰਘ ਇੰਸਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਆਪਣੇ ਖੇਤ 'ਚ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਾਉਣ। ਪਿੰਡ ਦੇ ਸਰਪੰਚ ਜੋਗਿੰਦਰ ਸਿੰਘ ਬਰਾੜ ਠੇਕੇਦਾਰ ਨੇ ਇਸ ਸਬੰਧੀ ਕਿਹਾ ਕਿ ਪ੍ਰੇਮੀ ਕੁਲਦੀਪ ਸਿੰਘ ਇੰਸਾਂ ਆਪਣੇ ਖੇਤ 'ਚ ਝੋਨੇ ਦੀ ਪਰਾਲੀ ਨੂੰ ਆਪਣੀ ਜ਼ਮੀਨ 'ਚ ਦਬਾ ਕੇ ਕਣਕ ਦੀ ਬਿਜਾਈ ਕਰਦਾ ਹੈ, ਇਹ ਬਹੁਤ ਹੀ ਸ਼ਲਾਘਾਯੋਗ ਕਦਮ ਹੈ। ਸਾਨੂੰ ਸਾਰਿਆਂ ਨੂੰ ਹੀ ਇਸ ਤਰਾਂ ਕਰਨਾ ਚਾਹੀਦਾ ਹੈ ਤਾਂ ਜੁ ਵਾਤਾਵਰਣ ਨੂੰ ਬਚਾਇਆ ਜਾ ਸਕੇ।

# ਇਨਲਿਸਟਮੈਂਟ/ਆਊਟਸੋਰਸ ਮੁਲਾਜ਼ਮਾਂ ਵੱਲੋਂ ਤਰਨ ਤਾਰਨ 'ਚ 9 ਨੂੰ ਝੰਡਾ ਮਾਰਚ ਦਾ ਐਲਾਨ

**ਜਲਾਲਾਬਾਦ (ਜੀਤ ਕੁਮਾਰ)**

ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ ਤੇ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ ਨੇ ਕਿਹਾ ਕਿ ਜਿੱਥੇ ਇਕ ਪਾਸੇ ਪੇਂਡੂ ਜਲ ਸਪਲਾਈ ਸਕੀਮਾਂ ਤੇ ਫੀਲਡ ਤੇ ਦਫਤਰਾਂ 'ਚ ਪਿਛਲੇ 15-20 ਸਾਲਾਂ ਤੋਂ



ਇਕ ਵਰਕਰ ਦੇ ਰੂਪ 'ਚ ਰੈਗੂਲਰ ਮੁਲਾਜ਼ਮਾਂ ਵਾਂਗ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਮੁਲਾਜ਼ਮਾਂ ਨੂੰ ਸਿੱਧਾ ਵਿਭਾਗ 'ਚ ਸ਼ਾਮਲ ਕਰਕੇ ਪੱਕਾ ਰੁਜ਼ਗਾਰ ਕਰਨ ਲਈ ਪੰਜਾਬ ਸਰਕਾਰ ਤੇ ਵਿਭਾਗੀ ਮੈਨੇਜਮੈਂਟ ਵੱਲੋਂ ਅਣਦੇਖੀ ਕੀਤੀ ਜਾ ਰਹੀ ਹੈ, ਉਥੇ ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਤੇ ਨਿੱਜੀਕਰਨ/ਪੰਚਾਇਤੀਕਰਨ ਕਰਨ ਦੀਆਂ ਨੀਤੀਆਂ ਲਾਗੂ ਕਰਕੇ ਵਰਕਰਾਂ ਦੇ ਕੱਚੇ ਪਿੱਲੇ ਰੁਜ਼ਗਾਰ ਨੂੰ ਖੋਹ ਕੇ ਬੇਰੁਜ਼ਗਾਰ ਕਰਨ ਦੀਆਂ ਨਾਕਾਮ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਕੈਬਨਿਟ ਸਬ-ਕਮੇਟੀ ਦੇ ਆਦੇਸ਼ਾਂ ਤਹਿਤ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗੀ ਅਧਿਕਾਰੀਆਂ ਦੀ ਕਮੇਟੀ ਵੱਲੋਂ ਹੁਣ ਜੋ ਇਨਲਿਸਟਮੈਂਟ/ਆਊਟਸੋਰਸ ਵਰਕਰਾਂ ਸਬੰਧੀ ਪਾਲਸੀ ਲਿਆਂਦੀ ਗਈ ਹੈ, ਉਹ ਵਰਕਰਾਂ ਦੇ ਹਿੱਤ ਵਿੱਚ ਨਹੀਂ ਹੈ, ਇਸ ਲਈ ਸਾਡੀ ਜਥੇਬੰਦੀ ਇਸ ਵਰਕਰ ਵਿਰੋਧੀ ਹੋਣ ਦਾ ਹਵਾਲਾ ਦਿੰਦੇ ਹੋਏ ਇਸ ਪਾਲਿਸੀ ਨੂੰ ਮੁੱਢੋਂ ਰੱਦ ਕਰਦੀ ਹੈ ਤੇ ਕਿਸੇ ਵੀ ਕੀਮਤ 'ਤੇ ਲਾਗੂ ਨਹੀਂ ਹੋਣ ਦੇਵੇਗੀ ਅਤੇ ਜਥੇਬੰਦੀ ਦੀ ਮੰਗ ਅਨੁਸਾਰ ਹੀ ਵਰਕਰਾਂ ਦਾ ਪੱਕਾ ਰੁਜ਼ਗਾਰ ਕਰਨ ਵਾਲੀ ਤਜਵੀਜ ਲਿਆਉਣ ਤੇ ਜੋ ਪਾਲਸੀ 'ਚ ਵਿਭਾਗੀ ਅਧਿਕਾਰੀਆਂ ਵੱਲੋਂ ਬਣਾਈ ਗਈ ਹੈ, ਉਸ ਵਿੱਚ ਸੋਧਾਂ ਕੀਤੀਆਂ ਜਾਣ। ਨਹੀਂ ਤਾਂ ਜੱਥੇਬੰਦੀ ਮਜਬੂਰਨ ਤਿੱਖੇ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ।

ਉਨ੍ਹਾਂ ਕਿਹਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ 'ਚ ਇਕ ਵਰਕਰ ਦੇ ਰੂਪ ਵਿਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਅਧਾਰਤ ਮੁਲਾਜ਼ਮਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਜਿਵੇਂ ਕਿ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਅਧਾਰਿਤ ਮੁਲਾਜਮਾਂ ਨੂੰ ਤਜਰਬੇ ਦੇ ਅਧਾਰ ਤੇ ਸਬੰਧਤ ਵਿਭਾਗ 'ਚ ਮਰਜ਼ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨਾ ਤੇ ਜਦੋਂ ਤੱਕ ਪੱਕੇ ਰੁਜਗਾਰ ਦਾ ਪ੍ਰਬੰਧ ਕਰਨ ਵਾਲੀ ਮੰਗ ਦਾ ਹੱਲ ਨਹੀਂ ਕੀਤਾ ਜਾਂਦਾ, ਉਸ ਸਮੇਂ ਤੱਕ ਲੇਬਰ ਐਕਟ 1948 ਤੇ 2019 ਵਿਚ 15ਵੀਂ ਲੇਬਰ ਕਮਿਸ਼ਨਰ ਦੀਆਂ ਸਿਫਾਰਸ਼ਾਂ ਅਨੁਸਾਰ ਘੱਟੋ-ਘੱਟ ਉਜਰਤ 34244 ਰੁਪਏ ਜਸਸ ਵਿਭਾਗ 'ਚ ਫੀਲਡ ਤੇ ਦਫਤਰਾਂ ਵਿੱਚ ਕੰਮ ਕਰਦੇ ਇਨਲਿਸਟਮੈਂਟ/ਆਊਟਸੋਰਸ ਵਰਕਰਾਂ ਤੇ ਲਾਗੂ ਕਰਨਾ। ਵਰਕਰਾਂ ਨੂੰ ਈ.ਪੀ.ਐਫ., ਈ.ਐਸ.ਆਈ. ਸਹੂਲਤਾਂ ਦੇਣਾ। ਕਿਰਤ ਕਾਨੂੰਨ, ਬੋਨਸ ਦਾ ਭੁਗਤਾਨ ਐਕਟ, 1965 ਮੁਤਾਬਿਕ ਆਊਟਸੋਰਸ ਵਰਕਰਾਂ ਨੂੰ 8.33 ਪ੍ਰਤੀਸ਼ਤ ਬੋਨਸ ਤਨਖਾਹ ਦੇ ਨਾਲ ਦੇਣਾ। ਇਨਲਿਸਟਮੈਂਟ ਤੇ ਆਊਟਸੋਰਸ ਵਰਕਰ, ਜੋ ਠੇਕਾ ਪ੍ਰਣਾਲੀ ਦਾ ਸੰਤਾਪ ਭੋਗਦੇ ਹੋਏ 58 ਸਾਲ ਉਮਰ ਹੋ ਗਈ ਹੈ, ਉਨ੍ਹਾਂ ਵੱਲੋਂ ਲਗਾਤਾਰ ਦਿੱਤੀਆਂ ਗਈਆਂ ਸੇਵਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਇਨ੍ਹਾਂ ਠੇਕਾ ਮੁਲਾਜ਼ਮਾਂ ਦੇ ਵਾਰਸਾਂ ਨੂੰ ਵੀ ਨੌਕਰੀ ਦੇਣਾ। ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਸਰਕਾਰ ਦੇ ਅਧੀਨ ਚੱਲ ਰਹੀਆਂ ਪੇਂਡੂ ਜਲ ਸਪਲਾਈ ਸਕੀਮਾਂ (ਜਲ ਘਰ) ਦਾ ਜਬਰੀ ਪੰਚਾਇਤੀਕਰਨ/ਪੰਚਾਇਤੀਕਰਨ, ਸਕਾਡਾ ਪ੍ਰਣਾਲੀ ਲਗਾਉਣ ਦੀਆਂ ਨੀਤੀਆਂ ਨੂੰ ਤੁਰੰਤ ਵਾਪਸ ਲੈਣਾ। ਪੰਚਾਇਤਾਂ ਨੂੰ ਹੈਂਡਓਵਰ ਕੀਤੀਆਂ ਜਲ ਸਪਲਾਈ ਸਕੀਮਾਂ ਮੁੜ ਵਿਭਾਗ ਅਧੀਨ ਕਰਨਾ ਆਦਿ ਹੱਕੀ ਤੇ ਜਾਇਜ਼ ਮੰਗਾਂ ਹਨ। ਆਗੂਆਂ ਕਿਹਾ ਕਿ ਵੱਖ-ਵੱਖ ਸਰਕਾਰੀ ਵਿਭਾਗਾਂ 'ਚ ਸਾਲਾਂਬੱਧੀ ਅਰਸੇ ਤੋਂ ਸੇਵਾਵਾਂ ਦੇ ਰਹੇ ਆਊਟਸੋਰਸ, ਇਨਲਿਸਟਮੈਂਟ ਸਮੇਤ ਹਰ ਤਰ੍ਹਾਂ ਦੇ ਠੇਕਾ ਮੁਲਾਜ਼ਮਾਂ ਨੂੰ ਸਬੰਧਤ ਵਿਭਾਗਾਂ ਵਿੱਚ ਲਿਆ ਕੇ ਪੱਕਾ ਕਰਨ ਦੇ ਨਾਲ ਪੱਤਰ ਵਿੱਚ ਦਰਜ ਤਮਾਮ ਮੰਗਾਂ ਦਾ ਹੱਲ ਕਰਨ ਦੀ ਮੰਗ ਲਈ ਠੇਕਾ ਮੁਲਾਜਮ ਸੰਘਰਸ਼ ਮੋਰਚਾ ਪੰਜਾਬ ਦੇ ਬੈਨਰ ਹੇਠ ਠੇਕਾ ਮੁਲਾਜ਼ਮ, ਜ਼ਿਮਨੀ ਚੋਣ ਦੇ ਦੌਰਾਨ ਵਿਧਾਨ ਸਭਾ ਹਲਕਾ ਤਰਨਤਾਰਨ 'ਚ 9 ਨਵੰਬਰ ਨੂੰ ਝੰਡਾ ਮਾਰਚ ਕਰਨ ਦਾ ਐਲਾਨ ਕੀਤਾ ਗਿਆ ਹੈ, ਜਿਸ 'ਚ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਸੂਬਾ ਕਮੇਟੀ ਦੀ ਅਗੁਵਾਈ ਹੇਠ ਪੰਜਾਬ ਭਰ ਤੋਂ ਜਲ ਸਪਲਾਈ ਵਰਕਰ ਸ਼ਾਮਲ ਹੋਣਗੇ, ਜਿਸ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।

# ਪੰਜਾਬ 'ਵਰਸਿਟੀ ਦੇ ਮੁੱਦੇ 'ਤੇ ਪੰਜਾਬੀ ਸਾਹਿਤ ਅਕਾਦਮੀ ਵੀ ਰੋਹ 'ਚ

**ਲੁਧਿਆਣਾ (ਰੈਕਟਰ ਕਥੂਰੀਆ)**-ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਵੱਲੋਂ ਪੰਜਾਬ ਯੂਨੀਵਰਗਸਿਟੀ ਦੀ ਸੈਨੇਟ ਤੇ ਸਿੰਡੀਕੇਟ ਭੰਗ ਕਰਨ ਦਾ ਗੰਭੀਰ ਨੋਟਿਸ ਲੈਂਦਿਆਂ ਕੇਂਦਰ ਸਰਕਾਰ ਤੋਂ ਇਹ ਫ਼ੈਸਲਾ ਵਾਪਸ ਲੈਣ ਦੀ ਮੰਗ ਕੀਤੀ। ਪੰਜਾਬੀ ਸਾਹਿਤ ਅਕਾਡਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਕੇਂਦਰ ਸਰਕਾਰ ਦੇ ਉਪਰੋਕਤ ਫ਼ੈਸਲੇ ਦੀ ਨਿੰਦਾ ਕਰਦਿਆਂ ਕਿਹਾ ਕਿ ਕੇਂਦਰ ਦੀ ਹਰੇਕ ਸਰਕਾਰ ਨੇ ਪੰਜਾਬ ਨਾਲ ਕਈ ਪੱਖਾਂ ਤੋਂ ਧੱਕਾ ਕੀਤਾ ਹੈ।



ਲਗਪਗ ਛੇ ਦਹਾਕਿਆਂ ਬਾਅਦ ਵੀ ਪੰਜਾਬ ਲਈ ਬਣਾਈ ਗਈ ਰਾਜਧਾਨੀ ਚੰਡੀਗੜ੍ਹ ਅੱਜ ਤੱਕ ਪੰਜਾਬ ਦੇ ਹਵਾਲੇ ਨਹੀਂ ਕੀਤੀ ਗਈ।ਮੌਜੂਦਾ ਕੇਂਦਰ ਸਰਕਾਰ ਨੇ ਪੰਜਾਬ ਦੀ ਰਾਜਧਾਨੀ ਪੰਜਾਬੀਆਂ ਤੋਂ ਖੋਹਣ ਦੀ ਤਿਆਰੀ ਕਰ ਲਈ ਹੈ।ਚੰਡੀਗੜ੍ਹ ਵਿਚ ਪੰਜਾਬੀ ਭਾਸ਼ਾ ਦਾ ਪਹਿਲਾਂ ਹੀ ਭੋਗ ਪਾਇਆ ਜਾ ਚੁੱਕਾ ਹੈ, ਚੰਡੀਗੜ੍ਹ ਦੇ ਮੁਲਾਜ਼ਮਾਂ ਨੂੰ ਕੇਂਦਰੀ ਮੁਲਾਜ਼ਮਾਂ ਦੇ ਸਕੇਲ 'ਚ ਸ਼ਾਮਲ ਕੀਤਾ ਗਿਆ।

ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਨੇ ਪੰਜਾਬ ਯੂਨੀਵਰਸਿਟੀ ਦੀ ਸੈਨੇਟ ਤੇ ਸਿੰਡੀਕੇਟ ਭੰਗ ਕਰਨ 'ਤੇ ਕੇਂਦਰ ਸਰਕਾਰ ਦੇ ਫ਼ੈਸਲੇ ਦਾ ਵਿਰੋਧ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਨੇ ਚੰਡੀਗੜ੍ਹ ਵਿਚ ਪੰਜਾਬ ਅਤੇ ਹਰਿਆਣਾ ਦੇ ਅਫ਼ਸਰਾਂ ਦੀ 60/40 ਦੀ ਰੇਸ਼ੋ ਨੂੰ ਖਤਮ ਕਰਨ ਤੋਂ ਇਲਾਵਾ ਚੰਡੀਗੜ੍ਹ ਵਿਚ ਵੱਖਰਾ ਮੁੱਖ ਸਕੱਤਰ ਨਿਯੁਕਤ ਕੀਤਾ ਗਿਆ ਤੇ ਹੁਣ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਨੂੰ ਕੇਂਦਰ ਸਰਕਾਰ ਵਲੋਂ ਆਪਣੇ ਕਬਜ਼ੇ 'ਚ ਲੈਣ ਦਾ ਹੱਲਾ ਬੋਲ ਦਿੱਤਾ ਹੈ।ਮੌਜੂਦਾ ਕੇਂਦਰ ਸਰਕਾਰ ਦਾ ਇਹ ਕਦਮ ਸੰਵਿਧਾਨ ਦੇ ਸੰਘੀ ਢਾਂਚੇ ਦੀ ਵੀ ਘੋਰ ਉਲੰਘਣਾ ਵਾਲਾ ਹੈ।

ਪੰਜਾਬੀ ਸਾਹਿਤ ਅਕਾਡਮੀ ਵੱਲੋਂ ਵਿਦਿਆਰਥੀ ਕੌਂਸਲ ਵੱਲੋਂ ਦਿੱਤੇ ਜਾ ਰਹੇ ਧਰਨੇ ਦੀ ਹਮਾਇਤ ਕਰਦਿਆਂ ਕਿਹਾ ਕਿ ਇਸ ਧੱਕੇਸ਼ਾਹੀ ਨੂੰ ਪੰਜਾਬੀ ਚੁੱਪਚਾਪ ਬਰਦਾਸ਼ਤ ਨਹੀਂ ਕਰਨਗੇ ਤੇ ਹਰ ਪੱਧਰ 'ਤੇ ਇਸ ਦਾ ਵਿਰੋਧ ਕੀਤਾ ਜਾਵੇਗਾ।ਪੰਜਾਬੀ ਸਾਹਿਤ ਅਕਾਡਮੀ, ਲੁਧਿਆਣਾ ਦੇ ਅਹੁਦੇਦਾਰ, ਪ੍ਰਬੰਧਕੀ ਬੋਰਡ ਅਤੇ ਸਮੂਹ ਮੈਂਬਰ ਕੇਂਦਰ ਸਰਕਾਰ ਤੋਂ ਪੁਰਜ਼ੋਰ ਮੰਗ ਕਰਦੇ ਹਨ ਕਿ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਸੰਬੰਧੀ ਲਏ ਗਏ ਫ਼ੈਸਲੇ ਨੂੰ ਤੁਰੰਤ ਵਾਪਸ ਲਿਆ ਜਾਵੇ।ਇਹ ਬਿਆਨ ਪੰਜਾਬੀ ਸਾਹਿਤ ਅਕਾਦਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਪੰਧੇਰ ਨੇ ਜਾਰੀ ਕੀਤਾ।

## ਵਿੱਤ ਮੰਤਰੀ ਵੱਲੋਂ ਪੈਨਸ਼ਨਰਜ਼ ਨਾਲ ਰੱਖੀ ਮੀਟਿੰਗ ਇੱਕ ਵਾਰ ਫਿਰ ਰੱਦ ਕਰਨ ਦੀ ਨਿਖੇਧੀ

**ਦੋਰਾਹਾ (ਹਰਮਿੰਦਰ ਸੇਠ)**-ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ ਦੇ ਸ਼ੁਰੂ ਵਿੱਚ ਪੈਨਸ਼ਨਰ ਚਰਨ ਸਿੰਘ ਲੰਡਾ ਦੀ ਅਚਾਨਕ ਹੋਈ ਮੌਤ 'ਤੇ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਸਰਕਾਰ ਵਲੋਂ ਪੈਸ਼ਨਰਜ਼ ਦੀਆਂ ਮੰਨੀਆਂ ਮੰਗਾਂ ਲਾਗੂ ਕਰਾਉਣ ਲਈ ਸਰਕਾਰ ਪ੍ਰਤੀ ਰੋਸ ਵਜੋਂ ਪੈਨਸ਼ਨਰਜ਼ ਵਲੋਂ 17 ਅਕਤੂਬਰ ਨੂੰ ਕੀਤੀ ਜਾ ਰਹੀ ਰੋਸ ਰੈਲੀ ਦੌਰਾਨ ਵਿੱਤ ਮੰਤਰੀ ਦੇ ਨੁੰਮਾਇੰਦੇ ਵੱਲੋਂ ਪੈਨਸ਼ਨਰਜ਼ ਨੂੰ ਵਿੱਤ ਮੰਤਰੀ ਨਾਲ 27 ਨੂੰ ਅਕਤੂਬਰ ਨੂੰ ਮੀਟਿੰਗ ਕਰਨ ਦਾ ਸੱਦਾ ਪੱਤਰ ਦਿੱਤਾ। ਸੱਦਾ ਪੱਤਰ ਪ੍ਰਾਪਤ ਕਰਨ ਤੋਂ ਬਾਅਦ ਵਿੱਚ ਮੁੱਖ ਮੰਤਰੀ ਦੀ ਰਿਹਾਇਸ਼ ਵੱਲ ਕੀਤਾ ਜਾਣ ਵਾਲਾ ਮਾਰਚ ਮੁਲਤਵੀ ਕਰ ਦਿੱਤਾ।27 ਅਕਤੂਬਰ ਨੂੰ ਜਦੋਂ ਪੈਨਸ਼ਨਰਜ਼ ਦੇ ਨੂੰਮਾਇਦੇ ਚੰਡੀਗੜ੍ਹ ਵਿੱਤ ਮੰਤਰੀ ਨਾਲ ਮੀਟਿੰਗ ਕਰਨ ਪੁੱਜੇ ਤਾਂ ਉਥੇ ਬੈਠੇ ਅਧਿਕਾਰੀਂਆਂ ਨੇ ਵਿੱਤ ਮੰਤਰੀ ਨਾਲ ਹੋਣ ਵਾਲੀ ਮੀਟਿੰਗ ਨੂੰ ਇੱਕ ਵਾਰ ਫਿਰ ਰੱਦ ਕਰਨ ਦਾ ਸੱਦਾ ਪੱਤਰ ਦੇ ਦਿੱਤਾ।ਸਰਕਾਰ ਵੱਲੋਂ ਨੀਯਤ ਕੀਤੀਆਂ ਮੀਟਿੰਗਾਂ ਨੂੰ ਹਰਵਾਰ ਰੱਦ ਕਰਨ ਤੇ ਪੈਨਸ਼ਨਰਜ਼ ਨਾਲ ਕੋਝਾ ਕੀਤਾ।ਬਾਅਦ 'ਚ 18 ਨਵੰਬਰ ਨੂੰ ਮੀਟਿਗ ਕਰਨ ਦਾ ਸੱਦਾ ਪੱਤਰ ਦਿਤਾ।ਉੱਚ ਅਦਾਲ਼ਤ ਵਲੋਂ ਪੈਨਨਰਜ਼ ਦੇ ਹੱਕ ਵਿੱਚ ਦਿੱਤੇ ਫੈਸਲਿਆਂ ਨੂੰ ਲਾਗੂ ਕਰਨ ਦੀ ਬਜਾਏ ਸਰਕਾਰ ਵਲੋਂ ਲਾਗੂ ਕਰਨ 'ਚ ਅੜਿੱਕੇ ਢਾਹ ਰਹੀ ਹੈ, ਜਿਨ੍ਹਾਂ ਵਿੱਚ ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਤੇ ਉਨ੍ਹਾਂ ਦੇ ਬਕਾਏ ਅਦਾ ਨਾ ਕਰਨ, 2.59 ਗੁਣਾਂਕ ਨਾਲ ਪੈਨਸ਼ਨ ਦੁਹਰਾਈ ਨਾ ਕਰਨਾ, ਉਨ੍ਹਾਂ ਪੈਨਸ਼ਨਰਜ਼ ਜਿਨ੍ਹਾਂ ਦੇ ਸੇਵਾਮੁਕਤ ਹੋਣ ਤੋਂ ਬਾਅਦ ਅਗਲੇ ਦਿਨ ਸਲਾਨਾ ਤਰਕੀ ਬਣਦੀ ਹੈ, ਨੂੰ ਬਣਦੀ ਸਾਲਾਨਾ ਤਰੱਕੀ ਨਾ ਦੇਣਾ ਸ਼ਾਮਲ ਹੈ।

## 41ਵੀਂ ਜੂਨੀਅਰ ਕਬੱਡੀ ਚੈਂਪੀਅਨਸ਼ਿਪ 'ਤੇ ਰੋਪੜ ਨੇ ਕੀਤਾ ਕਬਜ਼ਾ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਕਬੱਡੀ ਐਸੋਸੀਏਸ਼ਨ ਪੰਜਾਬ ਦੇ ਉਪਰਾਲੇ ਸਦਕਾ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸੰਗਤਪੁਰ ਸੋਢੀਆਂ ਵਿਖੇ ਹੋਈ 41ਵੀਂ ਜੂਨੀਅਰ ਕਬੱਡੀ ਚੈਂਪੀਅਨਸ਼ਿਪ 'ਤੇ ਰੋਪੜ ਦੀਆਂ ਲੜਕੀਆਂ ਨੇ ਕਬਜ਼ਾ ਕੀਤਾ ਹੈ, ਜਦਕਿ ਫ਼ਤਿਹਗੜ੍ਹ ਸਾਹਿਬ ਨੇ ਦੂਜਾ ਸਥਾਨ ਲਿਆ, ਅੰਮ੍ਰਿਤਸਰ ਨੇ ਤੀਜਾ ਤੇ ਫ਼ਰੀਦਕੋਟ ਨੇ ਚੌਥਾ ਸਥਾਨ ਲਿਆ ਹੈ। ਐਡਵੋਕੇਟ ਕੰਵਰਵੀਰ ਸਿੰਘ ਰਾਏ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਜੇਤੂ ਟੀਮਾਂ ਦਾ ਸਨਮਾਨ ਕੀਤਾ।ਐਡਵੋਕੇਟ ਕੰਵਰਵੀਰ ਸਿੰਘ ਰਾਏ ਨੇ ਕਿਹਾ ਕਿ ਖੇਡਾਂ ਮਨੁੱਖੀ ਜੀਵਨ ਦਾ ਅਹਿਮ ਅੰਗ ਹਨ, ਖੇਡਾਂ ਜਿੱਥੇ ਸਰੀਰਕ ਵਿਕਾਸ ਦੇ ਵਿੱਚ ਸਹਾਈ ਸਿੱਧ ਹੁੰਦੀਆਂ ਹਨ, ਉੱਥੇ ਮਾਨਸਿਕ ਤਣਾਓ ਨੂੰ ਵੀ ਘੱਟ ਕਰਦੀਆਂ ਹਨ।ਨੌਜਵਾਨ ਪੀੜ੍ਹੀ ਨੂੰ ਕੁਰਾਹੇ ਪੈਣ ਤੋਂ ਰੋਕਣ ਲਈ ਖੇਡ ਮੈਦਾਨਾਂ ਵੱਲ ਲਿਆਉਣ ਦੀ ਬਹੁਤ ਲੋੜ ਹੈ।ਕਬੱਡੀ ਐਸੋਸੀਏਸ਼ਨ ਪੰਜਾਬ ਵੱਲੋਂ ਕੀਤਾ ਗਿਆ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ। ਇਸ ਵਿਲੱਖਣ ਕਾਰਜ ਦੇ ਲਈ ਗ੍ਰਾਮ ਪੰਚਾਇਤ ਸੰਗਤਪੁਰ ਸੋਢੀਆਂ ਤੇ ਇੱਥੋਂ ਦੀ ਪ੍ਰਬੰਧਕ ਟੀਮ ਵਧਾਈ ਦੀ ਪਾਤਰ ਹੈ।ਅਜਿਹੇ ਖੇਡ ਮੇਲੇ ਸਾਡੀ ਨੌਜਵਾਨ ਪੀੜ੍ਹੀ ਦੇ ਲਈ ਚਾਨਣ ਮੁਨਾਰਾ ਹਨ, ਜੋ ਨੌਜਵਾਨ ਪੀੜ੍ਹੀ ਨੂੰ ਕੁਰਾਹੇ ਪੈਣ ਤੋਂ ਰੋਕਦੇ ਹਨ। ਮਾਪਿਆਂ ਨੂੰ ਅਪੀਲ ਹੈ ਕਿ ਉਹ ਆਪਣੇ ਬੱਚਿਆਂ ਨੂੰ ਮੋਬਾਈਲਾਂ ਦੀ ਰੰਗਲੀ ਦੁਨੀਆਂ ਤੋਂ ਕੱਢ ਕੇ ਖੇਡ ਮੈਦਾਨਾਂ ਵੱਲ ਲੈ ਕੇ ਆਉ, ਤਾਂ ਹੀ ਅਸੀਂ ਆਪਣੇ ਮਕਸਦ ਦੇ ਵਿੱਚ ਕਾਮਯਾਬ ਹੋ ਸਕਦੇ ਹਾਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ' ਮੁਹਿੰਮ ਦੇ ਤਹਿਤ ਜਿੱਥੇ ਇੱਕ ਬੱਚੇ ਤੋਂ ਲੈ ਕੇ ਬਜ਼ੁਰਗ ਤੱਕ ਨੂੰ ਖੇਡ ਮੈਦਾਨ ਵੱਲ ਲਿਆਂਦਾ ਗਿਆ, ਉਥੇ ਹੀ ਪਿੰਡਾਂ ਦੇ ਨੌਜਵਾਨਾਂ ਨੂੰ ਖੇਡਾਂ ਦੇ ਨਾਲ ਜੋੜਨ ਦੇ ਲਈ ਨਵੇਂ ਖੇਡ ਮੈਦਾਨ ਉਸਾਰੇ ਜਾ ਰਹੇ ਹਨ।ਸਰਪੰਚ ਗੁਰਜੰਟ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜੇਤੂ ਟੀਮਾਂ ਨੂੰ ਕੱਪਾਂ ਦੇ ਨਾਲ ਸਨਮਾਨਤ ਕੀਤਾ ਗਿਆ ਹੈ ਤੇ ਆਈ ਮਹਿਮਾਨਾਂ ਨੂੰ ਮੋਮੈਂਟੋ ਦੇ ਨਾਲ ਸਨਮਾਨਿਤ ਕੀਤਾ ਗਿਆ।

# ਤਰਕਸ਼ੀਲ ਸੁਸਾਇਟੀ ਨੇ ਕੀਤਾ ਕੰਮਾਂ ਦਾ ਲੇਖਾ-ਜੋਖਾ

■ ਅਗਲੇ ਕੰਮਾਂ ਦੀ ਵਿਉਂਤਬੰਦੀ ਤਹਿ ਕੀਤੀ : ਜ਼ੀਰਖ

**ਲੁਧਿਆਣਾ (ਰੈਕਟਰ ਕਥੂਰੀਆ)**

ਤਰਕਸ਼ੀਲ ਸੁਸਾਇਟੀ ਪੰਜਾਬ (ਜ਼ੋਨ ਲੁਧਿਆਣਾ) ਦੀ ਮੀਟਿੰਗ ਸਥਾਨਕ ਬੱਸ ਅੱਡਾ ਨੇੜੇ ਜ਼ੋਨ ਦਫ਼ਤਰ ਵਿਖੇ ਜ਼ੋਨ ਜਥੇਬੰਦਕ ਮੁਖੀ ਜਸਵੰਤ ਜ਼ੀਰਖ ਦੀ ਪ੍ਰਧਾਨਗੀ ਹੇਠ ਹੋਈ।ਇਸ ਵਿੱਚ ਜ਼ੋਨ ਦੇ ਵਿਭਾਗੀ ਤੇ ਵੱਖ-ਵੱਖ ਇਕਾਈਆਂ ਦੇ ਮੁਖੀਆਂ/ਨੁਮਾਇੰਦਿਆਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਸੂਬਾ ਸਾਹਿਤ ਵੈਨ ਮੁਖੀ ਮੋਹਨ ਬਡਲਾ, ਜ਼ੋਨ ਵਿੱਤ ਮੁਖੀ ਧਰਮਪਾਲ ਸਿੰਘ, ਜ਼ੋਨ ਸੱਭਿਆਚਾਰਕ ਮੁਖੀ ਸਮਸ਼ੇਰ ਨੂਰਪੁਰੀ, ਮਾਨਸਿਕ ਸਿਹਤ ਮੁਖੀ ਕਮਲਜੀਤ ਬੁਜਰਕ, ਸੁਧਾਰ ਇਕਾਈ ਮੁਖੀ ਧਰਮ ਸਿੰਘ ਸੂਜਾਪੁਰ, ਮਲਕੀਤ ਸਿੰਘ, ਮਲੇਰਕੋਟਲਾ ਮੁਖੀ ਪੂਰਨ ਸਿੰਘ, ਲੁਧਿਆਣਾ ਮੁਖੀ ਬਲਵਿੰਦਰ ਸਿੰਘ, ਕੋਹਾੜਾ ਇਕਾਈ ਤੋਂ ਮਾ. ਰਾਜਿੰਦਰ ਜੰਡਿਆਲੀ ਸਮੇਤ ਮਨਜੀਤ ਘਣਗਸ ਤੇ ਪੰਚਮ ਜੰਡਿਆਲੀ ਸ਼ਾਮਲ ਸਨ।ਪਿਛਲੇ ਕੰਮਾਂ ਦਾ ਲੇਖਾ ਜੋਖਾ ਕਰਦਿਆਂ ਸਾਹਮਣੇ ਆਇਆ ਕਿ ਜ਼ੋਨ ਦੀ ਹਰ ਸਰਗਰਮੀ ਜਿਵੇਂ ਹੜ੍ਹ ਪੀੜਤ ਸਹਾਇਤਾ ਇਕੱਠੀ ਕਰਨ, ਪੀਏਯੂ ਕਿਸਾਨ ਮੇਲਾ, ਤਰਕਸ਼ੀਲ ਪਰਖ ਪ੍ਰੀਖਿਆ ਆਦਿ ਨੂੰ ਸਫਲ ਬਣਾਉਣ ਲਈ ਸਾਰੀਆਂ ਇਕਾਈਆਂ ਦੀ ਭੂਮਿਕਾ ਸ਼ਲਾਘਾਯੋਗ ਰਹੀ।ਇਕਾਈ ਮੁਖੀਆਂ ਨੇ ਉਨ੍ਹਾਂ ਕੋਲ ਆਏ ਮਾਨਸਿਕ ਰੋਗਾਂ ਦੇ ਕੇਸਾਂ ਦੀਆਂ ਰਿਪੋਰਟਾਂ ਸਾਂਝੀਆਂ ਕੀਤੀਆਂ ਤੇ ਇਨ੍ਹਾਂ ਦੇ ਹੱਲ ਬਾਰੇ ਚਰਚਾ ਕੀਤੀ।ਨਵੇਂ ਕੰਮਾਂ ਦੀ ਵਿਉਂਤਬੰਦੀ ਕਰਦਿਆਂ ਤਹਿ ਕੀਤਾ ਗਿਆ ਕਿ ਜ਼ੋਨ ਦੀ ਸਾਲਾਨਾ ਇਕੱਤਰਤਾ ਇਸੇ ਮਹੀਨੇ ਕੀਤੀ ਜਾਵੇ, ਜਿਸ ਵਿੱਚ ਇਕਾਈਆਂ ਦੇ ਸਾਰੇ ਵਿਭਾਗ ਮੁਖੀ ਤੇ ਡੈਲੀਗੇਟ ਸ਼ਾਮਲ ਹੋ ਕੇ ਆਪਣੇ ਵਿਭਾਗਾਂ ਦੇ ਕੰਮਾਂ ਦੀ ਰਿਪੋਰਟ ਪੇਸ਼ ਕਰਨਗੇ।ਉਨ੍ਹਾਂ ਕੰਮਾਂ ਦੀਆਂ ਪ੍ਰਾਪਤੀਆਂ ਦੇ ਅਧਾਰ 'ਤੇ ਅਗਲੇ ਕੰਮਾਂ ਦੀ ਰੂਪ ਰੇਖਾ ਬਣਾਈ ਜਾਵੇਗੀ।ਪਿਛਲੇ ਦਿਨੀਂ ਹੋਈ ਸੂਬਾ ਪੱਧਰੀ ਤਰਕਸ਼ੀਲ ਚੇਤਨਾ ਪਰਖ ਪ੍ਰੀਖਿਆ ਵਿੱਚ ਚੰਗੀਆਂ ਪੁਜ਼ੀਸ਼ਨਾਂ 'ਚ ਰਹੇ ਵਿਦਿਆਰਥੀਆਂ ਦੇ ਇਨਾਮ ਵੰਡ ਸਮਾਗਮ ਇਕਾਈਆਂ ਆਪਣੇ ਪੱਧਰ 'ਤੇ ਤਹਿ ਕਰਨਗੀਆਂ।25 ਦਸੰਬਰ ਨੂੰ ਜ਼ੋਨ ਪੱਧਰੀ ਵਰਕਸ਼ਾਪ ਜ਼ੋਨ ਦਫ਼ਤਰ ਵਿੱਚ ਕੀਤੀ ਜਾਵੇਗੀ, ਜਿਸ ਦਾ ਵਿਸ਼ਾ, 'ਲੋਕਾਂ ਵਿੱਚ ਕਿਵੇਂ ਵਿਚਰੀਏ' ਹੋਵੇਗਾ।ਸੂਬਾ ਆਗੂ ਇਸ ਵਰਕਸ਼ਾਪ ਵਿੱਚ ਆਪਣੇ ਤਜਰਬੇ ਸਾਂਝੇ ਕਰਨਗੇ।16 ਨਵੰਬਰ ਨੂੰ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਨ ਮੌਕੇ ਜ਼ੋਨ ਦੇ ਸਭਿਆਚਾਰਕ ਵਿਭਾਗ ਵੱਲੋਂ ਇੱਕ ਨਾਟਕ 'ਛਿਪਣ ਤੋਂ ਪਹਿਲਾਂ' ਖੇਡਿਆ ਜਾਵੇਗਾ।ਇਹ ਸਮਾਗਮ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ (ਲੁਧਿਆਣਾ) ਵਿਖੇ ਸਵੇਰੇ 10.30 ਵਜੇ ਹੋਵੇਗਾ। ਮੈਗਜ਼ੀਨ ਤਰਕਸ਼ੀਲ ਦਾ ਨਵਾਂ ਨਵੰਬਰ-ਦਸੰਬਰ ਅੰਕ ਜਾਰੀ ਕਰਦਿਆਂ ਇਸ ਦੀ ਇਕਾਈਆਂ ਵਿੱਚ ਵੰਡ ਕੀਤੀ ਗਈ।



## ਸਾਬਕਾ ਸੈਨਿਕਾਂ, ਵਿਧਵਾਵਾਂ, ਆਸ਼ਰਿਤਾਂ ਬਾਰੇ ਵਿਸ਼ੇਸ਼ ਕੈਂਪ

**ਮਾਨਸਾ (ਆਤਮਾ ਸਿੰਘ ਪਮਾਰ)**- ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ, ਮਾਨਸਾ ਕਮਾਂਡਰ ਦਿਲਪ੍ਰੀਤ ਸਿੰਘ ਕੰਗ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤੀ ਫੌਜ ਸਬੰਧੀ ਪੈਨਸ਼ਨ ਲੈ ਰਹੇ ਜਿੰਨ੍ਹਾਂ ਸਾਬਕਾ ਸੈਨਿਕਾਂ/ਵਿਧਵਾਵਾਂ/ਆਸ਼ਰਿਤਾਂ ਦੀ ਮਹੀਨਾ ਨਵੰਬਰ 2025 ਦੌਰਾਨ ਜੀਵਤ ਹੋਣ ਸਬੰਧੀ ਆਨਲਾਈਨ ਹਾਜ਼ਰੀ ਲੱਗਣੀ ਹੈ, ਉਨ੍ਹਾਂ ਦੀ ਸਹੂਲਤ ਲਈ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ, ਮਾਨਸਾ (ਡੀ.ਸੀ ਕੰਪਲੈਕਸ, ਮਾਨਸਾ) ਵਿਖੇ 17 ਨਵੰਬਰ ਤੱਕ (ਦਫ਼ਤਰੀ ਕੰਮ ਕਾਜ ਵਾਲੇ ਦਿਨਾਂ ਦੌਰਾਨ) ਇੱਕ ਵਿਸ਼ੇਸ਼ ਪੰਦਰਵਾੜਾ ਕੈਂਪ ਲਗਾਇਆ ਜਾ ਰਿਹਾ ਹੈ।ਇਸ ਕੈਂਪ ਦਾ ਲਾਭ ਉਠਾਉਣ ਲਈ ਪੈਨਸ਼ਨਰ ਸਾਬਕਾ ਸੈਨਿਕ/ਵਿਧਵਾਵਾਂ/ਆਸ਼ਰਿਤ ਆਪਣਾ ਭਾਰਤੀ ਫੌਜ਼ ਦੀ ਪੈਨਸ਼ਨ ਵਾਲਾ ਪੀ.ਪੀ.ਓ, ਆਧਾਰ ਕਾਰਡ, ਪੈਨਸ਼ਨ ਵਾਲੇ ਬੈਂਕ ਖਾਤੇ ਦੀ ਪਾਸਬੁੱਕ, ਸਪਰਸ਼ ਪੋਰਟਲ 'ਤੇ ਰਜਿਸਟਰਡ ਸੰਪਰਕ ਨੰਬਰ ਵਾਲਾ ਮੋਬਾਈਲ ਫੋਨ ਅਤੇ ਹੋਰ ਸਬੰਧਤ ਅਸਲੀ ਦਸਤਾਵੇਜ਼ਾਂ ਸਮੇਤ ਦਫ਼ਤਰ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਵਿਖੇ ਪਹੁੰਚਣ।

# ਮਾਤਾ ਸੁੰਦਰੀ ਗਰਲਜ਼ ਕਾਲਜ ਦੀਆਂ ਖੇਤਰੀ ਯੁਵਕ ਮੇਲੇ 'ਚ ਸ਼ਾਨਦਾਰ ਪ੍ਰਾਪਤੀਆਂ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਮਾਤਾ ਸੁੰਦਰੀ ਗਰਲਜ਼ ਕਾਲਜ ਢੱਡੇ ਦੀਆਂ ਵਿਦਿਆਰਥਣਾਂ ਨੇ ਆਪਣੇ ਕਲਾ ਤੇ ਪ੍ਰਤਿਭਾ ਦੇ ਬੇਮਿਸਾਲ ਪ੍ਰਦਰਸ਼ਨ ਅੰਤਰ ਖੇਤਰੀ ਯੁਵਕ ਮੇਲਾ ਪੰਜਾਬੀ ਯੂਨੀਵਰਸਿਟੀ ਪਟਿਆਲਾ 2025 ਦੌਰਾਨ ਸਭ ਦਾ ਮਨ ਮੋਹ ਲਿਆ।ਕਾਲਜ ਨੇ ਕਈ ਵਿਭਾਗਾਂ ਵਿੱਚ ਪ੍ਰਮੁੱਖ ਸਥਾਨ ਪ੍ਰਾਪਤ ਕਰਦਿਆਂ ਸੰਸਥਾ ਦਾ ਨਾਂਅ ਰੌਸ਼ਨ ਕੀਤਾ।ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਢੱਡੇ ਤੇ ਐਮ.ਡੀ.ਗੁਰਬਿੰਦਰ ਸਿੰਘ ਬੱਲੀ ਨੇ ਕਿਹਾ ਕਿ ਮਾਤਾ ਸੁੰਦਰੀ ਗਰਲਜ਼ ਕਾਲਜ ਢੱਡੇ ਦੀਆਂ ਵਿਦਿਆਰਥਣਾਂ ਨੇ ਅੰਤਰ ਖੇਤਰੀ ਯੁਵਕ ਮੇਲਾ ਪੰਜਾਬੀ ਯੂਨੀਵਰਸਿਟੀ ਪਟਿਆਲਾ 2025 ਵਿੱਚ ਜੋ ਪ੍ਰਦਰਸ਼ਨ ਕੀਤਾ ਹੈ, ਉਹ ਸਾਡੇ ਲਈ ਮਾਣ ਦੀ ਗੱਲ ਹੈ।



ਇਹ ਉਪਲਬਧੀ ਸਾਬਤ ਕਰਦੀ ਹੈ ਕਿ ਸਾਡੀ ਸੰਸਥਾ ਨਾ ਕੇਵਲ ਅਕਾਦਮਿਕ ਖੇਤਰ ਵਿੱਚ ਅੱਗੇ ਹੈ, ਸਗੋਂ ਸੱਭਿਆਚਾਰਕ ਤੇ ਰਚਨਾਤਮਕ ਗਤੀਵਿਧੀਆਂ ਵਿੱਚ ਵੀ ਆਪਣੀ ਪਛਾਣ ਬਣਾਈ ਹੈ।ਅਸੀਂ ਸਾਰੀਆਂ ਵਿਦਿਆਰਥਣਾਂ, ਉਨ੍ਹਾਂ ਦੇ ਮਾਰਗਦਰਸ਼ਕ ਅਧਿਆਪਕਾਂ ਤੇ ਪੂਰੇ ਸਟਾਫ ਨੂੰ ਦਿਲੋਂ ਵਧਾਈ ਦਿੰਦੇ ਹਾਂ।ਸੰਸਥਾ ਦੇ ਡਾਇਰੈਕਟਰ ਐਡਮਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਅੰਤਰ ਖੇਤਰੀ ਯੁਵਕ ਮੇਲਾ ਪੰਜਾਬੀ ਯੂਨੀਵਰਸਿਟੀ ਪਟਿਆਲਾ 2025 'ਚ ਮਾਤਾ ਸੁੰਦਰੀ ਗਰਲਜ਼ ਕਾਲਜ ਢੱਡੇ ਦੀ ਸ਼ਾਨਦਾਰ ਪ੍ਰਦਰਸ਼ਨ ਨੇ ਸਾਬਤ ਕੀਤਾ ਹੈ ਕਿ ਜੇਕਰ ਵਿਦਿਆਰਥਣਾਂ ਨੂੰ ਸਹੀ ਰਹਿਨੁਮਾਈ ਤੇ ਪ੍ਰੇਰਣਾ ਮਿਲੇ, ਤਾਂ ਉਹ ਹਰ ਖੇਤਰ ਵਿੱਚ ਆਪਣੀ ਕਾਬਲੀਅਤ ਦਾ ਲੋਹਾ ਮੰਨਵਾ ਸਕਦੀਆਂ ਹਨ।ਇਹ ਸਫਲਤਾ ਸਾਰੇ ਟੀਚਿੰਗ ਤੇ ਨਾਨ-ਟੀਚਿੰਗ ਸਟਾਫ ਦੀ ਇਕਜੁਟ ਮਿਹਨਤ ਦਾ ਨਤੀਜਾ ਹੈ।ਮੈਂ ਸੰਸਥਾ ਦੇ ਪ੍ਰਿੰਸੀਪਲ, ਯੂਥ ਕੋਆਰਡੀਨੇਟਰ ਤੇ ਸਮੂਹ ਸਟਾਫ ਦਾ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ ਵਿਦਿਆਰਥਣਾਂ ਨੂੰ ਹਰ ਪੱਖੋਂ ਤਿਆਰ ਕੀਤਾ। ਸੰਸਥਾ ਦੇ ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਕਿਹਾ ਕਿ ਮੈਨੂੰ ਬੇਹੱਦ ਮਾਣ ਹੈ ਕਿ ਮਾਤਾ ਸੁੰਦਰੀ ਗਰਲਜ਼ ਕਾਲਜ ਢੱਡੇ ਦੀਆਂ ਵਿਦਿਆਰਥਣਾਂ ਨੇ ਅੰਤਰ ਖੇਤਰੀ ਯੁਵਕ ਮੇਲਾ ਪੰਜਾਬੀ ਯੂਨੀਵਰਸਿਟੀ ਪਟਿਆਲਾ 2025 'ਚ ਆਪਣੀ ਕਾਬਲੀਅਤ, ਆਤਮ-ਵਿਸ਼ਵਾਸ ਅਤੇ ਰਚਨਾਤਮਕਤਾ ਨਾਲ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ।ਇਹ ਸਫਲਤਾ ਸਿਰਫ਼ ਇਨਾਮਾਂ ਦੀ ਨਹੀਂ, ਸਗੋਂ ਸਾਡੇ ਵਿਦਿਆਰਥੀਆਂ ਦੀ ਸਿੱਖਿਆ ਪ੍ਰਤੀ ਸਮਰਪਣ, ਅਨੁਸ਼ਾਸਨ ਤੇ ਟੀਮ ਜਜ਼ਬੇ ਦੀ ਅਸਲ ਤਸਵੀਰ ਹੈ।ਸੰਸਥਾ ਦੇ ਅਸਿਸਟੈਂਟ ਪ੍ਰੋਫੈਸਰ ਅਤੇ ਯੂਥ ਕੋਆਰਡੀਨੇਟਰ ਰਾਜਵਿੰਦਰ ਸਿੰਘ ਨੇ ਖੁਸ਼ੀ ਸਾਂਝੀ ਕਰਦਿਆ ਦੱਸਿਆ ਕਿ ਸੰਸਥਾ ਨੇ ਨਾਟਕ, ਲਘੂ ਫ਼ਿਲਮ, ਸਕਿੱਟ, ਭੰਡ, ਮਹਿੰਦੀ, ਰਵਾਇਤੀ ਪਹਿਰਾਵੇ 'ਚੋਂ ਦੂਜਾ ਸਥਾਨ ਅਤੇ ਮਾਈਮ ਵਿੱਚੋਂ ਤੀਜਾ ਸਥਾਨ ਪ੍ਰਾਪਤ ਕੀਤਾ।ਉਨ੍ਹਾਂ ਕਿਹਾ ਕਿ ਅੰਤਰ ਖੇਤਰੀ ਯੁਵਕ ਮੇਲਾ ਪੰਜਾਬੀ ਯੂਨੀਵਰਸਿਟੀ ਪਟਿਆਲਾ 2025 'ਚ ਮਾਤਾ ਸੁੰਦਰੀ ਗਰਲਜ਼ ਕਾਲਜ ਢੱਡੇ ਦੀਆਂ ਵਿਦਿਆਰਥਣਾਂ ਨੇ ਜੋ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ, ਉਹ ਉਨ੍ਹਾਂ ਦੀ ਮਿਹਨਤ, ਜਜ਼ਬੇ ਤੇ ਕਲਾ ਪ੍ਰਤੀ ਸਮਰਪਣ ਦਾ ਨਤੀਜਾ ਹੈ। ਸੰਸਥਾ ਦੇ ਡਾਇਰੈਕਟਰ ਮੈਡਮ ਸਿੰਬਲਜੀਤ ਕੌਰ, ਖ਼ਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ ਤੇ ਪ੍ਰਿੰਸੀਪਲ ਪੋਲਰ ਸਟਾਫ਼ ਕੰਵਰਦੀਪ ਸਿੰਘ ਗਿੱਲ ਨੇ ਸਮੂਹ ਸਟਾਫ ਤੇ ਵਿਦਿਆਰਥਣਾਂ ਨੂੰ ਵਧਾਈ ਦਿੱਤੀ।

## ਸਰਕਾਰੀ ਸਕੂਲ ਗੋਬਿੰਦਪੁਰਾ ਵਿਖੇ ਸਦਭਾਵਨਾ ਦਿਵਸ ਮਨਾਇਆ




**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪੀ.ਐਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਪੁਰਾ ਵਿਖੇ ਸਕੂਲ ਦੇ ਕੌਮੀ ਸੇਵਾ ਯੋਜਨਾ ਯੂਨਿਟ ਤੇ ਨੈਸ਼ਨਲ ਡੇਅ ਕਿਰਿਆ ਤਹਿਤ ਸਵੇਰ ਦੀ ਸਭਾ ਦੌਰਾਨ ਕੌਮੀ ਸਦਭਾਵਨਾ ਦਿਵਸ ਮਨਾਇਆ ਗਿਆ। ਸਕੂਲ ਦੇ ਸਮੂਹ ਵਿਦਿਆਰਥੀਆਂ ਤੇ ਸਟਾਫ ਨੂੰ ਐਸ.ਐਚ.ਓ. ਥਾਣਾ ਕੈਂਟ ਬਠਿੰਡਾ ਦੇ ਇੰਸਪੈਕਟਰ ਦਲਜੀਤ ਸਿੰਘ ਤੇ ਚੌਂਕੀ ਇੰਚਾਰਜ ਏ.ਐਸ.ਆਈ. ਬਾਬੂ ਲਾਲ ਦੁਆਰਾ ਅੱਜ ਦੇ ਦਿਨ ਦੀ ਮਹੱਤਤਾ ਦੱਸਦੇ ਹੋਏ ਸਰਦਾਰ ਵੱਲਭ ਭਾਈ ਪਟੇਲ ਦੇ ਜੀਵਨ, ਆਦਰਸ਼ ਤੇ ਉਨ੍ਹਾਂ ਦੁਆਰਾ ਦੇਸ਼ ਨੂੰ ਇਕਜੁਟ ਕਰਨ ਸਬੰਧੀ ਸੰਬੋਧਨ ਕੀਤਾ ਗਿਆ। ਵਿਦਿਆਰਥੀਆਂ ਨੂੰ ਸਟੈਚੂ ਆਫ ਯੂਨਿਟੀ ਬਾਰੇ ਦੱਸਿਆ ਗਿਆ ਕਿ ਕਿਸ ਕਾਰਨ ਵੱਲਭ ਭਾਈ ਪਟੇਲ ਨੂੰ ਦੇਸ਼ ਦਾ ਲੋਹ-ਪੁਰਸ਼ ਕਿਹਾ ਜਾਂਦਾ ਹੈ। ਇਸ ਉਪਰੰਤ ਵਿਦਿਆਰਥੀਆਂ ਦੀ ਰਨ ਫਾਰ ਯੂਨਿਟੀ ਥੀਮ ਅਧੀਨ ਲੜਕਿਆਂ ਦੀ ਦੌੜ ਪ੍ਰਤੀਯੋਗਤਾ ਵੀ ਕਰਾਈ ਗਈ ਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਗਿਆ। ਇਸ ਪ੍ਰਕਿਰਿਆ ਦੌਰਾਨ ਪ੍ਰਿੰਸੀਪਲ ਜਸਵੀਰ ਸਿੰਘ ਬੇਗਾ ਤੇ ਪੁਲਸ ਅਫ਼ਸਰਾਂ ਦੁਆਰਾ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਗਏ। ਸਟੇਜ ਦਾ ਸੰਚਾਲਨ ਗੁਰਜੋਤ ਕੌਰ ਐੱਸ.ਐੱਸ.ਅਧਿਆਪਕਾ ਦੁਆਰਾ ਬਾਖੂਬੀ ਨਿਭਾਇਆ ਗਿਆ। ਇਸ ਮੌਕੇ ਗਲੋਰੀ ਲੈਕ. ਹਿਸਾਬ, ਸੁਖਵਿੰਦਰ ਕੌਰ ਲੈਕ. ਪੰਜਾਬੀ, ਵਿਪਨ ਕੁਮਾਰ ਤੇ ਜਗਜੀਤ ਸਿੰਘ ਦੋਵੇਂ ਹਿਸਾਬ ਮਾਸਟਰ, ਜਸਵਿੰਦਰ ਸਿੰਘ ਡੀ.ਪੀ.ਈ, ਸੁਖਜੀਤ ਕੌਰ ਪੀ.ਟੀ.ਆਈ, ਸੰਤੋਸ਼ ਕੁਮਾਰ ਕੰਪਿਊਟਰ ਅਧਿਆਪਕ ਸਮੇਤ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਬੇਗਾ ਵੱਲੋਂ ਆਏ ਹੋਏ ਪੁਲਸ ਅਫ਼ਸਰ ਸਹਿਬਾਨ ਤੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

## ਬਹਾਦਰ ਸਿੰਘ ਸੇਲਬਰਾਹ ਨੇ ਬੱਚਿਆਂ ਨੂੰ ਬੂਟ, ਜੁਰਾਬਾਂ ਵੰਡੀਆਂ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪਿੰਡ ਸੇਲਬਰਾਹ ਵਿਖੇ ਸਰਕਾਰੀ ਪ੍ਰਾਇਮਰੀ ਸਕੂਲ ਸੇਲਬਰਾਹ ਵਿੱਚ ਪਿੰਡ ਦੇ ਜੰਮਪਲ ਰਿਟਾਇਰਡ ਬੈਂਕ ਅਧਿਕਾਰੀ ਬਹਾਦਰ ਸਿੰਘ ਸੇਲਬਰਾਹ ਵੱਲੋਂ ਆਪਣੀ ਜਨਮ ਭੂਮੀ ਨੂੰ ਨਤਮਸਤਕ ਹੁੰਦੇ ਹੋਏ ਬੱਚਿਆਂ ਨੂੰ ਜਰਾਬਾਂ ਤੇ ਬੂਟ ਦਿੱਤੇ ਗਏ।ਸਮਾਗਮ ਦੇ ਮੁੱਖ ਮਹਿਮਾਨ ਇਤਿਹਾਸਕਾਰ ਹਰਭਜਨ ਸਿੰਘ ਸੇਲਬਰਾਹ ਸਨ, ?ਜਿਨ੍ਹਾਂ ਦੀ ਇਤਿਹਾਸ ਵਿੱਚ ਵੱਡੀ ਦੇਣ ਹੈ। ?ਜਿਨ੍ਹਾਂ ਦੀਆਂ ਪਿੰਡ ਅਤੇ ਇਲਾਕੇ ਨਾਲ ਸਬੰਧਤ ਅੱਠ ਪੁਸਤਕਾਂ ਛਪ ਚੁੱਕੀਆਂ ਹਨ।ਉਹ ਪੁਸਤਕਾਂ ਵੀ ਸਕੂਲ ਅਤੇ ਹੋਰ ਹਾਜ਼ਰ ਮੈਂਬਰ ਸਾਹਿਬਾਨ ਵਿੱਚ ਵੰਡੀਆਂ ਗਈਆਂ ਤੇ ਦਸ ਦੇ ਕਰੀਬ ਹੋਰ ਇਤਿਹਾਸਿਕ ਪੁਸਤਕਾਂ ਛਪਣ ਵਾਲੀਆਂ ਹਨ। ?ਉਨ੍ਹਾਂ ਬਹਾਦਰ ਸਿੰਘ ਦੀ ਇਸ ਸੇਵਾ ਬਦਲੇ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਅਸਲ ਵਿੱਚ ਦਾਨ ਇਸ ਤਰ੍ਹਾਂ ਦੀ ਸੇਵਾ ਦਾ ਹੀ ਹੁੰਦਾ ਹੈ ਕਿਉਂਕਿ ਸਾਡਾ ਭਵਿੱਖ ਸਕੂਲਾਂ ਨੇ ਹੀ ਬਣਾਉਣਾ ਹੁੰਦਾ ਹੈ। ਬਹਾਦਰ ਸਿੰਘ ਸੇਲਬਰਾਹ ਨੇ ਆਪਣੀਆਂ ਸਕੂਲ ਦੀਆਂ ਪਿਛਲੀਆਂ ਯਾਦਾਂ ਤੇ ਬੈਂਕ ਸੇਵਾ ਦੌਰਾਨ ਦੇ ਕੁੱਝ ਤਜਰਬਿਆਂ ਦਾ ਜ਼ਿਕਰ ਕੀਤਾ।ਸਮਾਗਮ ਵਿੱਚ ਕਿਸਾਨ ਨੇਤਾ ਗੁਰਦੀਪ ਸਿੰਘ ਨੇ ਜਿੱਥੇ ਸਕੂਲ ਦੀਆਂ ਪਿਛਲੀਆਂ ਪ੍ਰਾਪਤੀਆਂ ਤੇ ਮਿਹਨਤੀ ਸਟਾਫ ਦਾ ਜ਼ਿਕਰ ਕੀਤਾ, ਉਥੇ ਬਹਾਦਰ ਸਿੰਘ ਵੱਲੋਂ ਦਿੱਤੇ ਦਾਨ ਲਈ ਉਹਨਾਂ ਦਾ ਧੰਨਵਾਦ ਵੀ ਕੀਤਾ ਅਤੇ ਆਉਣ ਵਾਲੇ ਸਮੇਂ ਲਈ ਬੇਨਤੀ ਕੀਤੀ ਕਿ ਸਕੂਲ ਲਈ ਵੀ ਦਾਨ ਜ਼ਰੂਰ ਦਿੱਤਾ ਜਾਵੇ। ?ਸਕੂਲ ਦੀ ਮੁੱਖ ਅਧਿਆਪਕਾ ਸ੍ਰੀਮਤੀ ਰਮਨਪ੍ਰੀਤ ਕੌਰ ਢਿੱਲੋਂ ਨੇ ਜਿੱਥੇ ਸਕੂਲ ਵੱਲੋਂ ਪਿਛਲੇ ਸਮਿਆਂ ਵਿੱਚ ਕੀਤੀਆਂ ਪ੍ਰਾਪਤੀਆਂ ਤੇ ਪਿੰਡ ਦੇ ਸਹਿਯੋਗ ਲਈ ਧੰਨਵਾਦ ਕੀਤਾ, ਉਥੇ ਆਏ ਮਹਿਮਾਨਾਂ ਖਾਸ ਤੌਰ 'ਤੇ ਬਹਾਦਰ ਸਿੰਘ ਜੀ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਅਜਿਹਾ ਉੱਦਮ ਕੀਤਾ ਹੈ।

## ਗੁਰੂ ਨਾਨਕ ਕਾਲਜ ਦੇ ਵਿਦਿਆਰਥੀਆਂ ਦਾ ਜ਼ੋਨਲ ਯੁਵਕ ਮੇਲੇ 'ਚ ਸ਼ਾਨਦਾਰ ਪ੍ਰਦਰਸ਼ਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਗੁਰੂ ਨਾਨਕ ਕਾਲਜ ਫਿਰੋਜ਼ਪੁਰ ਕੈਂਟ ਦੇ ਵਿਦਿਆਰਥੀਆਂ ਨੇ ਪੰਜਾਬ ਯੂਨੀਵਰਸਿਟੀ ਦੇ 66ਵੇਂ ਜ਼ੋਨਲ ਯੁਵਕ ਤੇ ਵਿਰਾਸਤੀ ਮੇਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕਈ ਇਨਾਮ ਹਾਸਲ ਕੀਤੇ। ਇਹ ਮੇਲਾ 27 ਅਕਤੂਬਰ 2025 ਤੋਂ 30 ਅਕਤੂਬਰ 2025 ਤੱਕ ਗੁਰੂ ਨਾਨਕ ਕਾਲਜ ਮੋਗਾ ਵਿਖੇ ਆਯੋਜਿਤ ਕੀਤਾ ਗਿਆ ਸੀ। ਡਿਬੇਟ 'ਚ ਕਾਲਜ ਟੀਮ ਦੀਆਂ ਵਿਦਿਆਰਥਣਾਂ ਸ਼ਹਿਨਾਜ਼ ਤੇ ਲਵਲੀਨ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਕਾਲਜ ਦਾ ਨਾਂ ਰੋਸ਼ਨ ਕੀਤਾ। ਐਲੋਕੇਸ਼ਨ ਮੁਕਾਬਲੇ 'ਚ ਵਿਦਿਆਰਥਣ ਕਵਿਤਾ ਨੇ ਦੂਜਾ ਸਥਾਨ ਹਾਸਲ ਕੀਤਾ। ਵਿਰਾਸਤੀ ਪ੍ਰਸ਼ਨੋਤਰੀ 'ਚ ਵਿਦਿਆਰਥੀ ਗੁਰਵੀਰ ਸਿੰਘ, ਰਿੰਕੂ ਸਿੰਘ ਅਤੇ ਸਨੀ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਕਵਿਤਾ ਉਚਾਰਨ 'ਚ ਵਿਦਿਆਰਥੀ ਗੁਰਵਿੰਦਰ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਮੁਹਾਵਰੇਦਾਰ ਵਾਰਤਾਲਾਪ 'ਚ ਵਿਦਿਆਰਥਣ ਹੁਸਨਪ੍ਰੀਤ ਕੌਰ ਨੇ ਵਿਅਕਤੀਗਤ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਦੇ ਚੇਅਰਮੈਨ ਅਸੀਸਪ੍ਰੀਤ ਸਿੰਘ ਸਾਈਆਂਵਾਲਾ ਨੇ ਜੇਤੂ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਭਵਿੱਖ ਵਿੱਚ ਅਜਿਹੇ ਮੁਕਾਬਲਿਆਂ ਵਿੱਚ ਹੋਰ ਵੱਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਅਤੇ ਹਰ ਤਰ੍ਹਾਂ ਦੀ ਸੰਭਵ ਮਦਦ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਪ੍ਰੋ. ਇੰਦਰਜੀਤ ਸਿੰਘ, ਕਾਲਜ ਕਮੇਟੀ ਦੇ ਪ੍ਰਧਾਨ ਸ੍ਰ. ਗੁਰਦੀਪ ਸਿੰਘ ਸੰਘਾ, ਅਤੇ ਸਮੂਹ ਸਟਾਫ ਮੈਂਬਰ ਜਿਵੇਂ ਕਿ ਪ੍ਰੋ. ਇੰਦੂ ਗੁਪਤਾ, ਪ੍ਰੋ. ਜੈਪ੍ਰੀਤ ਸਿੰਘ, ਪ੍ਰੋ. ਕੁਲਬੀਰ ਮਲਿਕ, ਪ੍ਰੋ. ਸੰਦੀਪ ਕੌਰ, ਪ੍ਰੋ. ਗੁਰਪਿੰਦਰ ਸਿੰਘ, ਪ੍ਰੋ. ਹਰੀ ਓਮ, ਪ੍ਰੋ. ਚਾਂਦਨੀ, ਪ੍ਰੋ. ਸੁਖਵਿੰਦਰ ਸਿੰਘ, ਪ੍ਰੋ. ਕਿਰਨ ਕੌਰ ਤੇ ਸਮੂਹ ਵਿਦਿਆਰਥੀ ਹਾਜ਼ਰ ਸਨ।

## ਕੇਂਦਰੀ ਜੇਲ੍ਹ 'ਚੋਂ 14 ਮੋਬਾਇਲ ਤੇ ਨਸ਼ੀਲੇ ਪਦਾਰਥ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਮੋਬਾਇਲ ਫੋਨ ਤੇ ਨਸ਼ੀਲੇ ਪਦਾਰਥ ਮਿਲਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਬੀਤੇ ਦਿਨ ਵੀ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਤਲਾਸ਼ੀ ਦੌਰਾਨ 14 ਮੋਬਾਇਲ ਫੋਨ, ਡਾਟਾ ਕੇਬਲ ਤੇ ਨਸ਼ੀਲੇ ਪਦਾਰਥ ਬਰਾਮਦ ਹੋਏ ਹਨ। ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ 5 ਹਵਾਲਾਤੀਆਂ, ਇਕ ਕੈਦੀ ਤੇ ਅਣਪਛਾਤੇ ਵਿਅਕਤੀਆਂ ਖਿਲਾਫ 52-ਏ, 42 ਪਰੀਸੰਨਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ।

ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸ਼ਰਮਾ ਸਿੰਘ ਨੇ ਦੱਸਿਆ ਕਿ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ ਪੱਤਰ ਨੰਬਰ 7984 ਮਿਤੀ 27 ਅਕਤੂਬਰ 2025 ਨੂੰ ਕੈਦੀ ਦਲਬੀਰ ਸਿੰਘ ਪੁੱਤਰ ਹਰਬੰਸ ਸਿੰਘ ਵਾਸੀ ਮਮਦੋਟ ਕੋਲੋਂ ਕੀਪੈਡ ਮੋਬਾਇਲ ਫੋਨ, ਹਵਾਲਾਤੀ ਗੁਰਚਰਨ ਸਿੰਘ ਪੁੱਤਰ ਹੰਸਾ ਸਿੰਘ ਵਾਸੀ ਜਲਾਲਾਬਾਦ ਕੋਲੋਂ ਇਕ ਕੀਪੈਡ ਮੋਬਾਇਲ ਫੋਨ ਬਰਾਮਦ ਹੋਇਆ ਹੈ। ਪੱਤਰ ਨੰਬਰ 5216 ਮਿਤੀ 28 ਅਕਤੂਬਰ 2025 ਨੂੰ ਕੈਦੀ ਨਾਹਨਾ ਪੁੱਤਰ ਰਸ਼ਪਾਲ ਵਾਸੀ ਖਟੀਕ ਮੰਡੀ ਫਿਰੋਜ਼ਪੁਰ ਕੈਂਟ ਕੋਲੋਂ ਇਕ ਕੀਪੈਡ ਮੋਬਾਇਲ ਮੋਨ ਸਮੇਤ ਬੈਟਰੀ ਸਿੰਮ, ਪੱਤਰ ਨੰਬਰ 8078 ਮਿਤੀ 30 ਅਕਤੂਬਰ 2025 ਨੂੰ ਹਵਾਲਾਤੀ ਜਗਰਾਜ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਮਹਿਸਪੁਰ ਖੁਰਦ, ਅੰਮ੍ਰਿਤਸਰ ਕੋਲੋਂ 1 ਮੋਬਾਇਲ ਫੋਨ, ਪੱਤਰ ਨੰਬਰ 8107 ਮਿਤੀ 31 ਅਕਤੂਬਰ 2025 ਨੂੰ ਹਵਾਲਾਤੀ ਕਰਨਦੀਪ ਸਿੰਘ ਪੁੱਤਰ ਸੁਖਵੰਤ ਸਿੰਘ ਵਾਸੀ ਪਿੰਡ ਜਲਾਲ, ਥਾਣਾ ਮਹਿਤਾ ਜ਼ਿਲ੍ਹਾ ਅੰਮ੍ਰਿਤਸਰ ਤੋਂ 1 ਟੱਚ ਸਕਰੀਨ ਮੋਬਾਇਲ ਫੋਨ, ਪੱਤਰ ਨੰਬਰ 8146 ਮਿਤੀ 1 ਨਵੰਬਰ 2025 ਵਿਚ ਹਵਾਲਾਤੀ ਬੋਬੀ ਪੁੱਤਰ ਜੋਗਿੰਦਰ ਸਿੰਘ ਵਾਸੀ ਬਸਤੀ ਆਵਾ ਫਿਰੋਜ਼ਪੁਰ ਕੋਲੋਂ 1 ਟੱਚ ਸਕਰੀਨ ਮੋਬਾਇਲ ਫੋਨ ਬਰਾਮਦ ਹੋਇਆ। ਜੇਲ੍ਹ ਅਧਿਕਾਰੀ ਨੇ ਦੱਸਿਆ ਕਿ ਪੱਤਰ ਨੰਬਰ 7991 ਮਿਤੀ 27 ਅਕਤੂਬਰ 2025 ਨੂੰ 2 ਟੱਚ ਸਕਰੀਨ ਮੋਬਾਇਲ ਫੋਨ ਤੇ 1 ਕੀਪੈਡ ਮੋਬਾਇਲ ਫੋਨ, ਪੱਤਰ ਨੰਬਰ 8038 ਮਿਤੀ 28 ਅਕਤੂਬਰ 2025 ਨੂੰ 1 ਕੀਪੈਡ ਮੋਬਾਇਲ ਫੋਨ, ਪੱਤਰ ਨੰਬਰ 8047 ਮਿਤੀ 29 ਅਕਤੂਬਰ 2025 ਨੂੰ 25 ਪੁੜੀਆਂ ਤੰਬਾਕੂ (ਜਰਦਾ), 1 ਕੀਪੈਡ ਮੋਬਾਇਲ ਫੋਨ ਸਮੇਤ ਬੈਟਰੀ ਬਿਨ੍ਹਾ ਸਿੰਮ, ਇਕ ਚਾਰਜਰ, 1 ਡੱਬੀ ਸਿਗਰਟ ਬਰਾਮਦ ਹੋਈ। ਜੇਲ੍ਹ ਅਧਿਕਾਰੀ ਨੇ ਦੱਸਿਆ ਕਿ ਪੱਤਰ ਨੰਬਰ 5236 ਮਿਤੀ 30 ਅਕਤੂਬਰ 2025 ਨੂੰ 18 ਪੁੜੀਆਂ ਤੰਬਾਕੂ (ਜਰਦਾ), ਪੱਤਰ ਨੰਬਰ 8092 ਮਿਤੀ 31 ਅਕਤੂਬਰ 2025 ਨੂੰ 12 ਪੁੜੀਆਂ ਤੰਬਾਕੂ (ਜਰਦਾ), 4 ਡੱਬੀ ਸਿਗਰਟਾਂ ਅਤੇ 160 ਕੈਪਸੂਲ ਜੋ ਨਸ਼ੀਲੇ ਜਾਪਦੇ ਬਰਾਮਦ ਹੋਏ। ਉਨ੍ਹਾਂ ਦੱਸਿਆ ਕਿ ਪੱਤਰ ਨੰਬਰ 2240 ਮਿਤੀ 1 ਨਵੰਬਰ 2025 ਨੂੰ 282 ਨਸ਼ੀਲੇ ਜਾਪਦੇ ਖੁੱਲ੍ਹੇ ਕੈਪਸੂਲ ਤੇ 10 ਪੁੜੀਆਂ ਜਰਦਾ, 3 ਡੱਬੀਆਂ ਸਿਗਰਟ ਅਤੇ 3 ਕੀਪੈਡ ਮੋਬਾਇਲ ਫੋਨ, ਪੱਤਰ ਨੰਬਰ 5263 ਮਿਤੀ 1 ਨਵੰਬਰ 2025 ਨੂੰ 98 ਪੁੜੀਆਂ ਜਰਦਾ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

# ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਡੀ ਸੀ ਨੂੰ ਮੰਗ-ਪੱਤਰ



ਬੰਗਾ (ਅਵਤਾਰ ਕਲੇਰ)-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਕੁਲ ਹਿੰਦ ਕਿਸਾਨ ਸਭਾ, ਕੁਲ ਹਿੰਦ ਕਿਸਾਨ ਸਭਾ 1936 ਅਤੇ ਜਮਹੂਰੀ ਕਿਸਾਨ ਸਭਾ ਵਲੋਂ ਕਿਸਾਨਾਂ ਦੀਆਂ ਭਖਦੀਆਂ ਮੰਗਾਂ ਅਤੇ ਹੜ੍ਹ ਪੀੜਤ ਪਰਵਾਰਾਂ ਨੂੰ ਸਰਕਾਰ ਵਲੋਂ ਅਣਗੌਲਿਆ ਕੀਤੇ ਜਾਣ ਦੇ ਰੋਸ ਵਜੋਂ ਡੀ ਸੀ ਨਵਾਂਸ਼ਹਿਰ ਨੂੰ ਮੰਗ ਪੱਤਰ ਦਿੱਤਾ ਗਿਆ। ਜਿਸ ਵਿੱਚ ਉਹਨਾਂ ਨੇ ਦੱਸਿਆ ਕਿ ਅਗਸਤ ਅਤੇ ਸਤੰਬਰ 2025 ਦੇ ਦੌਰਾਨ ਮੀਂਹ ਅਤੇ ਹੜਾਂ ਕਾਰਨ ਲੋਕਾਂ ਦਾ ਭਾਰੀ ਨੁਕਸਾਨ ਹੋਇਆ ਤੇ 59 ਦੇ ਕਰੀਬ ਇਨਸਾਨਾਂ ਦੀਆਂ ਜਾਨਾਂ ਗਈਆਂ, ਘਰ ਢਹਿ ਗਏ ,ਪਸ਼ੂ ਮਰ ਗਏ, ਜ਼ਮੀਨਾਂ ਖੁਰਦ ਬੁਰਦ ਹੋ ਗਈਆਂ ਖੇਤ ਗਾਰ ਨਾਲ ਭਰ ਗਏ। ਝੋਨੇ ਨੂੰ ਹਲਦੀ ਰੋਗ ਹੋਣ ਕਾਰਨ ਫਸਲ ਤਬਾਹ ਹੋ ਗਈ ਇਸ ਦੌਰਾਨ ਝੋਨੇ ਦੇ ਘਟੇ ਹੋਏ ਝਾੜ ਦੀ ਪੂਰਤੀ ਲਈ 500 ਰੁਪਏ ਪ੍ਰਤੀ ਕੁਇੰਟਲ ਬੋਨਸ ਦਿੱਤਾ ਜਾਵੇ। ਪਰਾਲੀ ਦਾ ਪ੍ਰਬੰਧ ਕਰਨ ਲਈ ਨਾ ਤਾਂ ਕੋਈ ਲੋੜੀਂਦੀ ਮਸ਼ੀਨਰੀ ਦਿੱਤੀ ਗਈ, ਨਾ ਕੋਈ ਨਗਦ ਰਾਸ਼ੀ।ਡੀ ਏ ਪੀ ਖਾਦ ਦੀ ਭਾਰੀ ਘਾਟ ਕਾਰਨ ਕਿਸਾਨ ਕਣਕ ਬੀਜਣ ਤੋਂ ਲੇਟ ਹੋ ਰਹੇ ਹਨ। ਵਰਨਣਯੋਗ ਹੈ ਕਿ 15 ਨਵੰਬਰ ਤੋਂ ਬਾਅਦ ਬੀਜੀ ਗਈ ਕਣਕ ਦਾ ਝਾੜ ਪ੍ਰਤੀ ਏਕੜ ਡੇਢ ਕੁਇੰਟਲ ਘਟ ਜਾਂਦਾ ਹੈ ਆਦਿ ਮੰਗਾਂ ਨੂੰ ਲੈ ਕੇ ਡੀ ਸੀ ਰਾਹੀਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਤੇ ਕੁਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸਾਥੀ ਚਰਨਜੀਤ ਸਿੰਘ ਦੌਲਤਪੁਰ,ਕੁਲ ਹਿੰਦ ਕਿਸਾਨ ਸਭਾ 1936 ਦੇ ਜ਼ਿਲ੍ਹਾ ਪ੍ਰਧਾਨ ਸਾਥੀ ਜਸਵਿੰਦਰ ਸਿੰਘ ਭੰਗਲ, ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਕੁਲਦੀਪ ਸਿੰਘ ਦੌੜਕਾ ਜੁਝਾਰ ਸਿੰਘ, ਭੁਪਿੰਦਰ ਸਿੰਘ ਕੌਲਗੜ੍ਹ, ਸਰਜੀਵਨ ਸਿੰਘ ਦੌਲਤਪੁਰ, ਜਸਵਿੰਦਰ ਕੁਮਾਰ ਰਾਹੋਂ, ਗੁਰਿੰਦਰ ਕੁਮਾਰ ਰਾਹੋਂ ਅਤੇ ਗੁਰਦਿਆਲ ਸਿੰਘ ਆਦਿ ਸਾਥੀ ਸ਼ਾਮਲ ਹੋਏ।

# ਐੱਸ ਡੀ ਓ ਸੁਖਮਿੰਦਰ ਸਿੰਘ ਨੂੰ ਸੇਵਾ-ਮੁਕਤੀ ਮੌਕੇ ਨਿੱਘੀ ਵਿਦਾਇਗੀ



ਬਿਆਸ (ਪਰਮਜੀਤ ਸਿੰਘ ਰੱਖੜਾ)- ਇੰਜੀ. ਸੁਖਮਿੰਦਰ ਸਿੰਘ ਐੱਸਡੀਓ ਨੂੰ ਪਾਵਰਕੌਮ ਦੀ ਪੀ ਤੇ ਐੱਮ ਸਬ ਡਵੀਜ਼ਨ ਬਿਆਸ ਤੋਂ ਸੇਵਾ-ਮੁਕਤੀ ਮੌਕੇ ਉਨ੍ਹਾਂ ਦੇ ਸਮੂਹ ਸਟਾਫ ਵੱਲੋਂ ਪ੍ਰਭਾਵਸ਼ਾਲੀ ਸਨਮਾਨ ਸਮਾਗਮ ਕਰਕੇ ਨਿੱਘੀ ਵਿਦਾਇਗੀ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਇੰਜੀ. ਰਾਜ ਕੁਮਾਰ ਐਕਸੀਅਨ ਰਈਆ ਮੰਡਲ ਬਿਆਸ, ਇੰਜੀ. ਸਰਬਜੀਤ ਕੌਰ ਐੱਸਐੱਸਈ ਨਵਾਂ ਪਿੰਡ, ਇੰਜੀ. ਪਰਮਿੰਦਰ ਸਿੰਘ ਐੱਸਡੀਓ ਨਹਿਰ ਮਹਿਕਮਾ, ਇੰਜੀ. ਕੁਲਵੰਤ ਸਿੰਘ ਰਿਟਾ. ਐੱਸਡੀਓ (ਦੋਵੇਂ ਭਰਾ), ਇੰਜੀ. ਤੇਜਿੰਦਰ ਸਿੰਘ ਸੇਖੋਂ ਜੇਈ ਅਤੇ ਸੀਨੀਅਰ ਮੀਤ ਪ੍ਰਧਾਨ ਕਰਮਚਾਰੀ ਦਲ ਪੰਜਾਬ, ਇੰਜੀ. ਹਰਿੰਦਰ ਸਿੰਘ ਐੱਸਡੀਓ ਅਤੇ ਸੀਨੀਅਰ ਮੀਤ ਪ੍ਰਧਾਨ ਇੰਪਲਾਈਜ਼ ਫੈਡਰੇਸ਼ਨ ਪਹਿਲਵਾਨ ਗਰੁੱਪ ਪੰਜਾਬ, ਇੰਜੀ. ਅਮਰਜੀਤ ਸਿੰਘ ਏਈਈ ਨਾਗੋਕੇ, ਇੰਜੀ. ਸਿਕੰਦਰ ਸਿੰਘ ਜੇਈ ਸਠਿਆਲਾ, ਇੰਜੀ. ਬਲਜੀਤ ਸਿੰਘ ਜੇਈ ਬੁਤਾਲਾ, ਇੰਜੀ. ਗੁਲਵਿੰਦਰ ਸਿੰਘ ਜੇਈ ਸੈਦਪੁਰ, ਇੰਜੀ. ਸੰਦੀਪ ਸਿੰਘ ਜੇਈ ਬਿਆਸ, ਇੰਜੀ. ਮਲਕੀਤ ਸਿੰਘ ਜੇਈ ਬਾਬਾ ਬਕਾਲਾ ਸਾਹਿਬ, ਮਨਜੀਤ ਸਿੰਘ ਐੱਚਡੀਐੱਮ ਬਿਆਸ, ਮਨਪ੍ਰੀਤ ਸਿੰਘ ਜੇਈ ਸਬ ਸਟੇਸ਼ਨ ਲਿੱਧੜ, ਗੁਰਦੇਵ ਸਿੰਘ ਬਿਆਸ, ਗੁਰਇਕਬਾਲ ਸਿੰਘ ਬਿਆਸ, ਰਵਿੰਦਰ ਸਿੰਘ, ਸਵਰੂਪ ਸਿੰਘ, ਸੰਦੀਪ ਕੁਮਾਰ, ਕਮਲਜੀਤ ਸਿੰਘ, ਹੀਰਾ ਸਿੰਘ, ਸੁਖਬੀਰ ਸਿੰਘ, ਬਾਬਾ ਹਰਚੰਦ ਸਿੰਘ, ਗੁਰਪ੍ਰੀਤ ਸਿੰਘ, ਗੁਰਜੀਤ ਸਿੰਘ, (ਸਾਰੇ ਐੱਸਐੱਸਏ) ਪਾਰਟੀ ਵਿੱਚ ਸ਼ਾਮਲ ਹੋਏ ।ਇੰਜੀ ਤੇਜਿੰਦਰ ਸਿੰਘ ਸੇਖੋਂ ਅਤੇ ਇੰਜੀ : ਹਰਭਿੰਦਰ ਸਿੰਘ ਐੱਸਡੀਓ ਨੇ ਦੱਸਿਆ ਕਿ ਇੰਜੀ : ਸੁਖਮਿੰਦਰ ਸਿੰਘ 31 ਅਕਤੂਬਰ 2025 ਨੂੰ ਬਿਆਸ ਤੋਂ ਰਿਟਾਇਰ ਹੋਏ ਹਨ ਜਿਨ੍ਹਾਂ 35 ਸਾਲ ਤੋਂ ਵੱਧ ਮਹਿਕਮੇ ਦੀ ਸੇਵਾ ਕੀਤੀ। ਇਸ ਮੌਕੇ ਉਨ੍ਹਾਂ ਦੀ ਪਤਨੀ ਨੂੰ ਵੀ ਸਨਮਾਨਿਤ ਕੀਤਾ ਗਿਆ।ਅਖੀਰ ਵਿਚ ਇੰਜੀ : ਸੁਖਮਿੰਦਰ ਸਿੰਘ ਐੱਸਡੀਓ ਨੇ ਆਪਣੀ ਜਿੰਦਗੀ ਦਾ ਤਜਰਬਾ ਸਾਂਝਾ ਕਰਦਿਆਂ ਕਿਹਾ ਕਿ ਮਹਿਕਮੇ ਦੇ ਕੰਮਾਂ ਪ੍ਰਤੀ ਪੂਰੀ ਇਮਾਨਦਾਰੀ ਤੇ ਮਿਹਨਤ ਨਾਲ ਕੰਮ ਕੀਤਾ ਜਾਵੇ।

## ਮਾਊਂਟ ਲਿਟਰਾ ਜ਼ੀ ਸਕੂਲ 'ਚ ਗੁਰਪੁਰਬ ਮਨਾਇਆ

ਰਾਮਪੁਰਾ ਫੂਲ : (ਦਰਸ਼ਨ ਜਿੰਦਲ) ਸੀ ਬੀ ਐਸ ਈ, ਦਿੱਲੀ ਨਾਲ ਸੰਬੰਧਿਤ ਮਾਊਂਟ ਲਿਟਰਾ ਜ਼ੀ ਸਕੂਲ, ਰਾਮਪੁਰਾ ਵਿਚ ਗੁਰਪੁਰਬ ਬਹੁਤ ਉਤਸ਼ਾਹ ਨਾਲ ਮਨਾਇਆ। ਇਸ ਮੌਕੇ, ਨੌਵੀਂ ਇਨੋਵੇਟਰਜ਼ ਕਲਾਸ ਨੇ ਪਹਿਲੇ ਸਿੱਖ ਗੁਰੂ, ਗੁਰੂ ਨਾਨਕ ਦੇਵ ਜੀ ਦੇ ਜਨਮ ਨੂੰ ਸਮਰਪਿਤ ਇੱਕ ਵਿਸ਼ੇਸ਼ ਅਸੈਂਬਲੀ ਪੇਸ਼ ਕੀਤੀ। ਵਿਦਿਆਰਥੀਆਂ ਨੇ ਇੱਕ ਸ਼ਬਦ ਗਾਇਨ ਕਰਕੇ ਸ਼ੁਰੂਆਤ ਕੀਤੀ, ਇਸ ਤੋਂ ਬਾਅਦ ਇਸ ਮੌਕੇ ਨਾਲ ਸਬੰਧਤ ਇੱਕ ਕਵਿਤਾ ਪੇਸ਼ ਕੀਤੀ। ਉਨ੍ਹਾਂ ਦੇ ਜੀਵਨ ਬਾਰੇ ਇੱਕ ਭਾਸ਼ਣ ਵੀ ਪੇਸ਼ ਕੀਤਾ ਗਿਆ। ਸਕੂਲ ਦੇ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਸ੍ਰੀਮਤੀ ਨਮਿਤਾ ਬਾਂਸਲ ਅਤੇ ਪ੍ਰਿੰਸੀਪਲ ਸ੍ਰੀਮਤੀ ਗੀਤਾ ਪਿੱਲੇ ਨੇ ਬੱਚਿਆਂ ਨੂੰ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ ।



# 7 ਰੋਜ਼ਾ ਮੇਲਾ ਸੰਪੰਨ



ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)-ਸਾਬਿਰ ਪਾਕ ਸੱਚੀ ਦਰਗਾਹ ਅਤੇ ਦੂਸਰੇ ਕਲੀਅਰ ਸ਼ਰੀਫ਼ ਅਹਿਆਪੁਰ ਵਿਖੇ ਦਰਬਾਰ ਦੇ ਮੁੱਖ ਸੇਵਾਦਾਰ ਬਾਬਾ ਸ਼ੇਰ ਸਿੰਘ ਜੀ ਘੋੜੀਆਂ ਵਾਲੇ ਦੀ ਅਗਵਾਈ ਵਿਚ ਕਰਵਾਇਆ ਗਿਆ 7 ਰੋਜ਼ਾ ਮੇਲਾ ਬੜੀ ਧੂਮਧਾਮ ਅਤੇ ਸ਼ਰਧਾ ਪੂਰਵਕ ਸੰਪੰਨ ਹੋ ਨਿੱਬੜਿਆ। ਇਸ ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਹਲਕਾ ਵਿਧਾਇਕ ਜਸਵੀਰ ਸਿੰਘ ਰਾਜਾ, ਸਾਬਕਾ ਕੈਬਨਟ ਮੰਤਰੀ ਸੰਗਤ ਸਿੰਘ ਗਿਲਜ਼ੀਆਂ, ਸਨਾਤਨ ਧਰਮ ਸਭਾ ਪ੍ਰਧਾਨ ਦੀਪਕ ਬਹਿਲ, ਡਾ. ਕੇਵਲ ਸਿੰਘ ਕਾਜਲ ਪਹੁੰਚੇ। ਵਿਸ਼ੇਸ਼ ਮਹਿਮਾਨ ਵਜੋਂ ਸੋਨੂੰ ਖੰਨਾ, ਹਰੀ ਕ੍ਰਿਸ਼ਨ ਸੈਣੀ, ਕੇਸ਼ਵ ਸੈਣੀ, ਨਿਖਲੇਸ਼ ਜਸਰਾ ਨੈਨੂੰ, ਜਵਾਹਰ ਖੁਰਾਨਾ, ਦੀਪਕ ਭੀਲ, ਸੁਮਨ ਖੋਸਲਾ, ਵਿੱਕੀ ਮਹਿੰਦਰੂ, ਰਾਜਨ ਸੌਂਧੀ, ਵਿਕਾਸ ਮਰਵਾਹਾ, ਸੇਠ ਰਮ ਸੇਠੀ, ਸੁਖਵਿੰਦਰ ਝਾਵਰ, ਪ੍ਰੇਮ ਪਡਵਾਲ, ਵਿਕਾਸ ਮਦਾਨ, ਗੁਰਸੇਵਕ ਮਾਰਸ਼ਲ, ਆਸ਼ੂ ਵੈਦ, ਡਾ. ਬਲਦੇਵ ਰਾਜ, ਰਾਕੇਸ਼ ਬਿੱਟੂ ਨੇ ਬਾਬਾ ਜੀ ਦੇ ਦਰਬਾਰ ਵਿੱਚ ਵਿਸ਼ੇਸ਼ ਤੌਰ ਤੇ ਆਪਣੀ ਹਾਜ਼ਰੀ ਲਗਵਾਈ। ਸਾਬਿਰ ਪਾਕ ਸੱਚੀ ਦਰਗਾਹ ਅਹੀਆਪੁਰ ਵਿਖੇ ਮੇਲੇ ਦੀ ਸ਼ੁਰੂਆਤ ਵਿੱਚ ਢੋਲ ਦੀ ਥਾਪ ਤੇ ਘੋੜੀਆਂ ਦੇ ਡਾਂਸ ਨੇ ਦਰਸ਼ਕਾਂ ਦਾ ਖੂਬ ਮਨੋਰੰਜਨ ਕੀਤਾ। ਮੇਲੇ ਦੌਰਾਨ ਇੰਟਰਨੈਸ਼ਨਲ ਗਾਇਕ ਜੀ-ਖ਼ਾਨ ਨੇ 'ਮੇਰੇ ਮੱਥੇ ਤੇ ਲਿਖੇ ਗੁਨਾਹ ਮੇਰੇ' ਆਦਿ ਗੀਤਾਂ ਰਾਹੀਂ ਬਾਬਾ ਜੀ ਦਾ ਗੁਣਗਾਣ ਕਰਕੇ ਲੋਕਾਂ ਨੂੰ ਝੂਮਣ ਲਈ ਮਜਬੂਰ ਕਰ ਦਿੱਤਾ। ਇਨ੍ਹਾਂ ਤੋਂ ਇਲਾਵਾ ਇੰਟਰਨੈਸ਼ਨਲ ਗਾਇਕ ਰੀਤੀਕਾ ਕੱਕੜ ਜੰਮੂ ਵਾਲੇ ਅਤੇ ਪੰਜਾਬੀ ਕਵਾਲ ਦੀਦਾਰ ਖਾਨ ਜਲੰਧਰ ਵਾਲਿਆਂ ਨੇ ਆਪਣੇ ਗੀਤਾਂ ਰਾਹੀਂ ਬਾਬਾ ਜੀ ਦਾ ਗੁਣਗਾਨ ਕੀਤਾ। ਇਸ ਮੌਕੇ ਤੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਬਾਬਾ ਸ਼ੇਰ ਸਿੰਘ ਜੀ ਘੋੜੀਆਂ ਵਾਲਿਆਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਅਜਿਹੇ ਮੇਲੇ ਹਰ ਇਨਸਾਨ ਨੂੰ ਸਤਿਗੁਰੂ ਵੱਲੋਂ ਬਖਸ਼ੇ ਗਏ ਨਾਮ ਸਿਮਰਨ ਦਾ ਜਾਪ ਕਰਦੇ ਹੋਏ ਪ੍ਰਭੂ ਚਰਨਾਂ ਨਾਲ ਜੁੜਨ ਦੀ ਪ੍ਰੇਰਨਾ ਦਿੰਦੇ ਹਨ।ਦਰਗਾਹ ਦੇ ਮੁੱਖ ਸੇਵਾਦਾਰ ਬਾਬਾ ਸ਼ੇਰ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਉਨ੍ਹਾਂ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ। ਮੇਲੇ ਦੌਰਾਨ ਦਿਨ ਰਾਤ ਬਾਬਾ ਜੀ ਦਾ ਅਤੁੱਟ ਲੰਗਰ ਚਲਦਾ ਰਿਹਾ। ਇਸ ਮੌਕੇ ਤੇ ਬੀਬੀ ਬਲਜੀਤ ਕੌਰ, ਮੀਰ ਕਮਲ ਸਾਬਰੀ, ਸ਼ਹਿਜ਼ਾਦਾ ਡਾ. ਮੀਰਾ ਹਸਨ, ਦੇਵਿਕਾ, ਦੀਪਕ ਮਾਹਲਾ, ਬਲਜੀਤ ਸੈਣੀ, ਸ਼ਰਨਜੀਤ ਸਿੰਘ, ਗੁਰਸ਼ਰਨ ਸਿੰਘ, ਦਿਲਪ੍ਰੀਤ ਸਿੰਘ, ਕਮਲਜੀਤ ਕੌਰ ਅਤੇ ਹੋਰ ਸ਼ਰਧਾਲੂ ਹਾਜ਼ਰ ਸਨ।

## 7 ਨਵੰਬਰ ਨੂੰ ਸੈਂਟਰ ਪੱਧਰੀ ਪਹਾੜਿਆਂ ਦੇ ਮੁਕਾਬਲੇ ਹੋਣਗੇ



ਸ੍ਰੀ ਮੁਕਤਸਰ ਸਾਹਿਬ : ( ਸ਼ਮਿੰਦਰ ਪਾਲ/ਪੂਜਾ) - ਸੈਂਟਰ ਹੈਡ ਟੀਚਰ ਪਰਗਟ ਸਿੰਘ ਜੰਬਰ ਨੇ ਦੱਸਿਆ ਕਿ 7 ਨਵੰਬਰ ਨੂੰ ਸੈਂਟਰ ਗੁ ਲਾਬੇ ਵਾਲਾ ਵਿਖੇ ਸੈਂਟਰ ਪੱਧਰੀ ਪਹਾੜਿਆਂ ਦੇ ਮੁਕਾਬਲੇ ਕਰਵਾਏ ਜਾਣਗੇ।ਤੀਸਰੀ ,ਚੌਥੀ ਅਤੇ ਪੰਜਵੀ ਦੇ ਵਿਦਿਆਰਥੀ ਇਸ ਵਿੱਚ ਭਾਗ ਲੈਣਗੇ। ਸੈਂਟਰ ਦੇ 12 ਸਕੂਲਾਂ ਦੇ ਤਿੰਨ ਤਿੰਨ ਵਿਦਿਆਰਥੀ ਇਸ ਵਿੱਚ ਭਾਗ ਲੈਣਗੇ। ਸਭ ਤੋਂ ਵੱਧ ਪਹਾੜੇ ਸੁਣਾਉਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ। ਪਹਾੜਿਆਂ ਦੀ ਜੱਜਮੈਂਟ ਹੈਂਡ ਟੀਚਰ ਪਵਿੱਤਰ ਸਿੰਘ,ਈ ਈ ਟੀ ਅਧਿਆਪਕ ਗੁਰਪ੍ਰੀਤ ਸਿੰਘ, ਹੈਡ ਟੀਚਰ ਪਰਦੀਪ ਕੌਰ,ਹਰਦਮ ਸਿੰਘ ਅਤੇ ਈ ਟੀ ਟੀ ਅਧਿਆਪਕ ਕੰਵਰਜੀਤ ਸਿੰਘ ਕਰਨਗੇ। ਮੁਕਾਬਲਿਆਂ ਦੇ ਇੰਚਾਰਜ ਜਸਵਿੰਦਰ ਸਿੰਘ ਈ ਟੀ ਟੀ ਅਧਿਆਪਕ ਹੋਣਗੇ। ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡਣ ਦੀ ਰਸਮ ਬੀ ਪੀ ਈ ਓ ਸ੍ਰੀ ਜਗਦੀਪ ਸਿੰਘ ਨਿਭਾਉਣਗੇ।

## ਜਨਤਕ ਨੋਟਿਸ

ਆਮ ਲੋਕਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਗੁਰਬੀਰ ਕੌਰ ਪਤਨੀ ਗੁਰਪ੍ਰੀਤ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਏਕੇ-ਕੇ, ਤਹਿਸੀਲ ਜ਼ੀਰਾ ਅਤੇ ਜ਼ਿਲ੍ਹਾ ਫਿਰੋਜ਼ਪੁਰ, ਜੋ ਕਿ ਵਾਕਿਆ ਰਕਬਾ ਜ਼ੀਰਾ, ਜਗ੍ਹਾ 10 ਮਰਲੇ, ਦੀ ਰਿਹਾਇਸ਼ੀ ਜਾਇਦਾਦ ਦੀ ਮਾਲਕ ਹੈ। ਜੋ ਕਿ ਪ੍ਰਾਪਰਟੀ ਡੀਡ ਨੰਬਰ 1692, ਮਿਤੀ 16-12-2024 ਰਾਹੀਂ ਮਾਲਕ ਹੈ ਅਤੇ ਇਸ ਪ੍ਰਾਪਰਟੀ ਨਾਲ ਸੰਬੰਧਤ ਪਿਛਲੇ ਦਸਤਾਵੇਜ਼ ਵਸੀਕਾ ਨੰ. 2461, ਮਿਤੀ-18-12-2017 ਕਿਧਰੇ ਗੁੰਮ ਹੋ ਗਿਆ ਹੈ ਅਤੇ ਪ੍ਰਾਪਤ ਨਹੀਂ ਹੋ ਰਿਹਾ। ਉਸ ਨੇ ਸਮਾਲ ਫਾਇਨੈਂਸ ਬੈਂਕ, ਮੋਗਾ ਨੂੰ ਪ੍ਰਾਪਰਟੀ ਸੰਪਤੀ ਦੇ ਗਿਰਵੀ ਰੱਖਣ ਲਈ ਕਰਜ਼ੇ ਦੀ ਬੇਨਤੀ ਕੀਤੀ ਹੈ। ਕਿਸੇ ਵੀ ਵਿਅਕਤੀ ਨੂੰ ਉਕਤ ਸੰਪਤੀ ਦੇ ਗਿਰਵੀ ਰੱਖਣ ਦੇ ਸੰਬੰਧ ਵਿੱਚ ਕੋਈ ਇਤਰਾਜ਼ ਹੈ ਤਾਂ ਉਹ ਇਸ ਪ੍ਰਕਾਸ਼ਨ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ ਹੇਠਾਂ ਦਿੱਤੇ ਪਵਿੱਤਰ ਸਿੰਘ ਐਡਵੋਕੇਟ, ਕਾਨੂੰਨੀ ਸਲਾਹਕਾਰ ਕੋਲ ਆਪਣਾ ਇਤਰਾਜ਼ ਉਠਾ ਸਕਦਾ ਹੈ ਅਤੇ ਉਹਨਾਂ ਦਾ ਮੋਬਾਈਲ ਨੰਬਰ 99888-29655 ਹੈ ਉਪਰੋਕਤ ਦਿੱਤੇ ਗਏ ਸਮੇਂ ਤੋਂ ਬਾਅਦ ਕੋਈ ਇਤਰਾਜ਼ ਸਵੀਕਾਰ ਨਹੀਂ ਕੀਤਾ ਜਾਵੇਗਾ।

ਪਵਿੱਤਰ ਸਿੰਘ ਐਡਵੋਕੇਟ, ਜ਼ਿਲ੍ਹਾ ਕਚਹਿਰੀ ਮੋਗਾ ਚੈਂਬਰ ਨੰ. 41, ਮੋਬਾ. ਨੰ. 99888-29655

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਨੰ. NR-SNT-W-LDH-82   ਤਾਰੀਕ 04.11.2025

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਉਪ ਮੁੱਖ ਸੰਕੇਤ ਅਤੇ ਦੂਰ ਸੰਚਾਰ ਇੰਜੀਨੀਅਰ/ਕੰਮ/ਲੁਧਿਆਣਾ ਉਤਰ ਰੇਲਵੇ ਦੁਆਰਾ ਹੇਠਾਂ ਲਿਖਤ ਕੰਮ ਲਈ ਖੁਲ੍ਹੀ ਈ-ਨਿਵਿਦਾਵਾਂ ਦੀ ਮੰਗ ਕੀਤੀ ਜਾਂਦੀ ਹੈ:

| | |
|---|---|
| ਕੰਮ ਦਾ ਨਾਮ | ਉਤਰ ਰੇਲਵੇ ਦੇ ਜੰਮੂ ਡਵੀਜਨ ਦੇ ਬਨਿਹਾਲ-ਬਾਰਾਮੂਲਾ ਸੈਕਸ਼ਨ ਉਤੇ ਪੰਪੋਰ ਸਟੇਸ਼ਨ ਉਤੇ ਪੂਰੀ ਲੰਬਾਈ ਦੀ ਨਵੀਂ ਮਾਲ ਲਾਈਨ ਦੇ ਪ੍ਰਾਵਧਾਨ ਦੇ ਸਬੰਧ ਵਿਚ ਮੌਜੂਦਾ ਇਲੈਕਟ੍ਰਾਨਿਕਸ ਇੰਟਰਲਾਕਿੰਗ ਸਿਸਟਮ ਵਿਚ ਪਰਿਵਰਧਨ/ਬਦਲਾਅ ਦਾ ਐਸ ਐਂਡ ਟੀ ਕੰਮ (ਇੰਡੋਰ ਅਤੇ ਆਊਟਡੋਰ) |
| ਕੰਮ ਦੀ ਲਾਗਤ | ਰੁਪਏ 1,45,59,973.89 /— |
| ਬਿਆਨਾ ਰਾਸ਼ੀ | ਰੁਪਏ 2,22,800 /— |
| ਸਮਾਪਤੀ ਸਮਾਂ | 4 ਮਹੀਨੇ |
| ਨਿਵਿਦਾ ਭਰਨ ਦੀ ਅੰਤਮ ਮਿਤੀ | 11.00 Hrs. on 25.11.2025. |

ਨਿਵਿਦਾਕਰਤਾ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ www.ireps.gov.in 'ਤੇ ਮੂਲ/ਸੰਸ਼ੋਧਿਤ ਨਿਵਿਦਾ ਭਰ ਸਕਦਾ ਹੈ। ਕੇਵਲ ਆਨਲਾਈਨ ਨਿਵਿਦਾਵਾਂ ਹੀ ਸਵੀਕਾਰ ਕੀਤੀਆਂ ਜਾਣਗੀਆਂ। ਸ਼ੁਧੀ ਪੱਤਰ ਜਾਂ ਬਦਲਾਅ, ਜੇਕਰ ਹੋਵੇ ਤਾਂ ਵੈਬਸਾਈਟ ਤੇ ਹੀ ਪਾਇਆ ਜਾਵੇਗਾ। ਨਿਵਿਦਾਕਰਤਾ www.ireps.gov.in 'ਤੇ ਰਜਿਸਟਰਡ ਹੋਣ ਦੇ ਬਾਅਦ ਨਿਵਿਦਾ ਭਰ ਸਕਦਾ ਹੈ। 3419/25

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਨੰ. 433-ਸਿਗ-ਟੀ-52-25-26 ਮਿਤੀ 03/11/2025
ਨਿਵਿਦਾ ਬੰਦ ਹੋਣ ਦੀ ਮਿਤੀ/ਸਮਾਂ: ਨੂੰ 24.11.2025 12:30 ਵਜੇ

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉਤਰ ਰੇਲਵੇ, ਫਿਰੋਜਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-ਸਿਗ/ਟੀ-52/25-26 ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ 24.11.2025 ਨੂੰ 15:00 ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂੰਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ।

ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਂਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ। ਐਨ.ਆਈ.ਟੀ.

| | | | |
|---|---|---|---|
| ਕੰਮ ਦਾ ਨਾਮ | ਫਿਰੋਜਪੁਰ ਡਵੀਜਨ ਦੇ ਸਾਹਨੇਵਾਲ-ਜਲੰਧਰ ਕੈਂਟ-ਪਠਾਨਕੋਟ ਕੈਂਟ ਸੈਕਸ਼ਨ ਉਤੇ ਵੰਦੇ ਭਾਰਤ ਰੂਟ ਉਤੇ ਮਵੇਸ਼ਿਆਂ ਨੂੰ ਕੁਚਲੇ ਜਾਣ ਤੋਂ ਬਚਾਉਣ ਦੇ ਲਈ ਟ੍ਰੈਕ ਦੇ ਨਾਲ 128.925 ਕਿਮੀ ਤੇ ਮੇਟਲ ਕ੍ਰੈਸ਼ ਬੈਰਿਯਰ ਬਾੜ ਅਤੇ 17.00 ਕਿਮੀ ਆਰਸੀਸੀ ਬਾਊਂਡ੍ਰੀ ਵਾਲ ਦਾ ਪ੍ਰਾਵਧਾਨ। | | |
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 24/11/2025 12:30 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 30/10/2025 18:43 |
| ਅੰਦਾਜਨ ਕੀਮਤ | 32848658.59 | ਬਿਡਿੰਗ ਸ਼ੁਰੂ ਦੀ ਮਿਤੀ (ਆਈਆਰਈਪੀਐਸ) | 10/11/2025 |
| ਬਿਆਨਾ ਰਾਸ਼ੀ (ਰੁ) | 314300.00 | ਕੰਮ ਪੂਰਾ ਕਰਨ ਦਾ ਸਮਾਂ | 6 ਮਹੀਨੇ |

ਨੋਟ: ਨਿਵਿਦਾਕਰਤਾ ਰੈਗੂਲਰ ਤੌਰ ਤੇ ਵੈਬਸਾਈਟ ਦੇ ਸੰਪਰਕ ਵਿਚ ਰਹਿ ਕੇ ਨਿਵਿਦਾ ਸੰਸ਼ੋਧਨਾਂ, ਸੁਧੀਪੱਤਰ ਆਦਿ ਦੇ ਬਾਰੇ ਵਿਚ ਖੁਦ ਨੂੰ ਅਪਡੇਟ ਰਖਣ। 3413/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## COURT NOTICE

(U/O 5 Rule 20 CPC)
In The Court Of
Sh. Jagmohan Singh Sanghe
Principal Judge, Family Court, Jalandhar
GW/290/2024
CNR No. PBJL01-018065-2024
Next Date:- 14-01-2026
Sukhwinder Kaur D/O Harbhajan Singh
Address:Village Kular Jalandhar
Vs.
1) Gurwinder Singh S/o Jugraj Singh Address : Village Nathewala West Bagapurana, Moga
2) General Public
Address - General Public
Petition Under Guardian and Wards Act
Publication Issued To :
Gurwinder Singh S/o Jugraj Singh Address:Village Nathewala West Bagapurana Moga

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 14-01-2026 at 10:00 a.m.

For details logon to https://highcourtchd.gov.in/?mod=district_notice&district=Jalandhar

Principal Judge, Family Court, Jalandhar
Dated, this day of 04-11-2025

## ਗਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਿਟੀ

GLADA

ਜਨਤਕ ਸੂਚਨਾ

ਸੂਚਿਤ ਕੀਤਾ ਜਾਂਦਾ ਹੈ ਕਿ ਪ੍ਰਮੋਟਰ M/s Eastwood CB Developers ਨੂੰ ਲਾਢੋਵਾਲ ਬਾਈਪਾਸ ਸੜਕ, ਪਿੰਡ ਮਲਕਪੁਰ, ਜਿਲ ਲੁਧਿਆਣਾ ਵਿਖੇ 8.15625 ਏਕੜਾਂ ਵਿੱਚ ਗਰੁੱਪ ਹਾਊਸਿੰਗ ਪ੍ਰੋਜੈਕਟ "Eastwood Crest" ਵਿਕਸਤ ਕਰਨ ਲਈ ਲੇ-ਆਊਟ ਅਤੇ ਲਾਇਸੈਂਸ ਨੰ: 28/2025 ਜਾਰੀ ਕੀਤਾ ਗਿਆ ਸੀ ਜ਼ੋ ਕਿ ਸੀਨੀਅਰ ਨਗਰ ਯੋਜਨਾਕਾਰ ਜੀ ਦੇ ਪੱਤਰ ਨੰ: 1409 ਸਟਪ(ਲ)/ਐਲ.ਏ.-23 ਮਿਤੀ 27.08.2025 ਰਾਹੀ ਤਕਨੀਕੀ ਤੌਰ ਤੇ ਚੈੱਕ ਕੀਤਾ ਗਿਆ ਸੀ। ਹੁਣ ਪ੍ਰੋਮੋਟਰ ਵੱਲੋਂ ਇਸ ਦਫਤਰ ਵਿਖੇ ਲੇ-ਆਊਟ ਰਿਵਾਈਜ਼ ਕਰਨ ਸਬੰਧੀ ਦਰਖਾਸਤ ਦਿੱਤੀ ਗਈ ਹੈ, ਜਿਸ ਵਿੱਚ ਉਹਨਾਂ ਵੱਲੋਂ ਐੱਫ.ਏ.ਆਰ. 1:2.256 ਤੋਂ 1:2.279 ਕੀਤੀ ਗਈ ਹੈ। ਲੇ-ਆਊਟ ਰਿਵੀਜ਼ਨ ਸਬੰਧੀ ਜੇਕਰ ਕਿਸੇ ਵੀ ਧਿਰ/ਸਟੇਕਹੋਲਡਰ/ਅਲਾਟੀ ਨੂੰ ਇਤਰਾਜ਼ ਹੋਵੇ ਤਾਂ ਆਪਣਾ ਇਤਰਾਜ਼ 15 ਦਿਨ ਦੇ ਅੰਦਰ-2 ਇਸ ਦਫਤਰ ਵਿਖੇ ਪੇਸ਼ ਕਰ ਸਕਦਾ ਹੈ। ਮਿੱਥੇ ਸਮੇਂ ਉਪੰਰਤ ਪ੍ਰਾਪਤ ਇਤਰਾਜਾਂ ਤੇ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਪੁਰਾਣਾ ਲੇ-ਆਊਟ ਅਤੇ ਰਿਵਾਈਜ਼ਡ ਲੇ-ਆਊਟ ਲਾਇਸੈਂਸਿੰਗ ਬਰਾਂਚ ਅਤੇ ਸੀਨੀਅਰ ਨਗਰ ਯੋਜਨਾਕਾਰ ਦਫਤਰ ਗਲਾਡਾ, ਫਿਰੋਜਪੁਰ ਰੋਡ ਵਿਖੇ ਹਾਜ਼ਰ ਹੋ ਕੇ ਵੇਖਿਆ ਜਾ ਸਕਦਾ ਹੈ।

ਮੁਖ ਪ੍ਰਸ਼ਾਸਕ
ਗਲਾਡਾ, ਲੁਧਿਆਣਾ

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਵਿਕਾਸ ਸ਼ਰਮਾ, ਨਾਇਬ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ-ਪਹਿਲਾ, ਅਜੀਤਵਾਲ, ਜ਼ਿਲ੍ਹਾ ਮੋਗਾ
ਕੇਸ ਨੰਬਰ:- ਤਕਸੀਮ   ਅਨੁਵਾਨ : ਸਰਬਜੀਤ ਸਿੰਘ ਬਨਾਮ ਨਿਰਮਲ ਸਿੰਘ ਵਗੈਰਾ
ਰਕਬਾ : ਢੁੱਡੀਕੇ   ਤਾਰੀਖ ਪੇਸ਼ੀ : 19.11.2025

ਨੋਟਿਸ ਬਨਾਮ ਆਮ ਪਬਲਿਕ

ਉਪਰੋਕਤ ਵਿਸ਼ੇ ਸਬੰਧੀ ਇਸ ਨੋਟਿਸ ਰਾਹੀਂ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਰਬਜੀਤ ਸਿੰਘ ਪੁੱਤਰ ਹਜਾਰਾ ਸਿੰਘ ਪੁੱਤਰ ਨਿੱਕਾ ਸਿੰਘ, ਵਾਸੀ ਪਿੰਡ ਢੁੱਡੀਕੇ, ਤਹਿਸੀਲ ਵਾ ਜ਼ਿਲ੍ਹਾ ਮੋਗਾ ਦਾ ਕੇਸ ਤਕਸੀਮ ਅਰਾਜੀ ਪਿੰਡ ਢੁੱਡੀਕੇ ਖੇਵਟ ਨੰ: 81, 214 ਇਸ ਅਦਾਲਤ ਵਿਚ ਸੁਣਵਾਈ ਅਧੀਨ ਹੈ। ਜਿਸ ਦੀ ਅਗਲੀ ਤਾਰੀਖ ਪੇਸ਼ੀ 19-11-2025 ਮੁਕੱਰਰ ਹੈ। ਜਿਸ ਵਿਚ ਹੇਠ ਦਰਜ ਉੱਤਰਵਾਦੀਆਨ ਦੀ ਸਧਾਰਨ ਤਰੀਕੇ ਨਾਲ ਤਾਮੀਲ/ਤਲਬੀ ਨਾ ਹੋਣ ਕਰਕੇ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉੱਤਰਵਾਦੀ ਧਿਰ ਆਪਣੇ ਕੇਸ ਦੀ ਪੈਰਵੀ ਲਈ ਇਸ ਅਦਾਲਤ ਵਿਚ ਅਸਾਲਤਨ/ਵਕਾਲਤਨ ਹਾਜ਼ਰ ਆਉਣ। ਨਿਯਤ ਮਿਤੀ 'ਤੇ ਹਾਜ਼ਰ ਨਾ ਆਉਣ ਦੀ ਸੂਰਤ ਵਿਚ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ। ਇਹ ਨੋਟਿਸ ਨਿਮਨ ਹਸਤਾਖਰ ਦੇ ਹਸਤਾਖਰਾਂ ਅਤੇ ਅਦਾਲਤ ਦੀ ਮੋਹਰ ਨਾਲ ਜਾਰੀ ਹੋਇਆ ਹੈ।

1) ਨਿਰਮਲ ਸਿੰਘ ਪੁੱਤਰ ਹਜਾਰਾ ਸਿੰਘ ਪੁੱਤਰ ਨਿੱਕਾ ਸਿੰਘ 2) ਨਛੱਤਰ ਸਿੰਘ ਪੁੱਤਰ ਹਜਾਰਾ ਸਿੰਘ ਪੁੱਤਰ ਨਿੱਕਾ ਸਿੰਘ 3) ਜੀਤ ਸਿੰਘ ਪੁੱਤਰ ਹਜਾਰਾ ਸਿੰਘ ਪੁੱਤਰ ਨਿੱਕਾ ਸਿੰਘ 4) ਹਰਜਿੰਦਰ ਸਿੰਘ ਪੁੱਤਰ ਹਜਾਰਾ ਸਿੰਘ ਪੁੱਤਰ ਨਿੱਕਾ ਸਿੰਘ 5) ਬਲਵੰਤ ਸਿੰਘ ਪੁੱਤਰ ਮਨਜੀਤ ਸਿੰਘ ਪੁੱਤਰ ਹਜਾਰਾ ਸਿੰਘ 6) ਧਰਮਪ੍ਰੀਤ ਸਿੰਘ ਪੁੱਤਰ ਮਨਜੀਤ ਸਿੰਘ ਪੁੱਤਰ ਹਜਾਰਾ ਸਿੰਘ 7) ਪਰਮਜੀਤ ਕੌਰ ਵਿਧਵਾ ਮਲਕੀਤ ਸਿੰਘ ਪੁੱਤਰ ਹਜਾਰਾ ਸਿੰਘ 8) ਗੁਰਪ੍ਰੀਤ ਸਿੰਘ ਪੁੱਤਰ ਚਮਕੌਰ ਸਿੰਘ ਪੁੱਤਰ ਹਰੀ ਸਿੰਘ 9) ਜਸਵੀਰ ਕੌਰ ਵਿਧਵਾ ਚਮਕੌਰ ਸਿੰਘ ਪੁੱਤਰ ਹਰੀ ਸਿੰਘ। ਸਾਰੇ ਵਾਸੀਆਨ ਪਿੰਡ ਢੁੱਡੀਕੇ, ਜ਼ਿਲ੍ਹਾ ਮੋਗਾ, 10) ਮਹਿੰਦਰ ਕੌਰ ਪੁੱਤਰੀ ਹਜਾਰਾ ਸਿੰਘ ਪੁੱਤਰ ਨਿੱਕਾ ਸਿੰਘ ਹਾਲ ਪਤਨੀ ਭਾਨ ਸਿੰਘ, ਵਾਸੀ ਚੌਕੀਮਾਨ, ਜ਼ਿਲ੍ਹਾ ਲੁਧਿਆਣਾ 11) ਛਿੰਦਰ ਕੌਰ ਪੁੱਤਰੀ ਹਜਾਰਾ ਸਿੰਘ ਪੁੱਤਰ ਨਿੱਕਾ ਸਿੰਘ ਹਾਲ ਪਤਨੀ ਪ੍ਰੀਤ ਸਿੰਘ ਪੁੱਤਰ ਮੱਲ ਸਿੰਘ ਵਾਸੀ ਮੱਲ੍ਹਾ, ਜ਼ਿਲ੍ਹਾ ਲੁਧਿਆਣਾ 12) ਮਨਪ੍ਰੀਤ ਕੌਰ ਪੁੱਤਰੀ ਗੁਰਮੇਲ ਕੌਰ ਪੁੱਤਰੀ ਹਰੀ ਸਿੰਘ ਵਾਸੀ ਕਲਾਲ ਮਾਜਰਾ ਜ਼ਿਲ੍ਹਾ ਲੁਧਿਆਣਾ 13) ਜਗਜੀਵਨ ਸਿੰਘ ਪੁੱਤਰ ਗੁਰਮੇਲ ਕੌਰ ਪੁੱਤਰੀ ਹਰੀ ਸਿੰਘ ਵਾਸੀ ਕਲਾਲ ਮਾਜਰਾ ਜ਼ਿਲ੍ਹਾ ਲੁਧਿਆਣਾ 14) ਪਰਮਜੀਤ ਕੌਰ ਵਿਧਵਾ ਮਨਜੀਤ ਸਿੰਘ ਪੁੱਤਰ ਹਜਾਰਾ ਸਿੰਘ 15) ਬਿੱਲੂ ਸਿੰਘ ਪੁੱਤਰ ਧੰਨ ਕੌਰ ਪੁੱਤਰੀ ਨਿੱਕਾ ਸਿੰਘ 16) ਅਜੈਬ ਸਿੰਘ ਪੁੱਤਰ ਧੰਨ ਕੌਰ ਪੁੱਤਰੀ ਨਿੱਕਾ ਸਿੰਘ। ਵਾਸੀਆਨ ਪਿੰਡ ਰੋਡੇ ਤਹਿਸੀਲ ਬਾਘਾਪੁਰਾਣਾ ਜਿਲ੍ਹਾ ਮੋਗਾ।

ਨੰਬਰ 83/ਰੀਡਰ ਮਿਤੀ : 04.11.2025

ਸਹੀ/-ਸਹਾਇਕ ਕੁਲੈਕਟਰ ਦਰਜਾ-ਪਹਿਲਾ, ਅਜੀਤਵਾਲ, ਜ਼ਿਲ੍ਹਾ ਮੋਗਾ

## ਕਲਾਸੀਫਾਈਡ ਇਸ਼ਤਿਹਾਰ

## Change of Name

I, Vishal Singh S/o Janak Singh R/o Village Kullian PO Safdarpur Tehsil Dasuya, Distt. Hoshiarpur 144205 Have changed my nameVishal Singh to Singh (Surname) Vishal (given name)

I, Sarabjit Singh S/o Sucha Singh V.P.O. Jandir Distt. Jalandhar have Changed my minor Daughter name Muskan to Muskan Kaur. All Concerned please note.

I, Prabhjit Singh S/o Jagtar Singh R/o VPO Madar, District Jalandhar, Punjab declare that my name is Prabhjit and my surname is Singh. So I am known as Prabhjit Singh. All concerned note.

I, Jasmeet Kaur D/o Parminder Singh R/o VPO Chetanpura Teh. Ajnala Distt Amritsar have changed my name Jasmeet is my given name & Kaur is my Surname

I, Kashmir Kaur W/o Karaj Singh R/o Vill Dod, PO Ghugiana, Faridkot have changed my name from Kashmir Kaur to Kashmeer Kaur

I, Om Parkash Puri S/o Brij Lal Puri R/o 22, Majitha Road, Friends Colony Amritsar have declare that my father was known by two names Brij Lal Puri and Brij Lal. One and same person

I, Mast Ram S/o Jai Kishan R/o H.No.8/1, Gali No.4, Near Sunder Nagar, Sawan Nagar, Amritsar have changed my name from Mast Ram to Mast Ram Sharma

I, Mast Ram S/o Jai Kishan R/o H.No.8/1, Gali No.4, Near Sunder Nagar, Sawan Nagar, Amritsar have declare that my father was known by two names Jai Kishan Lal and Jai Kishan one and same person.

I Ashok Kumar S/o Sham Murari R/o H.No. 12 Street No. 6, National Avenue Colony, Rama Mandi, Jalandhar, 144023, Punjab, India, Have changed my name from Ashok Kumar to Ashok Kumar Vashisht.

I Lalit Kumar S/o Som Nath Sharma R/O 64, New Prem Nagar PO. Grain Market, Jalandhar, 144008, Punjab, India, Have changed my name from Lalit Kumar to Lalit Sharma.

Vishal son of Surinder Kumar R/o B 31/156, Moh. Neche Banda, Kapurthala, I have changed my name from Vishal to Vishal Kaushal. All concerned may note please.

I Anita Kumari D/o Joginder Pal, R/o Vill. Wariana, PO Nagra , Jalandhar have changed my name from Anita Kumari to Anita Kumari Sahota.

I Arun Kumar S/o Kamaljit Kumar R/o H.No. 143 , Shaheed Bhagat Singh Colony, Jalandhar-144008, have changed my minor son name from Chiraksh to Chiraksh Kumar. All concerned please note.

I, Rishab Kumar S/O Rashpal Singh, Residing At H.no. 14-a, Gulmarg Avenue, Po. Ladhewali, Jalandhar, Punjab 144007, Have changed my name from Rishab Kumar to Rishab (First Name) and Kumar (Last Name). I Shall hereafter be known as Rishab Kumar.

I, Ram Rahul S/o Ram Lal Jassi R/o H. No. B1-959, Ram Nagar, Grain Market, Jalandhar have changed my name to Given name as Ram Rahul & Surname as Jassi. All Please Note. (R)

I, Gurmit Kaur wife of Ram Rahul resident of H. No. B1-959, Ram Nagar, Jalandhar, Punjab, India have changed my name from Gurmit Kaur to Gurmeet Kaur. All Please note.

## Change of Name

I, Rajinder Singh S/o Gurmeet Singh R/o H.No. 192, Ward No. 5, Dultta Wali Gali, Simbal Batala, Tehsil Batala, Distt. Gurdaspur, Punjab-143505 declare that Gurmeet Singh and Gurmit Singh is one and the same person i.e. my father. Concerned Note.

I, Sahib Singh S/o Kulwant Singh R/o Village Atta, P.O. Goraya, Tehsil Phillaur, Distt. Jalandhar, Punjab-144409, India declare that Sahib Singh & Sahib Singh Manku both names are one and the same person. All concerned please note.

I Avinash Singh @ Abinash Singh S/O Karam Singh R/O H.NO B-2 New Dashmesh Nagar , Basti Guzan Jalandhar-144002, Punjab Nearby Declare That Both The Name i.e Avinash Singh and Abinash Singh Are Mine And I am Known By Both Names. All Concerned Please Note.

I, Subhash Chandar S/o Mahinga Ram R/o 370/3, Mohalla Kararkhan, Jalandhar-144008, Punjab have changed my name from Subhash Chandar to Subhash Chander. All concerned please note.

I, Arun s/o Kulwinder Lal r/o Sehjhangi, Po. Basti Guzan, Distt.Jalandhar have changed my name from Arun to Arun Ladhar. All Please Note.

I, Seema Sandal W/o Rakesh Soni (D/o Dinesh Kumar) R/o 199, St No. 3, Dhilwan Road, Dashmesh Nagar, Rama Mandi, Jalandhar have changed my name from Seema Sandal to Seema Soni. All Please Note.

I, Khushveer S/o Rakesh Kumar R/o H.No. BX-1297/3, Chakk Husaina, Lamba Pind, Jalandhar have changed my name from Khushveer to Khushveer Mahey (Surname as Mahey) All Please Note.

I, Guljit Kaur W/o Shingara Singh R/o VPO. Wadala Kalan, Distt. Kapurthala, Punjab have changed my name from Guljit Kaur To Gulpeet Kaur. All Please Note.

I, hither to known as Anmol S/o Darshan Kumar R/o H.No. 161, Bachient Nagar, Po. Reru Pind, Jalandhar, Punjab have changed my name and shall hereafter be known as Anmol Sarangal.

I, hither to known as Sandip W/o Sukhdev R/o H.No. 49 Green Avenue, Near Gol Market, Jalandhar, Punjab have changed my name and shall hereafter be known as Paramjit Kaur.

I, Gurbaksh Kaur alias Baljinder Kaur D/o Kishan Lal W/o Balwinder Singh R/o Village Luhar Nangal, P.O. Mithapur, Jalandhar, Punjab-144022 have changed my name to Baljinder Kaur. All Please Note.

I, Rajveer Kaur d/o Jagjit Singh R/o Vill. Giddar Pindi, Po. Zahura, Distt. Hoshiarpur-144203, Punjab have changed my name to Given name as Rajveer & Surname as Kaur. All Please Note.

I, Seema W/o Rakesh Soni (D/o Dinesh Kumar) R/o H.No.199, St No.3, Dhilwan Road, Dashmesh Nagar, Rama Mandi, Jalandhar have changed my name from Seema to Seema Soni. All Please note.

## ਆਮ ਸੂਚਨਾ

ਮੈਂ, Rashpal Singh S/o Ram Kishan ਵਾਸੀ Sws-28 ਸਰਾਭਾ ਨਗਰ ਸੰਤੋਖਪੁਰਾ, ਜਲੰਧਰ ਮੇਰੇ ਦਸਵੀਂ ਦੇ ਸਰਟੀਫਿਕੇਟ ਵਿਚ ਮੇਰਾ ਨਾਂਅ Rashpaul Singh S/o Ram Kishan Chand ਹੈ, ਜੋ ਕਿ ਗਲਤ ਹੈ। ਮੇਰਾ ਸਹੀ ਨਾਂਅ Rashpal Singh S/o Ram Kishan ਹੈ, ਨੋਟ ਕਰੋ।

## ਬੇਦਖਲੀ ਨੋਟਿਸ

ਮੈਂ ਭੁਪਿੰਦਰ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਨੱਥੂਚੱਕ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ ।ਮੇਰਾ ਲੜਕਾ ਅਰਸ਼ਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਆਪਣੇ ਲੜਕੇ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ । ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ ।

ਮੈਂ, ਮਨਜੀਤ ਕੌਰ ਪਤਨੀ ਬੇਅੰਤ ਸਿੰਘ, ਵਾਸੀ ਪਿੰਡ ਲੋਹਗੜ੍ਹ, ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੇਰੀ ਭਤੀਜੀ ਨਵਰੀਨ ਕੌਰ ਸਿੱਧੂ (17) ਪੁੱਤਰੀ ਗੁਰਚਰਨ ਸਿੰਘ, ਵਾਸੀ ਪਿੰਡ ਬੱਡੂਵਾਲ ਜ਼ਿਲ੍ਹਾ ਮੋਗਾ ਜੋ ਕਿ ਮੇਰੇ ਪਾਸ ਰਹਿੰਦੀ ਹੈ, ਨਵਰੀਨ ਕੌਰ ਦੇ ਪਿਤਾ ਅਤੇ ਦਾਦੇ ਦਾ ਦੇਹਾਂਤ ਹੋ ਚੁੱਕਾ ਹੈ। ਉਕਤ ਲੜਕੀ ਬੁਰੀ ਸੰਗਤ ਵਿੱਚ ਪੈ ਚੁੱਕੀ ਹੈ ਅਤੇ ਮੇਰੇ ਕਹਿਣੇ ਤੋਂ ਬਾਹਰ ਹੈ, ਹੁਣ ਮੇਰਾ ਅਤੇ ਮੇਰੇ ਪਰਿਵਾਰ ਦਾ ਉਸ ਨਾਲ ਕੋਈ ਸੰਬੰਧ ਨਹੀਂ ਹੈ, ਮੈਂ ਉਸ ਨੂੰ ਆਪਣੀ ਅਤੇ ਆਪਣੇ ਭਰਾ ਦੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ ਦੇਣ ਕਰਨ ਜਾਂ ਸੰਬੰਧ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਜਸਪਾਲ ਕੌਰ ਪਤਨੀ ਸਵ: ਅਮਰਜੀਤ ਸਿੰਘ ਪਿੰਡ ਬਰਸਾਲਪੁਰ ਤਹਿਸੀਲ ਚਮਕੌਰ ਸਾਹਿਬ (ਰੂਪਨਗਰ) ਨੇ ਆਪਣੇ ਲੜਕੇ ਲਵਲੀ ਸਿੰਘ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ, ਕਿਉਂਕਿ ਇਹ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਮੈਂ, ਹਰਨਾਮ ਦਾਸ ਪੁੱਤਰ ਭਗਵਾਨ ਦਾਸ, ਵਾਸੀ ਬੁਢਲਾਡਾ, ਜ਼ਿਲ੍ਹਾ ਮਾਨਸਾ ਦਾ ਹਾਂ। ਮੇਰਾ ਲੜਕਾ ਸੰਨੀ ਕੁਮਾਰ ਤੇ ਉਸ ਦੀ ਪਤਨੀ ਰੰਜੂ ਬਾਲਾ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਅੱਜ ਤੋਂ ਦੋਵਾਂ ਨੂੰ ਆਪਣੀ ਚੱਲ/ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ।ਅੱਜ ਤੋਂ ਬਾਅਦ ਸਾਡਾ ਉਨ੍ਹਾਂ ਨਾਲ ਕੋਈ ਸੰਬੰਧ ਨਹੀਂ।

ਮੈਂ, ਰਾਜ ਰਾਣੀ ਪਤਨੀ ਲੇਟ ਰੂਪ ਲਾਲ ਵਾਸੀ ਮਕਾਨ ਨੰ: 481, ਵਾਰਡ ਨੰ: 2, ਮੁਹੱਲਾ ਰਾਗੜੀਆਂ ਆਦਮਪੁਰ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਗਗਨਦੀਪ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਸੰਬੰਧ ਨਹੀਂ।

ਅਸੀਂ ਪ੍ਰਮੋਦ ਮਿਤਰਾ ਪੁੱਤਰ ਸ੍ਰੀ ਆਰ. ਕੇ ਮਿਤਰਾ ਵਾ ਸ਼ਸ਼ੀ ਮਿਤਰਾ ਪਤਨੀ ਪ੍ਰਮੋਦ ਮਿਤਰਾ, ਵਾਸੀਆਨ ਮਕਾਨ ਨੰ: ਐੱਸ-240, ਵਾਰਡ ਨੰ: 3, ਹਰਗੋਬਿੰਦ ਨਗਰ, ਧੋਗੜੀ ਰੋਡ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਪੁੱਤਰ ਰਮਿਤ ਮਿਤਰਾ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਬਲਦੇਵ ਸਿੰਘ ਪੁੱਤਰ ਜਾਗਰ ਸਿੰਘ, ਪਿੰਡ ਪਲਾਸੌਰ (ਸੰਗਰੂਰ) ਆਪਣੀ ਲੜਕੀ ਖੁਸ਼ਪ੍ਰੀਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜ਼ਿੰਮੇਵਾਰ ਹੋਣਗੇ।

ਮੈਂ ਰਜਨੀ ਬਾਲਾ ਪਤਨੀ ਪੂਰਨ ਚੰਦ ਵਾਸੀ ਮਕਾਨ ਨੰਬਰ 381, ਕਾਲਾ ਨੰਗਲ ਮੋੜ, ਦਸ਼ਮੇਸ਼ ਨਗਰ, ਤਹਿਸੀਲ ਬਟਾਲਾ, ਜਿਲ੍ਹਾ ਗੁਰਦਾਸਪੁਰ । ਮੇਰੀ ਲੜਕੀ ਆਰਤੀ ਲੜਕਾ ਅਮਨ ਮਾਨ ਨਾਲ ਵਿਆਹੀ ਹੋਈ ਹੈ। ਉਹ ਅੱਜ ਬਿਨਾ ਦਸੇ ਕਿਸੇ ਲੜਕੇ ਨਾਲ ਕਿਤੇ ਚਲੀ ਗਈ ਹੈ । ਉਹ ਆਪਣਾ 5 ਸਾਲ ਦਾ ਲੜਕਾ ਛੱਡ ਗਈ ਹੈ । ਮੈਂ ਇਸ ਨੂੰ ਆਪਣੀ ਚੱਲ - ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਲੈਣ ਦੇਣ ਕਰਨ ਵਾਲੇ ਖੁਦ ਜ਼ਿੰਮੇਵਾਰ ਹੋਣਗੇ।

ਮੈਂ ਚੜ੍ਹਤ ਸਿੰਘ ਪੁੱਤਰ ਸ੍: ਭੰਗਾ ਸਿੰਘ ਵਾਸੀ ਪਿੰਡ ਕੋਹਾੜਕਾ ਤਹਿ. ਜ਼ਿਲ੍ਹਾ ਤਰਨ ਤਾਰਨ ਦਾ ਰਹਿਣ ਵਾਲਾ ਹਾਂ, ਹੇਠ ਲਿਖਿਆ ਬਿਆਨ ਕਰਦਾ ਹਾਂ, ਮੇਰਾ ਲੜਕਾ ਯੁਵਰਾਜ ਸਿੰਘ ਅਤੇ ਇਸ ਦੀ ਪਤਨੀ ਪਰਨੀਤ ਕੌਰ ਜ਼ੋ ਕੇ ਵਿਦੇਸ਼ ਰਹਿੰਦੇ ਹਨ।ਇਹ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੈਨੂੰ ਤੰਗ ਪਰੇਸ਼ਾਨ ਕਰਦੇ ਹਨ।ਇਹਨਾਂ ਨੂੰ ਮੈਂ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਮੈਂ. MANTU ਪੁੱਤਰ ਸ੍ਰੀ ਕਸ਼ਮੀਰੀ ਲਾਲ ਵਾਸੀ ਮਕਾਨ ਨੰਬਰ 45, ਨਿੱਕਾ ਸਿੰਘ ਕਲੋਨੀ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਰਜੁਨ ਉਰਫ ਰੀਤਮ ਉਮਰ ਤਕਰੀਬਨ 22 ਸਾਲ ਜੋ ਕਿ ਕੁਆਰਾ ਹੈ, ਜੇ ਕਿ ਮੇਰੇ ਅਤੇ ਮੇਰੇ ਪਰਿਵਾਰ ਦੇ ਕਹਿਣੇ ਤੋਂ ਬਾਹਰ ਹੈ ਅਤੇ ਬੁਰੀ ਸੰਗਤ ਦਾ ਸ਼ਿਕਾਰ ਹੈ। ਜੇਕਰ ਇਸ ਨਾਲ ਮੇਰਾ ਕੋਈ ਵੀ ਭੈਣ ਭਰਾ ਰਿਸ਼ਤੇਦਾਰ ਦੂਰ ਨੇੜੇ ਨਿਕਟੀ ਸਾਕ ਸਬੰਧੀ, ਸੱਜਣ, ਮਿੱਤਰ, ਵਗੈਰਾ ਲੈਣ ਦੇਣ ਕਰੇਗਾ ਤਾਂ ਲੈਣ ਦੇਣ ਕਰਨ ਵਾਲਾ ਹੀ ਜ਼ਿੰਮੇਵਾਰ ਹੋਵੇਗਾ, ਉਸ ਨਾਲ ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਕੋਈ ਵੀ ਤਲਕ ਵਾਸਤਾ ਕਿਸੇ ਕਿਸਮ ਦਾ ਨਹੀਂ ਹੋਵੇਗਾ।ਮੈਂ ਆਪਣੇ ਲੜਕੇ ਅਰਜੁਨ ਉਰਵ ਰੀਤਮ ਨੂੰ ਆਪਣੀ ਕੁੱਲ ਚੱਲ ਅਤੇ ਅਚੱਲ ਜਾਇਦਾਦ ਵਿਚ ਆਪਣੇ ਘਰੋ ਬੇਦਖਲ ਕਰਦਾ ਹਾਂ।

## ਬੇਦਖਲੀ ਨੋਟਿਸ

ਮੈਂ, ਪਿੰਕੀ ਬਾਲਾ ਪਤਨੀ ਰਾਜੂ ਵਾਸੀ ਮਕਾਨ ਨੰ: 52, ਗਲੀ ਨੰ: 2, ਭਵਾਨੀ ਨਗਰ, ਮਜੀਠਾ ਰੋਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਮਿਤ ਗਿੱਲ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਅਸੀਂ, ਰਾਮ ਭਵਨ ਪੁੱਤਰ ਰਾਮ ਚਰਨ ਵਾਸੀ ਨਿਊ ਦਸਮੇਸ਼ ਨਗਰ ਗਲੀ ਨੰ: 8, ਕੋਟ ਖਾਲਸਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸ਼ਿਵ ਸ਼ੰਕਰ ਅਤੇ ਉਸ ਦੀ ਪਤਨੀ ਕਿਰਨ ਸਾਡੇ ਕਹਿਣੇ ਤੋਂ ਬਾਹਰ ਹਨ ਅਤੇ ਧਮਕੀਆਂ ਦਿੰਦੇ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਕਿਸੇ ਕਿਸਮ ਦਾ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਜਾਂ ਸਾਡੇ ਬਾਕੀ ਪਰਵਾਰ ਦਾ ਇਨ੍ਹਾਂ ਨਾਲ ਖੂਨੀ ਰਿਸ਼ਤਾ ਖਤਮ ਹੋ ਗਿਆ ਹੈ।

ਮੈਂ, ਹਰਬੰਸ ਕੌਰ ਪਤਨੀ ਬੋਧ ਰਾਜ ਵਾਸੀ ਵਾਰਡ ਨੰਬਰ 7, ਕੀਮਤੋ ਐਮ ਸੀ ਵਾਲੀ ਗਲੀ, ਗਾਂਧੀ ਨਗਰ ਕੈਂਪ, ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਣਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅੱਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸਬੰਧਿਤ ਨੋਟ ਕਰਨ।

ਮੈਂ, ਰਣਜੀਤ ਕੌਰ ਪੁੱਤਰੀ ਕਰਨੈਲ ਸਿੰਘ ਵਾਸੀ ਮਕਾਨ ਨੰ: 59/2, ਬਚਿੰਤ ਨਗਰ, ਰੇਰੂ, ਨੂਰਪੁਰ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਜਸਵਿੰਦਰ ਕੌਰ ਮੇਰੀ ਲੜਕੀ ਹੈ ਤੇ ਉਸਦੇ ਪਤੀ ਮਲਕੀਤ ਸਿੰਘ ਦੀ ਮੌਤ ਪੰਜ ਸਾਲ ਪਹਿਲਾਂ ਹੋ ਗਈ ਸੀ। ਹੁਣ ਮੇਰੀ ਲੜਕੀ ਜਸਵਿੰਦਰ ਕੌਰ ਤੇ ਉਸਦੀ ਲੜਕੀਆਂ ਗੁਰਪ੍ਰੀਤ ਕੌਰ ਅਤੇ ਦਲਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਮੈਂ, ਬਲਬੀਰ ਸਿੰਘ ਪੁੱਤਰ ਸ੍ਰੀ ਲਾਭ ਸਿੰਘ ਵਾਸੀ ਮਕਾਨ ਨੰ: 9, ਕੁਕੀਵਾਸ ਨੇੜੇ ਬੈਂਕ ਇਨਕਲੇਵ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਜੀਤ ਸਿੰਘ, ਉਸਦੀ ਪਤਨੀ ਹਰਪ੍ਰੀਤ ਕੌਰ ਤੇ ਪੋਤਰਾ ਮਨਜੋਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ ਮਨਜੀਤ ਕੌਰ ਵਿਧਵਾ ਪਤਨੀ ਮੇਜਰ ਕੁਮਾਰ ਵਾਸੀ ਪਿੰਡ ਸ਼ਾਹਪੁਰ ਜ਼ਾਜਨ ਤਹਿਸੀਲ ਕਲਾਨੌਰ ਜ਼ਿਲ੍ਹਾ ਗੁਰਦਾਸਪੁਰ ਬਿਆਨ ਹਲਫੀਆ ਕਰਦੀ ਹਾਂ ਕਿ ਮੇਰੀ ਲੜਕੀ ਨੇਹਾ ਮੇਰੇ ਕਹਿਣੇ ਵਿੱਚ ਨਹੀ ਹੈ । ਮੈਂ ਆਪਣੀ ਲੜਕੀ ਨੇਹਾ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ,ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ਸਬੰਧਤ ਨੋਟ ਕਰਨ ।

ਮੈਂ, ਸਿਮਰਨਜੀਤ ਕੌਰ ਪਤਨੀ ਅਸ਼ਵਨੀ ਕੁਮਾਰ, ਵਾਸੀ ਪਿੰਡ ਬਿਧੀਪੁਰ, ਡਾਕਖਾਨਾ ਟਿੱਬਾ, ਜ਼ਿਲ੍ਹਾ ਕਪੂਰਥਲਾ, ਬਿਆਨ ਕਰਦੀ ਹਾਂ ਕਿ ਮੈਂ ਆਪਣੇ ਲੜਕੇ ਦੀਪਕ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਹੈ। ਇਸ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਾਰੇ ਸਬੰਧਤ ਨੋਟ ਕਰਨ।

ਮੈਂ ਹਰਬੰਸ ਸਿੰਘ ਪੁੱਤਰ ਮੁਖਤਾਰ ਸਿੰਘ ਵਾਸੀ ਪਿੰਡ ਤਰਸਿੱਕਾ ਤਹਿਸੀਲ ਬਾਬਾ ਬਕਾਲਾ ਜਿਲਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰੀ ਲੜਕੀ ਦੁਪਿੰਦਰਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਉਸ ਨੂੰ ਆਪਣੀ ਚੱਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

## ਨਾਂਅ ਦੀ ਬਦਲੀ

ਮੈਂ, ਹਰਜਿੰਦਰ ਸਿੰਘ (ਦਿੱਤਾ ਗਿਆ ਨਾਮ) S/o ਸਮਸ਼ੇਰ ਸਿੰਘ ਵਾਸੀ ਗੰਗੋਹਰ (ਬਰਨਾਲਾ) ਨੇ ਆਪਣਾ ਨਾਂਅ ਬਦਲ ਕੇ ਹਰਜਿੰਦਰ (ਦਿੱਤਾ ਗਿਆ ਨਾਮ) ਸਿੰਘ (ਉੱਪ ਨਾਮ) ਰੱਖ ਲਿਆ ਹੈ।

## ਆਮ ਸੂਚਨਾ

ਮੈਂ, ਰੂਪ ਲਾਲ ਪੁੱਤਰ ਜਗਤ ਰਾਮ ਵਾਸੀ ਪਿੰਡ ਚੂਹੜਵਾਲੀ, ਡਾਕ: ਆਦਮਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਅਸ਼ੋਕ ਕੁਮਾਰ, ਮੇਰੀ ਨੂੰਹ ਦਵਿੰਦਰਜੀਤ ਕੌਰ ਤੇ ਉਨ੍ਹਾਂ ਦੇ ਬੱਚੇ ਭਵਿਸ਼ਿਆ ਤੇ ਅਰਪਿਤਾ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਮਿਤੀ 29-06-2009 ਨੂੰ ਆਪਣੀ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਇਹ ਸਾਰੇ ਮੇਰੇ ਕਹਿਣੇ ਵਿੱਚ ਹਨ। ਇਸ ਲਈ ਮੈਂ ਆਪਣੀ ਦਿੱਤੀ ਹੋਈ ਬੇਦਖਲੀ ਵਾਪਸ ਲੈਂਦਾ ਹਾਂ। ਸਬੰਧਿਤ ਨੋਟ ਕਰਨ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## COURT NOTICE

(U/o 5 Rule 20 CPC)
In the Court of Sh. Munish Garg
Civil Judge (Senior Division), Barnala
CNR No. PBBR02-002029-2025
Next Date:- 18-12-2025
Tarandeep Singh
Vs.
General Public
Publication Issued To:
General Public
:- Barnala

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 18-12-2025 at 10:00 a.m.

For details logon to https://highcourtchd.gov.in/?mod=district_notice&district=barnala

Civil Judge (Senior Division), Barnala
Dated, this day of 03-11-2025

## COURT NOTICE

In The Court Of Sh. Anupam Gupta Judicial Magistrate-Ist Class -II Barnala
CNR No. :- PBBR03-001256-2024
Next Date:-09-01-2026
ASHWANI KUMAR
VS.
HARJINDER SINGH DAHELE
Detail of offence:-
Notice To:
Harjinder Singh Dahele
Father: :- Kewal Singh
C/o Amandeep Electric Co., Near Punjab National Bank, Purani Dana Mandi, Nihal Singh Wala Distt. Moga

In above titled case, the accused could not be served. It is ordered that accused should appear in person or through counsel on 09-01-2026 at 10.00 a.m.

For details logon to https://highcourtchd.gov.in/?mod=district_notice&district=mogacourt.

Judicial Magistrate-Ist Class -II Barnala
Dated, this day of 31-10-2025

## ਦਫਤਰ ਨਗਰ ਕੌਂਸਲ ਕਰਤਾਰਪੁਰ ਜ਼ਿਲ੍ਹਾ ਜਲੰਧਰ

### ਪਬਲਿਕ ਨੋਟਿਸ

ਇਸ ਨੋਟਿਸ ਰਾਹੀਂ ਹਰ ਆਮ ਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਤਰਲੋਚਨ ਸਿੰਘ ਪੁੱਤਰ ਕੇਵਲ ਸਿੰਘ ਵਾਸੀ ਮਕਾਨ ਨੰਬਰ 2550 ਮੁਹੱਲਾ ਕਾਲੇ ਵਾਲਾ ਕਰਤਾਰਪੁਰ ਵੱਲੋਂ ਲਿਖਤੀ ਬੇਨਤੀ ਕੀਤੀ ਹੈ ਕਿ ਮਕਾਨ ਯੂ.ਆਈ.ਡੀ. ਨੰਬਰ ਬੀ-07-0332 ਰਕਬਾ ਲੱਗਭੱਗ 1-1/2 ਮਰਲੇ ਵਾਕਿਆ ਮੁਹੱਲਾ ਕਾਲੇ ਵਾਲਾ ਕਰਤਾਰਪੁਰ ਉਹਨਾਂ ਦੇ ਪਿਤਾ ਕੇਵਲ ਸਿੰਘ ਦੀ ਮਲਕੀਤੀ ਹੈ ਅਤੇ ਉਹਨਾਂ ਨੇ ਇਹ ਪ੍ਰਾਪਰਟੀ ਬੈਨਾਮਾ ਨੰਬਰ 413 ਮਿਤੀ 12.07.2010 ਅਨੁਸਾਰ ਖਰੀਦ ਕੀਤੀ ਸੀ।ਬਿਨੈਕਾਰ ਨੇ ਆਪਣਾ ਹਲਫੀਆ ਬਿਆਨ ਪੱਤਰ, ਆਪਣੇ ਪਿਤਾ ਕੇਵਲ ਸਿੰਘ ਦੀ ਮੌਤ ਦੇ ਸਰਟੀਫਿਕੇਟ ਦੀ ਕਾਪੀ, ਰਜਿਸਟਰਡ ਵਸੀਅਤ ਦੀ ਫੋਟੋ ਕਾਪੀ, ਪੁਰਾਣੀ ਬੈਨਾਮਾ ਦੀ ਫੋਟੋ ਕਾਪੀ ਨਾਲ ਨੱਥੀ ਕੀਤੀ ਗਈ ਹੈ।ਬਿਨੈਕਾਰ ਦੇ ਪਿਤਾ ਕੇਵਲ ਸਿੰਘ ਨੇ ਉਕਤ ਪ੍ਰਾਪਰਟੀ ਸੰਬੰਧੀ ਇੱਕ ਰਜਿਸਟਰਡ ਵਸੀਅਤ ਨੰਬਰ 2021-22/185/3/16 ਮਿਤੀ 15.06.2021 ਨੂੰ ਆਪਣੇ ਪੁੱਤਰ ਤਰਲੋਚਨ ਸਿੰਘ ਦੇ ਹੱਕ ਵਿੱਚ ਕੀਤੀ ਹੈ।ਬਿਨੈਕਾਰ ਦੇ ਪਿਤਾ ਦੀ ਮੌਤ ਮਿਤੀ 08.05.2025 ਨੂੰ ਹੋ ਚੁੱਕੀ ਹੈ।

ਨਗਰ ਕੌਂਸਲ ਦੇ ਟੀ.ਐਸ.1 ਰਿਕਾਰਡ ਵਿੱਚ ਇਹ ਮਕਾਨ ਕੇਵਲ ਸਿੰਘ ਦੇ ਨਾਂਅ 'ਤੇ ਦਰਜ ਹੈ।ਇਸ ਲਈ ਹੁਣ ਉਕਤ ਮਕਾਨ ਦਾ ਇੰਦਰਾਜ਼ ਪ੍ਰਾਪਰਟੀ ਟੈਕਸ ਸਰਵੇ ਰਿਕਾਰਡ ਵਿੱਚ ਪ੍ਰਾਪਰਟੀ ਟੈਕਸ ਮੰਤਵ ਲਈ ਤਰਲੋਚਨ ਸਿੰਘ ਪੁੱਤਰ ਕੇਵਲ ਸਿੰਘ ਦੇ ਨਾਂਅ 'ਤੇ ਪ੍ਰਾਪਰਟੀ ਟੈਕਸ ਸਰਵੇ ਰਿਕਾਰਡ ਵਿੱਚ ਦਰਜ/ਤਬਦੀਲ/ਟਰਾਂਸਫਰ ਕਰਨ ਲਈ 2 ਅਖਬਾਰਾਂ ਵਿੱਚ 30 ਦਿਨਾਂ ਦੇ ਅੰਦਰ-ਅੰਦਰ ਇਤਰਾਜ਼ ਲੈਣੇ ਜ਼ਰੂਰੀ ਹਨ।ਇਸ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਨੋਟਿਸ ਛਪਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਇਸ ਦਫਤਰ ਵਿਖੇ ਲਿਖਤੀ ਤੌਰ 'ਤੇ ਕਰ ਸਕਦਾ ਹੈ।ਇਸ ਤੋਂ ਬਾਅਦ ਵਿੱਚ ਆਏ ਕਿਸੇ ਵੀ ਇਤਰਾਜ਼ 'ਤੇ ਵਿਚਾਰ/ਗੌਰ ਨਹੀਂ ਕੀਤਾ ਜਾਵੇਗਾ।

ਸਹੀ/-ਕਾਰਜ ਸਾਧਕ ਅਫਸਰ, ਨਗਰ ਕੌਂਸਲ ਕਰਤਾਰਪੁਰ।

## PUBLIC NOTICE

Sukhwinder Kaur C/o Amandeep Singh S/o Sher Singh (w/o Satinderpal Singh) (d/o Kashmira Singh) R/o Village Kauri, Tehsil Khanna, Distt. Ludhiana. 141401. Sukhwinder Kaur w/o Satinderpal Singh (D/o Kashmira Singh) R/o Village Begowal, Tehsil and Distt. Kapurthala through attorney Kashmira Singh S/o Dalip Singh R/o ward No.2, Village Begowal, Sarupwali, Tehsil Bholath, Distt. Kapurthala,

Subject: Notice for Dissolution of Partnership firms/deeds dated 24/02/2022 and 08/03/2022 in the name and style of "M/s Dasmesh filling Station, Bholath, Kapurthala",

That I had applied for dealership of MS/HSD B Site retail outlet dealership at location bholath District Kapurthala State Punjab category, OBC vide application form No. 15454702039628 as per advertisement dated 25/11/2018. That IOCL issued me a letter of intent dated 29/11/2019 and offered a retail outlet dealership of Indian oil corporation limited to me at the above said location on the terms and conditions mentioned therein. That I deposited the amounts from my own pocket as demanded in the above said letter of intent. That as per terms and condition No.15 of the letter of intent of Indian Oil corporation Limited you my wife Sukhwinder kaur was inducted being spouse as co-Partner in the dealership, though the whole amount spent on the project was born by me and you was made partner in the dealership which is in the name and style of "M/s Dasmesh filling station, Bholath, Kapurthala" as per term and condition no.15 of the letter of intent issued by I.O.C.L and the partnership are at will. That on 19/05/2023 you left my house with one Amandeep Singh and you took along with you Rs.3,50,000/- Gold Ornaments which includes two Rings, one set, two Earnings, Two Topas and one attaché full of clothes which was stolen by you and deceived me and till date you are living there with Amandeep Singh in adultery and has not come home till today. That I had informed the police who is conducting the enquiry. That you have filed vague and false suits for the reasons best known' to you. . That U.C.O bank Bholath is calling both the Partners to renew the documents and accounts as well KYC as per requirement of Bank as well as Required in the partnership deed but you are not coming to the bank for the said purposes, So you are making hindrance in the working of the firm and due to your above behaviour the firm / dealership of MS/HSD B retail outlet known as M/S Dasmesh Filing Station Bholath had stopped functioning. This all happened due to your misdeeds, misconduct, misbehaviour which is against the terms and conduct of partnerships, You have done all the acts against the business as well as partnership, Hence you have no right to remain as partner of the firm, I have spent my whole amount earned in my life moreover I got loan also to carry on this business, So I hereby dissolve the partnership firm known as "M/s Dasmesh filling Station, Bholath, Kapurthala" from 20/10/2025.

Dated: 20/10/2025   Sd/-of Satinder Pal Singh
Satinderpal Singh Partner M/s Dasmesh Filling Station Bholath, Distt. Kapurthala

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਤਰਸੇਮ ਲਾਲ ਨਾਇਬ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ-1, ਅਟਾਰੀ, ਜ਼ਿਲ੍ਹਾ ਅੰਮ੍ਰਿਤਸਰ
ਕੇਸ ਨੰਬਰ:- Other Cases10/2023   ਕਿਸਮ ਕੇਸ: ਗਿਰਦਾਵਰੀ   ਤਾਰੀਖ ਪੇਸ਼ੀ : 06.11.2025
ਅਨੁਵਾਨ : ਉਂਕਾਰ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਹਰਨਾਮ ਸਿੰਘ, ਵਾਸੀ ਪਿੰਡ ਮੁਹਾਵਾ, ਸਬ-ਤਹਿਸੀਲ ਅਟਾਰੀ, ਜ਼ਿਲ੍ਹਾ ਅੰਮ੍ਰਿਤਸਰ ਹਾਲ ਵਾਸੀ ਪਿੰਡ ਗੱਲੂਵਾਲ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ

ਬਨਾਮ

ਗਿਆਨ ਕੌਰ ਵਿਧਵਾ ਬੁੱਕਨ ਸਿੰਘ ਪੁੱਤਰ ਕਰਮ ਸਿੰਘ ਅਤੇ ਹੋਰ, ਵਾਸੀ ਪਿੰਡ ਮੁਹਾਵਾ, ਸਬ-ਤਹਿਸੀਲ ਅਟਾਰੀ, ਜ਼ਿਲ੍ਹਾ ਅੰਮ੍ਰਿਤਸਰ

ਦਰਖਾਸਤ ਬਰਾਏ ਦਰੁਸਤੀ ਖਸਰਾ ਗਿਰਦਾਵਰੀ ਕੁੱਲ ਰਕਬਾ 16 ਕਨਾਲ 09 ਮਰਲੇ, ਮੁਤਾਬਿਕ ਜਮ੍ਹਾਂਬੰਦੀ ਸਾਲ 2017-2018, ਵਾਕਿਆ ਰਕਬਾ ਪਿੰਡ ਮੁਹਾਵਾ ਹੱਦਬਸਤ ਨੰਬਰ 419, ਸਬ-ਤਹਿਸੀਲ ਅਟਾਰੀ, ਜ਼ਿਲ੍ਹਾ ਅੰਮ੍ਰਿਤਸਰ।

ਉਪਰੋਕਤ ਅਨੁਵਾਨ ਕੇਸ ਵਿੱਚ ਤਾਰੀਖ ਪੇਸ਼ੀ ਮਿਤੀ 06.11.2025 ਨੂੰ ਸੁਣਵਾਈ ਲਈ ਨਿਸ਼ਚਿਤ ਹੋਈ ਹੈ। ਹੇਠ ਲਿਖੇ ਉੱਤਰਵਾਦੀ ਧਿਰਾਂ ਨੂੰ ਇਸ ਅਖਬਾਰ ਨੋਟਿਸ/ਅਦਾਲਤੀ ਇਸ਼ਤਿਹਾਰ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਉਕਤ ਕੇਸ ਦੀ ਪੈਰਵੀ ਲਈ ਮਿਤੀ 06.11.2025 ਨੂੰ ਸਵੇਰੇ 10:00 ਵਜੇ ਇਸ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਹਾਜ਼ਰ ਆਉਣ । ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇੱਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ।ਇਹ ਅਦਾਲਤੀ ਇਸ਼ਤਿਹਾਰ ਨਿਮਨਹਸਤਾਖਰ ਦੀ ਅਦਾਲਤੀ ਮੋਹਰ ਹੇਠ ਜਾਰੀ ਕੀਤਾ ਗਿਆ ।

ਉੱਤਰਵਾਦੀ ਨੰ:

1. ਗਿਆਨ ਕੌਰ ਵਿਧਵਾ ਬੁੱਕਨ ਸਿੰਘ ਪੁੱਤਰ ਕਰਮ ਸਿੰਘ 2. ਜੋਗਿੰਦਰ ਸਿੰਘ ਪੁੱਤਰ ਬੁੱਕਨ ਸਿੰਘ ਪੁੱਤਰ ਕਰਮ ਸਿੰਘ 3. ਬਾਗ ਸਿੰਘ ਪੁੱਤਰ ਬੁੱਕਨ ਸਿੰਘ ਪੁੱਤਰ ਕਰਮ ਸਿੰਘ 4. ਬਗੀਚਾ ਸਿੰਘ ਪੁੱਤਰ ਬੁੱਕਨ ਸਿੰਘ ਪੁੱਤਰ ਕਰਮ ਸਿੰਘ 5. ਸੰਤੋਖ ਸਿੰਘ ਪੁੱਤਰ ਬੁੱਕਨ ਸਿੰਘ ਪੁੱਤਰ ਕਰਮ ਸਿੰਘ 6. ਵੀਰ ਸਿੰਘ ਪੁੱਤਰ ਬੁੱਕਨ ਸਿੰਘ ਪੁੱਤਰ ਕਰਮ ਸਿੰਘ 7. ਪਾਸੋ ਪੁੱਤਰੀ ਬੁੱਕਨ ਸਿੰਘ ਪੁੱਤਰ ਕਰਮ ਸਿੰਘ 8. ਗੁਰੋ ਪੁੱਤਰੀ ਬੁੱਕਨ ਸਿੰਘ ਪੁੱਤਰ ਕਰਮ ਸਿੰਘ 9. ਗੁਲਾਬ ਸਿੰਘ ਪੁੱਤਰ ਬੁੱਕਨ ਸਿੰਘ ਪੁੱਤਰ ਕਰਮ ਸਿੰਘ 10. ਬਲਕਾਰ ਸਿੰਘ ਪੁੱਤਰ ਬੂਟਾ ਸਿੰਘ 11. ਮਨੋਹਰ ਸਿੰਘ ਪੁੱਤਰ ਬੂਟਾ ਸਿੰਘ 12. ਅੰਬੋ ਪੁੱਤਰੀ ਬੂਟਾ ਸਿੰਘ 13. ਚੰਨੋ ਪੁੱਤਰੀ ਬੂਟਾ ਸਿੰਘ 14. ਸੀਤੋ ਪੁੱਤਰੀ ਬੂਟਾ ਸਿੰਘ 15. ਜਸਵੰਤ ਸਿੰਘ ਪੁੱਤਰ ਹਰਬੰਸ ਕੌਰ ਪੁੱਤਰੀ ਕਰਮ ਸਿੰਘ 16. ਸਵਿੰਦਰ ਕੌਰ ਵਿਧਵਾ ਵਸਾਖਾ ਸਿੰਘ ਪੁੱਤਰ ਹਰਬੰਸ ਕੌਰ 17. ਕਰਤਾਰ ਸਿੰਘ ਪੁੱਤਰ ਵਸਾਖਾ ਸਿੰਘ ਪੁੱਤਰ ਹਰਬੰਸ ਕੌਰ 18. ਗੁਲਜਾਰ ਸਿੰਘ ਪੁੱਤਰ ਵਸਾਖਾ ਸਿੰਘ ਪੁੱਤਰ ਹਰਬੰਸ ਕੌਰ 19. ਗੁਰਬੀਰ ਸਿੰਘ ਪੁੱਤਰ ਵਸਾਖਾ ਸਿੰਘ ਪੁੱਤਰ ਹਰਬੰਸ ਕੌਰ 20. ਭੁਪਿੰਦਰ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਹਰਨਾਮ ਸਿੰਘ 21. ਜਸਵਿੰਦਰ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਹਰਨਾਮ ਸਿੰਘ 22. ਤਲਵਿੰਦਰ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਹਰਨਾਮ ਸਿੰਘ, ਸਾਰੇ ਵਾਸੀਆਨ ਪਿੰਡ ਮੁਹਾਵਾ, ਸਬ-ਤਹਿਸੀਲ ਅਟਾਰੀ, ਜ਼ਿਲ੍ਹਾ ਅੰਮ੍ਰਿਤਸਰ

ਨੰਬਰ, ਰੀਡਰ/146 ਮਿਤੀ 30/10/25   ਨਾਇਬ ਤਹਿਸੀਲਦਾਰ ਦਰਜਾ-1 ਅਟਾਰੀ (ਅੰਮ੍ਰਿਤਸਰ)

## AXIS BANK

Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001.
Registered Office: 'Trishul', 3rd Floor, Oppsite Samartheswar Temple, Law Garden, Ellisbridge, Ahmedabad-380006.

### ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਦੀ ਪਾਲਣਾ 'ਚ ਪਬਲਿਕ ਨੋਟਿਸ

ਇਹ ਨੋਟਿਸ ਆਮ ਜਨਤਾ ਦੀ ਜਾਣਕਾਰੀ ਲਈ ਹੈ ਕਿ ਨਿਮਨ ਲਿਖਤ ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ ਬੈਂਕ ਤੋਂ ਪ੍ਰਾਪਤ ਕੀਤੀ ਵਿੱਤੀ ਕਰਜ਼ਾ ਸਹੂਲਤ ਮੂਲ ਰਕਮ ਅਤੇ ਇਸ 'ਤੇ ਵਿਆਜ ਮੁੜ ਅਦਾਇਗੀ ਕਰਨ 'ਚ ਅਸਫਲ ਰਹੇ ਹਨ। ਸਿੱਟੇ ਵਜੋਂ ਅਜਿਹੇ ਕਰਜ਼ੇ ਨਾਨ-ਪ੍ਰਫਾਰਮਿੰਗ ਐਂਸਟਸ (ਐੱਨ ਪੀ ਏ) ਵਜੋਂ ਕਲਾਸੀਫਾਈਡ ਕਰ ਦਿੱਤੇ ਗਏ ਹਨ। ਉਕਤ ਦੱਸੇ ਐਕਟ ਦੇ ਸੈਕਸ਼ਨ 13 (2) ਅਧੀਨ ਕਰਜ਼ਦਾਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ, ਜੋ ਕਿ ਬਿਨਾਂ ਤਾਮੀਲ ਵਾਪਸ ਆ ਗਏ।

| | ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ/ ਕਾਨੂੰਨੀ ਵਾਰਸ | ਨੋਟਿਸ ਦੀ ਮਿਤੀ | ਐੱਨ ਪੀ ਏ ਦੀ ਮਿਤੀ | ਬਕਾਇਆ ਰਕਮ (ਨੋਟਿਸ ਦੀ ਮਿਤੀ ਅਨੁਸਾਰ) |
|---|---|---|---|---|
| 1. | (1) ਮੈਸਰਜ਼ ਚੰਦਨ ਇੰਟਰਪ੍ਰਾਈਜ਼ਿਜ਼ ਰਾਹੀਂ ਇਸ ਦੇ ਮਾਲਕ ਸਾਹਮਣੇ ਵਰਦਾਨ ਰਾਈਸ ਮਿੱਲ ਮੁਕਤਸਰ-152026 (2) ਸ੍ਰੀ ਚੰਦਨ ਸਲੂਜਾ ਪੁੱਤਰ ਸ੍ਰੀ ਸੰਜੀਵ ਸਲੂਜਾ ਮਕਾਨ ਨੰ. 1242, ਪਿੱਪਲ ਵਾਲੀ ਗਲੀ, ਨੇੜੇ ਚੀਜ਼ ਸਟੋਰੀਜ਼ ਸ਼ੋਅਰੂਮ, ਕੋਟਕਪੂਰਾ ਰੋਡ, ਮੁਕਤਸਰ-152026 | 09-Oct-2025 | 25-Sep-2025 | ਰੁਪਏ 13606291/- (ਇੱਕ ਕਰੋੜ ਛੱਤੀ ਲੱਖ ਛੇ ਹਜ਼ਾਰ ਦੋ ਸੌ ਇਕਾਨਵੇਂ ਰੁਪਏ ਕੇਵਲ) |

ਜਾਇਦਾਦਾਂ ਦਾ ਵੇਰਵਾ

ਜਾਇਦਾਦ ਰਕਬਾ 8 ਕਨਾਲ 18-1/2 ਮਰਲਾ 17 ਕਨਾਲ 17 ਮਰਲੇ 'ਚੋਂ 1/2 ਹਿੱਸਾ, ਖੇਵਟ ਨੰ. 229, 479, ਖਤੌਨੀ ਨੰ. 442, 829, ਰੈਕਟ ਨੰ. 106 ਕਿੱਲਾ ਨੰ. 24 (3-1) ਰੈਕਟ ਨੰ. 123 ਕਿੱਲਾ ਨੰ. 4 (8-0) 7/2 (6-16) ਮਿਊਟੇਸ਼ਨ ਨੰ. 3032 ਅਨੁਸਾਰ ਜਮ੍ਹਾਂਬੰਦੀ ਸਾਲ 2018-19, ਪਿੰਡ ਸਦਰਵਾਲਾ, ਤਹਿਸੀਲ ਤੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਨਾਲ ਸੰਬੰਧਤ ਸਭ ਕੁਝ।

ਜਾਇਦਾਦ ਰਕਬਾ 8 ਕਨਾਲ 18-1/2 ਮਰਲਾ 17 ਕਨਾਲ 17 ਮਰਲੇ 'ਚੋਂ 1/2 ਹਿੱਸਾ, ਖੇਵਟ ਨੰ. 229, 479, ਖਤੌਨੀ ਨੰ. 442, 829 ਰੈਕਟ ਨੰ. 106 ਕਿੱਲਾ ਨੰ. 24 (3-1) ਰੈਕਟ ਨੰ. 123 ਕਿੱਲਾ ਨੰ. 4 (8-0) 7/2 (6-16) ਮਿਊਟੇਸ਼ਨ ਨੰ. 2996, 2997, 2998 ਅਨੁਸਾਰ ਜਮ੍ਹਾਂਬੰਦੀ ਸਾਲ 2018-19, ਪਿੰਡ ਸਦਰਵਾਲਾ ਵਿਖੇ ਸਥਿਤ, ਤਹਿਸੀਲ ਤੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ।

| | | | | |
|---|---|---|---|---|
| 2. | (1) ਮੈਸਰਜ਼ ਸੰਤ ਰਾਮ ਦੀਪ ਚੰਦ ਰਾਹੀਂ ਇਸ ਦੇ ਮਾਲਕ ਸਾਹਮਣੇ ਦੁਕਾਨ ਨੰ. 5, ਲਹਿਰਾਗਾਗਾ, ਸੰਗਰੂਰ-148031 (2) ਸ੍ਰੀ ਦੀਪ ਚੰਦ ਪੁੱਤਰ ਸ੍ਰੀ ਸੰਤ ਰਾਮ (ਮਾਲਕ) ਸਾਹਮਣੇ ਭੀਮ ਸੈਨ ਡੀਪੂ ਹੋਲਡਰ, ਨੇੜੇ ਰੈੱਸਟ ਹਾਊਸ, ਲਹਿਰਾਗਾਗਾ, ਸੰਗਰੂਰ-148031 | 03-Oct-2025 | 05-Sep-2025 | ਰੁਪਏ 3374650/- (ਤੇਤੀ ਲੱਖ ਚਹੁੱਤਰ ਹਜ਼ਾਰ ਛੇ ਸੌ ਪੰਜਾਹ ਰੁਪਏ ਕੇਵਲ) |

ਜਾਇਦਾਦਾਂ ਦਾ ਵੇਰਵਾ

ਬੈਨਾਮਾ ਨੰ. 847 ਮਿਤੀ 13-03-1997 ਅਨੁਸਾਰ ਸ੍ਰੀ ਦੀਪ ਚੰਦ ਦੇ ਨਾਂਅ 'ਤੇ ਰਜਿਸਟਰਡ ਜਾਇਦਾਦ/ਮਕਾਨ ਰਕਬਾ 900 ਵਰਗ ਫੁੱਟ, ਨੇੜੇ ਰੈੱਸਟ ਹਾਊਸ ਲਹਿਰਾਗਾਗਾ ਵਿਖੇ ਸਥਿਤ, ਜ਼ਿਲ੍ਹਾ ਸੰਗਰੂਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਸਾਈਟ ਅਨੁਸਾਰ) ਪੂਰਬ : ਸ਼ੀਸ਼ਪਾਲ ਦਾ ਮਕਾਨ ਬਾਹੀ 16'-6", ਪੱਛਮ : ਸੜਕ ਬਾਹੀ 16'-6", ਉੱਤਰ : ਕੀਮਤ ਰਾਏ ਦਾ ਮਕਾਨ ਅਤੇ ਚਬੂਤਰਾ ਬਾਹੀ 55'-0"+ 5'-0", ਦੱਖਣ : ਨਰੇਸ਼ ਕੁਮਾਰ ਦਾ ਮਕਾਨ ਅਤੇ ਚਬੂਤਰਾ ਬਾਹੀ 55'-0"+ 5'-0"

| | | | | |
|---|---|---|---|---|
| 3. | (1) ਮੈਸਰਜ਼ ਮੁਕੰਦੀ ਲਾਲ ਐਂਡ ਸੰਨਜ਼ ਰਾਹੀਂ ਇਸ ਦੇ ਮਾਲਕ ਦਾਣਾ ਮੰਡੀ, ਅਹਿਮਦਗੜ੍ਹ, ਮਲੇਰਕੋਟਲਾ-148021 (2) ਸ੍ਰੀ ਕੀਮਤੀ ਲਾਲ ਜੈਨ ਐਂਡ ਸੰਨਜ਼ ਐੱਚ ਯੂ ਐੱਫ ਮਕਾਨ ਨੰ. 236, ਕਾਲੂ ਮੱਲ ਦਾ ਅਹਾਤਾ, ਨੈਭਰ, ਵਾਰਡ ਨੰ. 7, ਅਹਿਮਦਗੜ੍ਹ-ਮਲੇਰਕੋਟਲਾ-148021 (3) ਸ੍ਰੀ ਕੀਮਤੀ ਲਾਲ ਜੈਨ ਪੁੱਤਰ ਸ੍ਰੀ ਮੁਕੰਦੀ ਲਾਲ ਮਕਾਨ ਨੰ. 236, ਕਾਲੂ ਮੱਲ ਦਾ ਅਹਾਤਾ ਨੈਭਰ, ਵਾਰਡ ਨੰ. 7, ਅਹਿਮਦਗੜ੍ਹ ਮਲੇਰਕੋਟਲਾ-148021 (4) ਸ੍ਰੀ ਅਮਨਦੀਪ ਜੈਨ ਪੁੱਤਰ ਸ੍ਰੀ ਕੀਮਤੀ ਲਾਲ ਜੈਨ ਮਕਾਨ ਨੰ. 236, ਵਾਰਡ ਨੰ. 8, ਅਹਿਮਦਗੜ੍ਹ, ਮਾਲੇਰਕੋਟਲਾ-148021 (5) ਸ੍ਰੀਮਤੀ ਬਬੀਤਾ ਜੈਨ ਪਤਨੀ ਸ੍ਰੀ ਕੀਮਤੀ ਲਾਲ ਮਕਾਨ ਨੰ. 236, ਚੱਪੜ ਰੋਡ, ਵਾਰਡ ਨੰ. 8, ਅਹਿਮਦਗੜ੍ਹ, ਮਲੇਕੋਟਲਾ-148021 | 01-Sep 2025 | 13-Aug-2025 | ਰੁਪਏ 2978138/- (ਉਨੱਤੀ ਲੱਖ ਅਠੱਤਰ ਹਜ਼ਾਰ ਇੱਕ ਸੌ ਅਠੱਤੀ ਰੁਪਏ ਕੇਵਲ) |

ਜਾਇਦਾਦਾਂ ਦਾ ਵੇਰਵਾ

ਸ੍ਰੀ ਕੀਮਤੀ ਲਾਲ ਜੈਨ ਦੇ ਨਾਂਅ ਰਜਿਸਟਰਡ ਜਾਇਦਾਦ ਰਕਬਾ 0 ਕਨਾਲ 6-2/3 ਮਰਲਾ, ਜ਼ਮੀਨ ਰਕਬਾ 27 ਕਨਾਲ 14 ਮਰਲੇ 'ਚੋਂ, ਖੱਤਾ ਨੰ. 51/53, 52/54, 54/56, ਖਸਰਾ ਨੰ. 48//1/2, 49//4/1, 4/2, 5/2, 7, 6, ਜਮ੍ਹਾਂਬੰਦੀ ਸਾਲ 1993-94 ਪਿੰਡ ਚੱਪੜ ਵਿਖੇ ਸਥਿਤ ਹੱਦਬਸਤ ਨੰ. 340 ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਸੰਜੀਵ ਕੁਮਾਰ, ਪੱਛਮ : ਦਰਸ਼ਨ ਸਿੰਘ, ਉੱਤਰ : ਰਾਮ ਲਾਲ, ਦੱਖਣ : ਸਾਂਝਾ ਰਸਤਾ।

| | | | | |
|---|---|---|---|---|
| 3. | (1) ਸ੍ਰੀ ਜਗਦੀਸ਼ਪਾਲ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਪਿੰਡ ਦਾਦ, ਲੁਧਿਆਣਾ, ਪੰਜਾਬ-142022 (2) ਸ੍ਰੀ ਜਸਵਿੰਦਰਪਾਲ ਸਿੰਘ ਗਰੇਵਾਲ ਪੁੱਤਰ ਸ੍ਰੀ ਕਰਤਾਰ ਸਿੰਘ ਵਾਸੀ ਪਿੰਡ ਦਾਦ, ਲੁਧਿਆਣਾ, ਪੰਜਾਬ-142022 (3) ਸ੍ਰੀ ਕਰਤਾਰ ਸਿੰਘ ਪੁੱਤਰ ਤੇਜਾ ਸਿੰਘ ਪਿੰਡ ਦਾਦ (ਹੁਣ ਮ੍ਰਿਤਕ) ਰਾਹੀਂ ਇਸ ਦੇ ਕਾਨੂੰਨੀ ਵਾਰਸ ਸ੍ਰੀ ਜਗਦੀਸ਼ਪਾਲ ਸਿੰਘ ਵਾਸੀ ਪਿੰਡ ਦਾਦ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ ਨੇੜੇ ਪੱਖੋਵਾਲ ਰੋਡ, ਲੁਧਿਆਣਾ, ਪੰਜਾਬ-142022 (4) ਸ੍ਰੀ ਕਰਤਾਰ ਸਿੰਘ ਪੁੱਤਰ ਤੇਜਾ ਸਿੰਘ ਪਿੰਡ ਦਾਦ (ਹੁਣ ਮ੍ਰਿਤਕ) ਰਾਹੀਂ ਇਸ ਦੇ ਕਾਨੂੰਨੀ ਵਾਰਸ ਸ੍ਰੀ ਜਸਵਿੰਦਰ ਪਾਲ ਸਿੰਘ ਗਰੇਵਾਲ ਵਾਸੀ ਪਿੰਡ ਦਾਦ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਪੰਜਾਬ, ਨੇੜੇ ਪੱਖੋਵਾਲ ਰੋਡ, ਲੁਧਿਆਣਾ, ਪੰਜਾਬ-142022 | 23-Sep 2025 | 07-Sep-2025 | ਰੁਪਏ 17142880/- (ਇੱਕ ਕਰੋੜ ਇਕੱਤਰ ਲੱਖ ਬਤਾਲੀ ਹਜ਼ਾਰ ਅੱਠ ਸੌ ਅੱਸੀ ਰੁਪਏ ਕੇਵਲ) |

ਜਾਇਦਾਦਾਂ ਦਾ ਵੇਰਵਾ

ਵਸੀਕਾ ਨੰ. 10506 ਮਿਤੀ 23/06/1995 ਅਨੁਸਾਰ ਸ੍ਰੀ ਕਰਤਾਰ ਸਿੰਘ ਦੇ ਨਾਂਅ ਰਜਿਸਟਰਡ ਜਾਇਦਾਦ ਮਕਾਨ ਰਕਬਾ 2717.21 ਵਰਗ ਗਜ਼, ਖਸਰਾ ਨੰ. 1666, 1667, 1673, 1674, 1679, 1671, 1675, 1672, 1668, ਖੱਤਾ ਨੰ. 204/394, 204/399, 400, 401, 402, 403, 406, ਜਮ੍ਹਾਂਬੰਦੀ ਸਾਲ 1984-85 (ਖੱਤਾ ਨੰ. 506/619, 507/620, 508/621, 509/622, 510/623, 511/624) ਜਮ੍ਹਾਂਬੰਦੀ 2009-10, ਹੱਦਬਸਤ ਨੰ. 279, ਵਾਕਿਆ ਮੌਜਾ ਦਾਦ, ਅਬਾਦੀ ਪੱਖੋਵਾਲ ਰੋਡ ਵਜੋਂ ਜਾਣੀ ਜਾਂਦੀ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ (ਸਾਈਟ ਅਨੁਸਾਰ) ਪੂਰਬ : ਹੋਰ ਜਾਇਦਾਦ 71', ਪੱਛਮ : ਪੱਖੋਵਾਲ ਰੋਡ 32'-6", ਉੱਤਰ : ਸੜਕ 135', ਦੱਖਣ : ਗਣਪਤੀ ਮਾਰਬਲ 325'

ਇਸ ਲਈ, ਇਹ ਜਨਤਕ ਸੂਚਨਾ ਸਿੱਧੇ ਪੱਤਰ ਵਿਹਾਰ ਦੀ ਜਗ੍ਹਾ ਜਾਰੀ ਕੀਤੀ ਜਾਂਦੀ ਹੈ।

ਕਰਜ਼ਦਾਰ (ਕਰਜ਼ਦਾਰਾਂ) ਅਤੇ/ਜਾਂ ਉਨ੍ਹਾਂ ਦੇ ਗਰੰਟਰ (ਗਰੰਟਰਾਂ) ਜਿੱਥੇ ਲਾਗੂਯੋਗ, ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਬਕਾਇਆ ਰਕਮ ਜਮ੍ਹਾਂ ਕਰਵਾਉਣ ਦਾ ਸੱਦਾ ਦਿੱਤਾ ਜਾਂਦਾ ਹੈ। ਅਜਿਹਾ ਕਰਨ ਵਿੱਚ ਨਾਕਾਮ ਰਹਿਣ ਦੀ ਸੂਰਤ ਵਿੱਚ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ਼ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਓਰਿਟੀ ਇੰਟਰੈਸਟ ਐਕਟ, 2002 ਸੈਕਸ਼ਨ 13 ਦੇ ਸਬ-ਸੈਕਸ਼ਨ (4) ਦੇ ਤਹਿਤ 60 ਦਿਨਾਂ ਦਾ ਸਮਾਂ ਲੰਘ ਜਾਣ ਤੋਂ ਬਾਅਦ ਅਗਲੀਆਂ ਕਾਰਵਾਈਆਂ ਕੀਤੀਆਂ ਜਾਣਗੀਆਂ। ਕਰਜ਼ਦਾਰਾਂ ਨੂੰ ਆਪਣੇ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਆਪਣੇ ਅਧਿਕਾਰਾਂ ਵਾਸਤੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦਾ ਵਿਸ਼ੇਸ਼ ਹਵਾਲਾ ਦਿੱਤਾ ਜਾਂਦਾ ਹੈ।

ਮਿਤੀ : 05-11-2025   ਸਹੀ/- (ਅਧਿਕਾਰਤ ਅਫਸਰ)
ਸਥਾਨ : ਪੰਜਾਬ   ਐਕਸਿਸ ਬੈਂਕ ਲਿਮਟਿਡ

5-Nov-PAGE--8.qxd 11/4/2025 10:13 PM Page 1



# ਇੰਡੋਨੇਸ਼ੀਆਂ ਤੋਂ ਆਏ ਵਫ਼ਦ ਵੱਲੋਂ ਆਮ ਆਦਮੀ ਕਲੀਨਿਕ ਦਾ ਦੌਰਾ



**ਮੋਹਾਲੀ, (ਗੁਰਜੀਤ ਬਿੱਲਾ)**

ਆਮ ਆਦਮੀ ਫੇਜ਼-7 ਮੋਹਾਲੀ ਵਿਖੇ ਇੰਡੋਨੇਸ਼ੀਆ ਤੋਂ ਇਕ ਵਫ਼ਦ ਸੇਵਾਵਾਂ ਬਾਰੇ ਜਾਣਕਾਰੀ ਲੈਣ ਆਇਆ। ਵਫ਼ਦ ਨੇ ਆਮ ਆਦਮੀ ਕਲੀਨਿਕ ਵਿਖੇ ਦਿੱਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਡਾ. ਗਰੀਸ਼ ਡੋਗਰਾ ਜ਼ਿਲ੍ਹਾ ਟੀਕਾਕਰਨ ਅਫਸਰ ਨੇ ਦੱਸਿਆ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ) ਵਿਖੇ ਡਾ. ਸੰਗੀਤਾ ਜੈਨ ਸਿਵਲ ਸਰਜਨ ਦੀ ਅਗਵਾਈ ਹੇਠ 40 ਆਮ ਆਦਮੀ ਕਲੀਨਿਕ ਬਿਹਤਰ ਮੁਫ਼ਤ ਦਵਾਈਆਂ, ਲੈਬਾਰਟਰੀ ਟੈਸਟ ਅਤੇ ਡਾਕਟਰੀ ਸਹਾਇਤਾ ਮੁਹਈਆ ਕਰਵਾ ਰਹੇ ਹਨ। ਇਹ ਸਾਰੀ ਸੁਵਿਧਾ ਆਨਲਾਈਨ ਸਿਸਟਮ ਨਾਲ ਲੈਸ ਹੈ। 'ਪੇਪਰ ਫਰੀ' ਡਾਕਟਰੀ ਸਹਾਇਤਾ ਚੱਲ ਰਹੀ ਹੈ। ਸਾਰੇ ਮਰੀਜ਼ਾਂ ਨੂੰ ਟੋਕਨ ਸਿਸਟਮ ਨਾਲ ਅਤੇ ਕੰਪਿਊਟਰ ਸਿਸਟਮ ਨਾਲ ਪਰਚੀ ਦਿੱਤੀ ਜਾਂਦੀ ਹੈ।ਸੰਦੀਪ ਕੁਮਾਰ (ਆਈ ਟੀ ਸੈੱਲ) ਨੇ ਰੀਸੈਪਸ਼ਨ, ਕੰਸਲਟੈਂਟ ਫਾਰਮੇਸੀ, ਲੈਬ ਟੈਸਟ ਦੇ ਪ੍ਰੋਸੈਸ ਬਾਰੇ ਕੰਪਿਊਟਰ ਸਿਸਟਮ ਰਾਹੀਂ ਦੱਸਿਆ ਕਿ ਇਹ ਜਾਣਕਾਰੀ ਮਰੀਜ਼ਾਂ ਨੂੰ ਆਨਲਾਈਨ ਉਪਲਬਧ ਹੈ। ਇਸ ਮੌਕੇ ਫੇਜ਼ ਡਾ. ਤਾਨੀਆਂ ਗਰੋਵਰ, ਰੁਪਿੰਦਰ ਕੌਰ ਫਾਰਮੇਸੀ ਅਫਸਰ, ਗੁਰਬਖਸ਼ ਕੌਰ ਰੀਸੈਪਸ਼ਨਿਸਟ ਹਾਜ਼ਰ ਸਨ। ਉਨ੍ਹਾਂ ਨੇ ਵਫ਼ਦ ਦੇ ਵੱਖ ਵੱਖ ਸੁਆਲਾਂ ਦੇ ਜੁਆਬ ਵੀ ਦਿੱਤੇ। ਇਸ ਮੌਕੇ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਹਰਚਰਨ ਸਿੰਘ ਬਰਾੜ ਵੀ ਮੌਜੂਦ ਸਨ।

# ਖੁੱਡੀਆਂ ਵੱਲੋਂ ਹੜ੍ਹ ਰਾਹਤ ਕਾਰਜਾਂ ਨੂੰ ਦਰਸਾਉਂਦੀ ਦਸਤਾਵੇਜ਼ੀ ਫਿਲਮ ਜਾਰੀ



**ਚੰਡੀਗੜ੍ਹ, (ਗੁਰਜੀਤ ਬਿੱਲਾ)** ਪੰਜਾਬ ਦੇ ਪਸ਼ੂ ਪਾਲਣ ਵਿਭਾਗ ਵੱਲੋਂ ਹਾਲ ਹੀ ਵਿੱਚ ਆਏ ਭਿਆਨਕ ਹੜ੍ਹਾਂ ਦੌਰਾਨ ਪਸ਼ੂਧਨ ਨੂੰ ਬਿਮਾਰੀਆਂ ਤੋਂ ਬਚਾਉਣ ਅਤੇ ਉਨ੍ਹਾਂ ਦੇ ਮੁੜ ਵਸੇਬੇ ਸਬੰਧੀ ਕੀਤੇ ਗਏ ਯਤਨਾਂ ਨੂੰ ਦਰਸਾਉਂਦੀ ਇੱਕ ਦਸਤਾਵੇਜ਼ੀ ਫਿਲਮ ਜਾਰੀ ਕੀਤੀ ਗਈ ਹੈ। ਇਸ ਦਸਤਾਵੇਜ਼ੀ ਨੂੰ ਰਸਮੀ ਤੌਰ 'ਤੇ ਪੰਜਾਬ ਦੇ ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਜਾਰੀ ਕੀਤਾ। ਜ਼ਿਕਰਯੋਗ ਹੈ ਕਿ ਇਹ ਦਸਤਾਵੇਜ਼ੀ ਫਿਲਮ ਪਸ਼ੂ ਪਾਲਣ ਵਿਭਾਗ ਦੇ ਡਾਕਟਰਾਂ ਅਤੇ ਪੈਰਾਮੈਡਿਕਸ ਟੀਮ ਵੱਲੋਂ ਤਿਆਰ ਕੀਤੀ ਗਈ ਹੈ।ਖੁੱਡੀਆਂ ਨੇ ਦੱਸਿਆ ਕਿ ਇਹਨਾਂ ਹੜ੍ਹਾਂ ਕਾਰਨ ਸੂਬੇ ਭਰ ਦੇ 713 ਪਿੰਡ ਬੁਰੀ ਤਰ੍ਹਾਂ ਪ੍ਰਭਾਵਿਤ ਹੋਏ ਸਨ। ਉਨ੍ਹਾਂ ਕਿਹਾ ਕਿ ਵਿਭਾਗ ਦੀਆਂ 494 ਸਮਰਪਿਤ ਟੀਮਾਂ ਨੇ ਹੜ੍ਹਾਂ ਕਾਰਨ ਪ੍ਰਭਾਵਿਤ ਇਲਾਕਿਆਂ ਵਿੱਚ ਭਿਆਨਕ ਹਾਲਾਤਾਂ ਦਾ ਸਾਹਮਣਾ ਕਰਦਿਆਂ ਘਰ-ਘਰ ਜਾ ਕੇ ਪਸ਼ੂਧਨ ਨੂੰ ਜੀਵਨ-ਰੱਖਿਅਕ ਇਲਾਜ ਪ੍ਰਦਾਨ ਕੀਤਾ ਤਾਂ ਜੋ ਪਸ਼ੂਧਨ ਦੀ ਸਿਹਤਯਾਬੀ ਨੂੰ ਯਕੀਨੀ ਬਣਾਇਆ ਜਾ ਸਕੇ।

## ਵਰਸਿਟੀ 'ਚੋਂ ਪੰਜਾਬ ਦੀ ਨੁਮਾਇੰਦਗੀ ਖ਼ਤਮ ਕਰ ਕੇ ਭਾਜਪਾ ਨੇ ਪੰਜਾਬ ਵਿਰੋਧੀ ਹੋਣ ਦਾ ਸਬੂਤ ਦਿੱਤਾ: ਬਲਬੀਰ ਸਿੱਧੂ

**ਚੰਡੀਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਸਾਬਕਾ ਸਿਹਤ ਮੰਤਰੀ ਤੇ ਕਾਂਗਰਸ ਦੇ ਸੀਨੀਅਰ ਆਗੂ ਬਲਬੀਰ ਸਿੰਘ ਸਿੱਧੂ ਨੇ ਭਾਜਪਾ ਦੀ ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਦੀ ਸਿੰਡੀਕੇਟ ਤੇ ਸੈਨੇਟ ਵਿੱਚੋਂ ਪੰਜਾਬ ਦੀ ਨੁਮਾਇੰਦਗੀ ਖ਼ਤਮ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕਰਦਿਆਂ ਕਿਹਾ ਹੈ ਕਿ ਇਸ ਨਾਲ ਇਕ ਵਾਰੀ ਫਿਰ ਭਾਜਪਾ ਦਾ ਪੰਜਾਬ ਵਿਰੋਧੀ ਚਿਹਰਾ ਨੰਗਾ ਹੋਇਆ ਹੈ।ਸ਼੍ਰੀ ਸਿੱਧੂ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਪੰਜਾਬ ਯੂਨੀਵਰਸਿਟੀ ਦੇ ਕੰਮ-ਕਾਜ ਵਿਚ ਸੁਧਾਰਾਂ ਦੇ ਨਾਂ ਉੱਤੇ ਇਸ ਦੀ ਸਿੰਡੀਕੇਟ ਅਤੇ ਸੈਨੇਟ ਵਿਚ ਅਧਿਆਪਕਾਂ, ਪ੍ਰਿੰਸੀਪਲਾਂ ਅਤੇ ਪੁਰਾਣੇ ਵਿਦਿਆਰਥੀਆਂ ਦੀ ਨੁਮਾਇੰਦਗੀ ਲਗਭਗ ਖ਼ਤਮ ਕਰ ਕੇ ਇਹਨਾਂ ਨੂੰ ਨਾਮਜ਼ਦ ਸੰਸਥਾਵਾਂ ਬਣਾ ਕੇ ਹੁਣ ਸਿੱਧਾ ਹੀ ਆਪਣੇ ਅਧੀਨ ਕਰ ਲਿਆ ਹੈ। ਉਹਨਾਂ ਕਿਹਾ ਕਿ ਪੰਜਾਬ ਦੀ ਇਹ ਇਤਿਹਾਸਕ ਸੰਸਥਾ ਹੁਣ ਨਾਂਅ ਦੀ ਹੀ ਪੰਜਾਬ ਯੂਨੀਵਰਸਿਟੀ ਰਹਿ ਗਈ ਹੈ, ਪਰ ਅਮਲ ਵਿਚ ਹੁਣ ਇਹ ਪੂਰੀ ਤਰਾਂ ਕੇਂਦਰੀ ਯੂਨੀਵਰਸਿਟੀ ਬਣ ਗਈ ਹੈ। ਉਹਨਾਂ ਕਿਹਾ ਕਿ ਪਹਿਲੀ ਵਾਰ ਇਸ ਯੂਨੀਵਰਸਿਟੀ ਦੇ ਪ੍ਰਬੰਧ ਵਿੱਚ ਚੰਡੀਗੜ੍ਹ ਦੇ ਅਧਿਕਾਰੀਆਂ ਅਤੇ ਪਾਰਲੀਮੈਂਟ ਮੈਂਬਰ ਨੂੰ ਸ਼ਾਮਲ ਕਰ ਲਿਆ ਗਿਆ ਹੈ।ਸੀਨੀਅਰ ਕਾਂਗਰਸੀ ਆਗੂ ਨੇ ਕਿਹਾ ਕਿ ਹੁਣ ਪੰਜਾਬ ਯੂਨੀਵਰਸਿਟੀ ਦੀ ਸਿੰਡੀਕੇਟ ਵਿਚ ਕਾਲਜਾਂ ਦੀਆਂ ਪ੍ਰਬੰਧਕ ਕਮੇਟੀਆਂ, ਅਧਿਆਪਕਾਂ ਤੇ ਵਿਦਿਆਰਥੀਆਂ ਦੀਆਂ ਲੋੜਾਂ 'ਤੇ ਮਸਲੇ ਉਠਾਉਣ ਵਾਲਾ ਕੋਈ ਨਹੀਂ ਹੋਵੇਗਾ। ਉਹਨਾਂ ਕਿਹਾ ਕਿ ਕਾਲਜਾਂ, ਵਿਦਿਆਰਥੀਆਂ ਅਤੇ ਅਧਿਆਪਕਾਂ ਉੱਤੇ ਮਨਮਰਜ਼ੀ ਦੇ ਫੈਸਲੇ ਥੋਪੇ ਜਾਇਆ ਕਰਨਗੇ।

# ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਵੱਲੋਂ ਝੰਡਾ ਮਾਰਚ 9 ਨੂੰ : ਮਹਿਦਲੀ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰ ਯੂਨੀਅਨ ਪੰਜਾਬ ਬ੍ਰਾਂਚ ਸ੍ਰੀ ਅਨੰਦਪੁਰ ਸਾਹਿਬ ਦੀ ਮੀਟਿੰਗ ਬ੍ਰਾਂਚ ਪ੍ਰਧਾਨ ਮੱਖਣ ਕਾਲਸ ਦੀ ਅਗਵਾਈ ਹੇਠ ਸੰਪਨ ਹੋਈ। ਇਸ ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਕਪਿਲ ਮਹਿਦਲੀ ਵੀ ਹਾਜ਼ਰ ਰਹੇ। ਮੀਟਿੰਗ ਦੀ ਜਾਣਕਾਰੀ ਅਤੇ ਮੀਟਿੰਗ ਵਿਚ ਸਰਬਸੰਮਤੀ ਨਾਲ ਪ੍ਰਵਾਨ ਕੀਤੇ ਫ਼ੈਸਲਿਆਂ ਦੀ ਜਾਣਕਾਰੀ ਪ੍ਰੈਸ ਨੂੰ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਕਪਿਲ ਮਹਿਦਲੀ ਨੇ ਦੱਸਿਆ ਕਿ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਸੱਦੇ ਤੇ ਤਰਨਤਾਰਨ ਜ਼ਿਮਨੀ ਚੋਣ ਕਾਰਨ ਆਪਣੀ ਮੰਗ ਲੋਕਾਂ ਦੀ ਕਚਹਿਰੀ ਵਿੱਚ ਰੱਖਣ ਲਈ 9 ਨਵੰਬਰ ਨੂੰ ਤਰਨਤਾਰਨ ਵਿਖੇ ਕੀਤੇ ਜਾ ਰਹੇ ਝੰਡਾ ਮਾਰਚ ਵਿੱਚ ਜਲ ਸਪਲਾਈ ਸ੍ਰੀ ਅਨੰਦਪੁਰ ਸਾਹਿਬ ਦੇ ਆਊਟਸੋਰਸ ਮੁਲਾਜ਼ਮਾਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਵਿਭਾਗ ਵਲੋਂ ਜਾਰੀ ਕੀਤੀ ਗਈ ਪ੍ਰਪੋਜ਼ਲ ਵਿਚ ਕੁਝ ਮਾੜੀਆਂ ਸ਼ਰਤਾਂ ਲਗਾ ਕੇ ਵੱਡਾ ਹਿੱਸਾ ਆਊਟਸੋਰਸਡ, ਇੰਨਲਿਸਟਮੈਂਟ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਨੀਤੀ ਤੋਂ ਬਾਹਰ ਕਰ ਦਿੱਤਾ ਗਿਆ ਹੈ ਜਿਸ ਵਿਚ ਸੋਧ ਕਰਨ ਅਤੇ ਆਊਟਸੋਰਸਡ ਇੰਨਲਿਸਟਮੈਂਟ ਮੁਲਾਜ਼ਮਾਂ ਦੇ ਜਲਦ ਤੋਂ ਜਲਦ ਗੁਜਾਰੇਯੋਗ ਤਨਖਾਹ ਸਮੇਤ ਪੱਕੇ ਰੋਜ਼ਗਾਰ ਲਈ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਤੇ ਹੋਣ ਵਾਲੇ ਵਿਧਾਨ ਸਭਾ ਸ਼ੈਸ਼ਨ ਦੌਰਾਨ ਆਪਣੀ ਮੰਗ ਮੁੱਖ ਮੰਤਰੀ ਅੱਗੇ ਅਤੇ ਪੂਰੀ ਵਿਧਾਨ ਸਭਾ ਅੱਗੇ ਰੱਖਣ ਲਈ ਪੂਰ ਅਮਨ ਸ਼ਾਂਤਮਈ ਤਰੀਕੇ ਨਾਲ



ਪਰਵਾਰਾਂ, ਬਜ਼ੁਰਗਾਂ ਅਤੇ ਬੱਚਿਆਂ ਸਮੇਤ ਮੁੱਖ ਮੰਤਰੀ ਨੂੰ ਮਿਲਿਆ ਜਾਵੇਗਾ। ਜੇਕਰ ਮਾਣਯੋਗ ਮੁੱਖ ਮੰਤਰੀ ਸੈਸ਼ਨ ਤੋਂ ਪਹਿਲਾਂ ਸੂਬਾ ਕਮੇਟੀ ਨਾਲ ਮੀਟਿੰਗ ਕਰਕੇ ਕੋਈ ਠੋਸ ਹੱਲ ਕਰਨ ਲਈ ਵਚਨਬੱਧ ਹੁੰਦੇ ਹਨ ਤਾਂ ਵਿਧਾਨ ਸਭਾ ਸ਼ੈਸ਼ਨ ਦੌਰਾਨ ਕੀਤੇ ਜਾਣ ਵਾਲੇ ਪ੍ਰੋਗਰਾਮਾਂ ਨੂੰ ਮੁੜ ਵਿਚਾਰਿਆ ਜਾਵੇਗਾ ਪਰ ਓਦੋਂ ਤੱਕ ਸਾਰੇ ਪ੍ਰੋਗਰਾਮ ਸਟੈਂਡ ਕਰਦੇ ਹਨ। ਇਸ ਮੋਕੇ ਤੇ ਗੁਰਮੁਖ ਸਿੰਘ ਕਲੋਤਾ, ਰਘੂਬੀਰ, ਪਵਨ ਬਰੋਟਾ, ਗੁਰਜੀਤ ਲਮਲੈਹੜੀ, ਜੱਸੀ ਕੀਰਤਪੁਰ, ਸ਼ਰਨਜੀਤ ਗੰਭੀਰਪੁਰ, ਮੁਨੀਸ਼ ਬਚੋਲੀ, ਓਮੀ ਸਮਲਾਹ, ਰੇਸ਼ਮ ਜਲੰਧਰ, ਪੱਪੂ ਸਹੋਤਾ, ਕ੍ਰਿਸ਼ਨ ਝਿੰਜੜੀ, ਅਰਜੁਨ ਅਮ੍ਰਿਤਸਰ, ਵੀਰੂ, ਰੀਂਕੂ ਬਾਸੋਵਾਲ ਸੁਨੀਲ ਕੁਮਾਰ ਆਦਿ ਵਰਕਰ ਹਾਜ਼ਰ ਸਨ।

# ਪੀ ਏ ਯੂ-ਕ੍ਰਿਸ਼ੀ ਵਿਗਿਆਨ ਕੇਂਦਰ ਨੇ ਕੁਦਰਤੀ ਖੇਤੀ ਲਈ ਦਿੱਤੀ ਸਿਖਲਾਈ



**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਅਤੇ ਭਾਰਤੀ ਖੇਤੀ ਖੋਜ ਸੰਸਥਾ-ਅਟਾਰੀ, ਜ਼ੋਨ-1, ਲੁਧਿਆਣਾ ਦੀ ਅਗਵਾਈ ਹੇਠ, ਕ੍ਰਿਸ਼ੀ ਵਿਗਿਆਨ ਕੇਂਦਰ, ਲੰਗੜੋਆ ਨੇ 'ਕੁਦਰਤੀ ਖੇਤੀ 'ਤੇ ਰਾਸ਼ਟਰੀ ਮਿਸ਼ਨ' ਤਹਿਤ ਕੁਦਰਤੀ ਖੇਤੀ ਸੰਬੰਧੀ ਪੰਜ ਦਿਨਾਂ ਸਿਖਲਾਈ ਕੋਰਸ ਕਰਾਇਆ।ਸਿਖਲਾਈ ਕੋਰਸ ਵਿੱਚ 20 ਕ੍ਰਿਸ਼ੀ ਸਖੀਆਂ ਅਤੇ ਕਿਸਾਨ ਵੀਰਾਂ ਨੇ ਹਿੱਸਾ ਲਿਆ ਜਿਨ੍ਹਾਂ ਨੂੰ ਮੌਕੇ 'ਤੇ ਕੁਦਰਤੀ ਖੇਤੀ ਨਾਲ ਸੰਬੰਧਤ ਵੱਖ-ਵੱਖ ਪ੍ਰਕਿਰਿਆਵਾਂ, ਤਕਨੀਕਾਂ ਅਤੇ ਆਧੁਨਿਕ ਢੰਗ ਬਾਰੇ ਵਿਸਥਾਰ ਵਿੱਚ ਜਾਣੂ ਕਰਵਾਇਆ ਗਿਆ। ਇਸ ਸਿਖਲਾਈ ਕੋਰਸ ਦੀ ਸ਼ੁਰੂਆਤ ਕਰਦਿਆਂ ਉਪ ਨਿਰਦੇਸ਼ਕ (ਸਿਖਲਾਈ) ਡਾ. ਪ੍ਰਦੀਪ ਕੁਮਾਰ ਨੇ ਕਿਸਾਨ ਵੀਰਾਂ ਅਤੇ ਬੀਬੀਆਂ ਨੂੰ ਜ਼ਿਲੇ ਵਿੱਚ ਕੁਦਰਤੀ ਖੇਤੀ 'ਤੇ ਚਲ ਰਹੇ 'ਨੈਸ਼ਨਲ ਮਿਸ਼ਨ ਆਨ ਨੇਚੁਰਲ ਫਾਰਮਿੰਗ' ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਸਾਨਾਂ ਨੂੰ ਕੁਦਰਤੀ ਉਤਪਾਦਾਂ ਦੀ ਮੰਡੀਕਰਣ ਤੋਂ ਵਧੇਰੇ ਆਮਦਨ ਬਾਰੇ ਦੱਸਿਆ ਅਤੇ ਕੁਦਰਤੀ ਖੇਤੀ ਅਪਣਾਉਣ ਨੂੰ ਤਰਜੀਹ ਦੇਣ ਦੀ ਤਾਕੀਦ ਕੀਤੀ।ਸਿਖਲਾਈ ਦੌਰਾਨ ਸਹਾਇਕ ਪ੍ਰੋਫੈਸਰ ਡਾ. ਬਲਜੀਤ ਸਿੰਘ ਨੇ ਫਸਲਾਂ ਦੀ ਕੁਦਰਤੀ ਤੌਰ 'ਤੇ ਕਾਸ਼ਤ ਸੰਬੰਧੀ ਤਕਨੀਕੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਫਸਲਾਂ ਦੀ ਕੁਦਰਤੀ ਢੰਗ ਨਾਲ ਬਿਜਾਈ, ਬੀਜ ਦੀ ਬੀਜ ਅਮ੍ਰਿਤ ਨਾਲ ਸੋਧ, ਜੀਵ ਅਮ੍ਰਿਤ ਰਾਹੀਂ ਖਾਦ ਦੀ ਸਪਲਾਈ, ਅਛਾਧੰਨ ਨਾਲ ਨਦੀਨ ਅਤੇ ਪਾਣੀ ਪ੍ਰਬੰਧਨ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ। ਉਨ੍ਹਾਂ ਨੇ ਸਿਖਿਆਰਥੀਆਂ ਨੂੰ ਕੇ. ਵੀ. ਕੇ. ਵਿਖੇ 'ਕੁਦਰਤੀ ਖੇਤੀ' ਸੰਬੰਧੀ ਹੋ ਰਹੀਆਂ ਗਤੀਵਿਧੀਆਂ ਬਾਰੇ ਵੀ ਜਾਣਕਾਰੀ ਦਿੱਤੀ।ਇਸ ਕੋਰਸ ਦੌਰਾਨ ਕ੍ਰਿਸ਼ੀ ਵਿਗਿਆਨ ਕੇਂਦਰ ਵਿਖੇ ਸਹਾਇਕ ਪ੍ਰੋਫੈਸਰ ਡਾ. ਆਰਤੀ ਵਰਮਾ ਨੇ ਬੀਜ ਅੰਮ੍ਰਿਤ, ਜੀਵ ਅੰਮ੍ਰਿਤ, ਘਣਜੀਵ ਅੰਮ੍ਰਿਤ, ਨੀਮ ਅਸਤਰ, ਬ੍ਰਹਮ ਅਸਤਰ ਅਤੇ ਅਗਨੀ ਅਸਤਰ ਤਿਆਰ ਕਰਨ ਦੇ ਵੱਖ-ਵੱਖ ਢੰਗਾਂ ਬਾਰੇ ਅਭਿਆਸ ਕਰਕੇ ਦਿਖਾਇਆ। ਉਨ੍ਹਾਂ ਨੇ ਕ੍ਰਿਸ਼ੀ ਵਿਗਿਆਨ ਕੇਂਦਰ ਵਿਖੇ ਕਿਸਾਨਾਂ ਲਈ ਉਪਲੱਬਧ ਤਕਨੀਕੀ ਗਿਆਨ ਦੀ ਵਰਤੋਂ ਲਈ ਅਪੀਲ ਕਰਦੇ ਹੋਏ ਸਾਰੇ ਕਿਸਾਨਾਂ ਨੂੰ ਕੁਦਰਤੀ ਖੇਤੀ ਵਾਲੇ ਪਾਸੇ ਨੂੰ ਮੁੜਨ ਲਈ ਪ੍ਰੇਰਿਤ ਕੀਤਾ।

# ਵਿਧਾਇਕ ਰੰਧਾਵਾ ਵੱਲੋਂ 86.81 ਲੱਖ ਦੀ ਜਲ ਸਪਲਾਈ ਯੋਜਨਾ ਦਾ ਉਦਘਾਟਨ



**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਪੰਜਾਬ ਸਰਕਾਰ ਸੂਬੇ ਭਰ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਪੇਂਡੂ ਸਹੂਲਤਾਂ ਵਿੱਚ ਸੁਧਾਰ ਕਰਨ ਦਾ ਕੰਮ ਜਾਰੀ ਰੱਖ ਰਹੀ ਹੈ। ਇਸ ਦਿਸ਼ਾ ਵਿੱਚ ਇੱਕ ਕਦਮ ਅੱਗੇ ਵਧਾਉਂਦੇ ਹੋਏ, ਡੇਰਾ ਬੱਸੀ ਦੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਅੱਜ ਪਿੰਡ ਜਵਾਹਰਪੁਰ ਵਿਖੇ 86.81 ਲੱਖ ਰੁਪਏ ਦੀ ਇੱਕ ਨਵੀਂ ਜਲ ਸਪਲਾਈ ਯੋਜਨਾ ਦਾ ਉਦਘਾਟਨ ਕੀਤਾ, ਜੋ ਕਿ ਪੇਂਡੂ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੁਆਰਾ ਬਣਾਈ ਗਈ ਹੈ।ਨਵੀਂ ਚਾਲੂ ਕੀਤੀ ਗਈ ਇਸ ਯੋਜਨਾ ਵਿੱਚ 320 ਮੀਟਰ ਡੂੰਘਾਈ ਵਾਲਾ 10 ਇੰਚ ਦਾ ਬੋਰਵੈੱਲ, 1 ਲੱਖ ਲੀਟਰ ਸਮਰੱਥਾ ਵਾਲਾ ਓਵਰਹੈੱਡ ਟੈਂਕ, ਪੰਪ ਚੈਂਬਰ-ਕਮ-ਸਟਾਫ਼ ਕੁਆਰਟਰ ਅਤੇ ਇੱਕ ਸੀ.ਐਸ.ਸੀ. ਕੰਪਲੈਕਸ ਸ਼ਾਮਲ ਹਨ। ਇਸ ਪ੍ਰੋਜੈਕਟ ਦੇ ਚਾਲੂ ਹੋਣ ਨਾਲ, ਜਵਾਹਰਪੁਰ ਦੇ ਵਸਨੀਕਾਂ ਨੂੰ ਹੁਣ ਨਿਯਮਤ ਅਤੇ ਸਾਫ਼ ਪੀਣ ਵਾਲੇ ਪਾਣੀ ਦੀ ਪਹੁੰਚ ਹੋਵੇਗੀ।ਇਕੱਠ ਨੂੰ ਸੰਬੋਧਨ ਕਰਦਿਆਂ ਸ. ਕੁਲਜੀਤ ਸਿੰਘ ਰੰਧਾਵਾ ਨੇ ਹਰ ਪਿੰਡ ਵਿੱਚ ਜ਼ਰੂਰੀ ਨਾਗਰਿਕ ਸਹੂਲਤਾਂ ਦੀ ਵਿਵਸਥਾ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਅੱਗੇ ਕਿਹਾ ਕਿ ਡੇਰਾਬੱਸੀ ਹਲਕੇ ਵਿੱਚ ਹਰ ਘਰ ਨੂੰ ਸੁਰੱਖਿਅਤ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਅਤੇ ਜਨਤਕ ਸਵੱਛਤਾ ਨੂੰ ਉਤਸ਼ਾਹਿਤ ਕਰਨ ਲਈ ਕਈ ਥਾਵਾਂ ਤੇ ਜਲ ਸਪਲਾਈ ਅਤੇ ਸੈਨੀਟੇਸ਼ਨ ਪ੍ਰੋਜੈਕਟ ਚਲਾਏ ਜਾ ਰਹੇ ਹਨ।ਇਸ ਮੌਕੇ ਸਰਪੰਚ ਗੁਰਪ੍ਰੀਤ ਸਿੰਘ, ਪੰਚਾਇਤ ਮੈਂਬਰਾਂ, ਸਥਾਨਕ ਨਿਵਾਸੀਆਂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਸਮੇਤ, ਮੌਜੂਦ ਸਨ ਅਤੇ ਇਸ ਵੱਡੀ ਸਹੂਲਤ ਲਈ ਸਰਕਾਰ ਦਾ ਧੰਨਵਾਦ ਕੀਤਾ।

# ਐੱਲ ਪੀ ਯੂ ਦੇ ਵਿਦਿਆਰਥੀ ਨੇ ਸਰਵੋਤਮ ਡਿਜ਼ਾਈਨ ਪੁਰਸਕਾਰ ਜਿੱਤਿਆ

**ਜਲੰਧਰ (ਸ਼ੈਲੀ ਐਲਬਰਟ)**

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਦੇ ਵਿਦਿਆਰਥੀ ਇਨੋਵੇਟਰਾਂ ਨੇ ਪ੍ਰਤਿਸ਼ਠਾਵਾਨ ਇਨ-ਸਪੇਸ ਮਾਡਲ ਰਾਕੇਟਰੀ ਅਤੇ ਕੇਨਸੈਟ ਇੰਡੀਆ ਸਟੂਡੈਂਟ ਕੰਪੀਟੀਸ਼ਨ 2024-25 ਵਿੱਚ ਸਰਵੋਤਮ ਡਿਜ਼ਾਈਨ ਪੁਰਸਕਾਰ ਜਿੱਤਿਆ ਹੈ। ਇਹ ਪ੍ਰੋਗਰਾਮ ਇੰਡੀਅਨ ਨੈਸ਼ਨਲ ਸਪੇਸ ਪ੍ਰਮੋਸ਼ਨ ਐਂਡ ਅਥੋਰਾਈਜ਼ੇਸ਼ਨ ਸੈਂਟਰ (ਇੰਨ ਸਪੇਸ) ਦੁਆਰਾ ਇੰਡੀਅਨ ਸਪੇਸ ਰਿਸਰਚ ਆਰਗੇਨਾਈਜ਼ੇਸ਼ਨ (ਇਸਰੋ) ਅਤੇ ਐਸਟ੍ਰੋਨਾਟਿਕਲ ਸੋਸਾਇਟੀ ਆਫ ਇੰਡੀਆ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ ਸੀ। ਭਾਰਤ ਭਰ ਤੋਂ 67 ਤੋਂ ਵੱਧ ਵਿਦਿਆਰਥੀ ਟੀਮਾਂ ਨੇ ਚਾਰ ਦਿਨਾਂ ਦੇ ਪ੍ਰੋਗਰਾਮ ਵਿੱਚ ਹਿੱਸਾ ਲਿਆ, ਜਿਸ ਨਾਲ ਇਹ ਉੱਭਰਦੇ ਪੁਲਾੜ ਵਿਗਿਆਨੀਆਂ ਅਤੇ ਇੰਜੀਨੀਅਰਾਂ ਲਈ ਦੇਸ਼ ਦੇ ਸਭ ਤੋਂ ਵੱਕਾਰੀ ਪਲੇਟਫਾਰਮਾਂ ਵਿੱਚੋਂ ਇੱਕ ਬਣ ਗਿਆ।ਐੱਲ ਪੀ ਯੂ ਦੀ ਨੁਮਾਇੰਦਗੀ ਕਰਦੇ ਹੋਏ, ਟੀਮ ਪਿਨਾਕਾ ਵਿੱਚ ਵਿਦਿਆਰਥੀ ਪ੍ਰਿਯਾਂਸ਼ ਕੁਮਾਰ ਪਟੇਲ, ਨੰਦੀਸ਼ ਪੰਚਾਲ, ਤੋਇਬ ਉਨਟੂ, ਵਿਨੈ ਭਾਰਦਵਾਜ, ਚੇਤਨ ਯਸ਼ਸਵੀ, ਜ਼ਯਾਨ, ਤੌਸੀਫ ਰਜ਼ਾ ਅਤੇ ਸ਼ਾਲੂ ਯਾਦਵ ਸ਼ਾਮਲ ਸਨ, ਜੋ ਮਨਦੀਪ ਸਿੰਘ ਅਤੇ ਰੁਹੁਲ ਅਮੀਨ ਚੌਧਰੀ ਦੇ ਮਾਰਗਦਰਸ਼ਨ ਵਿੱਚ ਸਨ। ਉਨ੍ਹਾਂ ਦੇ ਜੇਤੂ ਰਾਕੇਟ ਡਿਜ਼ਾਈਨ ਨੇ ਆਪਣੀ ਬੇਮਿਸਾਲ ਇੰਜੀਨੀਅਰਿੰਗ, ਉੱਤਮ ਏਅਰੋਡਾਇਨਾਮਿਕ ਕੁਸ਼ਲਤਾ ਅਤੇ ਪੇਲੋਡ ਏਕੀਕਰਣ ਲਈ ਮੁਕਾਬਲੇ ਵਿੱਚ ਚੋਟੀ ਦੇ ਡਿਜ਼ਾਈਨ ਸਨਮਾਨ ਜਿੱਤੇ।ਇਸ ਪ੍ਰੋਗਰਾਮ ਵਿੱਚ ਕਈ ਉੱਘੀਆਂ ਸ਼ਖਸੀਅਤਾਂ ਸ਼ਾਮਲ ਸਨ, ਜਿਨ੍ਹਾਂ ਵਿੱਚ ਡਾ. ਪਵਨ ਗੋਇਨਕਾ (ਚੇਅਰਮੈਨ, ਇੰਨ-ਸਪੇਸ), ਸ਼ਸ਼ਾਂਕ ਮਨੀ (ਮਾਨਯੋਗ ਸੰਸਦ ਮੈਂਬਰ, ਦੇਵਰੀਆ), ਏ.ਕੇ. ਅਨਿਲ ਕੁਮਾਰ (ਡਾਇਰੈਕਟਰ, ਆਈਐਸਟੀਆਰਏਸੀ), ਅਤੇ ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਸ਼ਾਮਲ ਸਨ, ਜਿਨ੍ਹਾਂ ਨੇ ਵਿਦਿਆਰਥੀਆਂ ਨਾਲ



ਗੱਲਬਾਤ ਕੀਤੀ ਅਤੇ ਉਨ੍ਹਾਂ ਦੀ ਸਿਰਜਣਾਤਮਕਤਾ, ਟੀਮ ਵਰਕ ਅਤੇ ਭਾਰਤ ਦੇ ਪੁਲਾੜ ਦ੍ਰਿਸ਼ਟੀਕੋਣ ਨੂੰ ਅੱਗੇ ਵਧਾਉਣ ਲਈ ਵਚਨਬੱਧਤਾ ਦੀ ਸ਼ਲਾਘਾ ਕੀਤੀ।ਇਸ ਪ੍ਰਾਪਤੀ ਦੀ ਸ਼ਲਾਘਾ ਕਰਦੇ ਹੋਏ, ਸੰਸਦ ਮੈਂਬਰ (ਰਾਜ ਸਭਾ) ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ, 'ਅੱਜ ਦੇ ਗਿਆਨ-ਸੰਚਾਲਿਤ ਯੁੱਗ ਵਿੱਚ, ਦੇਸ਼ ਦੀ ਤਰੱਕੀ ਲਈ ਨਵੀਨਤਾ ਨੂੰ ਉਤਸ਼ਾਹਿਤ ਕਰਨਾ ਬਹੁਤ ਜ਼ਰੂਰੀ ਹੈ।'

# ਸ੍ਰੀ ਗੁਰੂ ਨਾਨਕ ਦੇਵ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**

ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਫੁੱਲਾਂ ਨਾਲ ਸਜਾਈ ਪਾਲਕੀ ਵਿਚ ਸੁਸ਼ੋਭਿਤ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਆਇਆ ਪੰਜਾਂ ਪਿਆਰਿਆਂ ਦੀ ਅਗਵਾਈ ਹੇਠ ਨਗਰ ਕੀਰਤਨ ਸਜਾਇਆ ਗਿਆ। ਇਹ ਨਗਰ ਕੀਰਤਨ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨਕੋਦਰ ਤੋਂ ਆਰੰਭ ਹੋ ਕੇ ਸਾਰੇ ਹੀ ਸ਼ਹਿਰ ਦੀ ਪਰਿਕਰਮਾ ਕਰਦੇ ਹੋਏ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਨਕੋਦਰ ਵਿਖੇ ਹੀ ਸੰਪੂਰਨ ਹੋਏਗਾ। ਸਮੂਹ ਨਗਰ ਨਿਵਾਸੀਆਂ ਵੱਲੋਂ ਸ਼ਹਿਰ ਦੀ ਪਰਿਕਰਮਾ ਕਰਦੇ ਹੋਏ ਹਰ ਵੱਖਰੇ ਵੱਖਰੇ ਥਾਵਾਂ ਤੇ ਵੱਖੋ ਵੱਖਰੇ ਸੰਗਤਾਂ ਦੇ ਛਕਣ ਵਾਸਤੇ ਲੰਗਰ ਲਗਾਏ ਗਏ, ਅਤੇ ਸ਼ਰਧਾਲੂਆਂ ਵੱਲੋਂ ਪ੍ਰਕਰਮਾ ਕਰਦੇ ਹੋਏ ਹਰ ਰਸਤੇ ਤੇ ਸੰਗਤ ਦਾ ਅਤੇ ਨਗਰ ਕੀਰਤਨ 'ਚ ਸ਼ਾਮਿਲ ਸੰਗਤਾਂ ਤੇ ਫੁੱਲਾਂ ਦੀ ਵਰਖਾ ਕੀਤੀ ਗਈ। ਨਗਰ ਕੀਰਤਨ ਵਿੱਚ ਨਗਾਰਾ ਅਤੇ ਗੱਤਕਾ ਪਾਰਟੀਆਂ ਨੇ ਆਪਣੇ ਆਪਣੇ ਜੌਹਰ ਦਿਖਾਏ। ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਨੂੰ ਸਬੰਧ 5 ਨਵੰਬਰ ਦਿਨ ਬੁੱਧਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੰਪੂਰਨਤਾ ਹੋਵੇਗੀ, ਉਪਰੰਤ ਆਨੰਦਮਈ ਕੀਰਤਨ ਅਤੇ ਅਰਦਾਸ ਹੋਵੇਗੀ।

# 8 ਕਿਲੋ 12 ਗ੍ਰਾਮ ਅਫੀਮ ਤੇ 2 ਕਿਲੋ ਚਰਸ ਬਰਾਮਦ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਚਲਾਈ ਜਾ ਰਹੀ ਮੁਹਿੰਮ ਯੁੱਧ ਨਸ਼ਿਆ ਵਿਰੁੱਧ ਤਹਿਤ ਜ਼ਿਲਾ ਰੂਪਨਗਰ ਪੁਲਿਸ ਵੱਲੋਂ ਸਖ਼ਤ ਕਾਰਵਾਈਆਂ ਲਗਾਤਾਰ ਜਾਰੀ ਹਨ। ਇਸੇ ਤਹਿਤ ਸ੍ਰੀ ਅਨੰਦਪੁਰ ਸਾਹਿਬ ਪੁਲਸ ਨੇ ਭਾਰੀ ਮਾਤਰਾ ਵਿੱਚ ਅਫੀਮ ਅਤੇ ਚਰਸ ਬ੍ਰਾਮਦ ਕਰਦਿਆਂ ਤਿੰਨ ਨਸ਼ਾ ਤਸਕਰਾਂ ਨੂੰ ਕਾਬੂ ਕਰ ਲਿਆ ਹੈ।ਇਹ ਕਾਰਵਾਈ ਸੀਨੀਅਰ ਕਪਤਾਨ ਪੁਲਿਸ ਜ਼ਿਲਾ ਰੂਪਨਗਰ ਗੁਲਨੀਤ ਸਿੰਘ ਖੁਰਾਨਾ, ਪੁਲਸ ਕਪਤਾਨ ਡੀਟੇਕਟਿਵ ਗੁਰਦੀਪ ਸਿੰਘ ਗੋਸਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡੀ ਐੱਸ ਪੀ ਸਬ ਡਵੀਜ਼ਨ ਸ੍ਰੀ ਅਨੰਦਪੁਰ ਸਾਹਿਬ, ਜਸ਼ਨਦੀਪ ਸਿੰਘ ਡੀ ਐੱਸ ਪੀ (ਡੀ) ਜਤਿੰਦਰ ਚੌਹਾਨ ਦੀ ਅਗਵਾਈ ਵਿੱਚ ਕੀਤੀ ਗਈ।ਥਾਣਾ ਸ੍ਰੀ ਅਨੰਦਪੁਰ ਸਾਹਿਬ ਦੇ ਮੁਖੀ ਦਾਨਿਸ਼ਵੀਰ ਸਿੰਘ ਅਤੇ ਸਪੈਸ਼ਲ ਬਰਾਂਚ ਦੇ ਇੰਚਾਰਜ ਗੁਰਵਿੰਦਰ ਸਿੰਘ ਦੀ ਮਿਲੀ ਜੁਲੀ ਟੀਮ ਨੇ ਖਾਲਸਾ ਕਾਲਜ ਟੀ-ਪੁਆਇੰਟ ਨਾਕਾਬੰਦੀ ਦੌਰਾਨ ਇੱਕ ਮਾਰੂਤੀ ਥਾਰ ਕਾਰ ਨੰਬਰ ਐੱਚ ਪੀ-ਏ ਬੀ ਆਰ 5454 ਨੂੰ ਰੋਕਿਆ। ਕਾਰ ਦੀ ਚੈਕਿੰਗ ਦੌਰਾਨ 250 ਗ੍ਰਾਮ ਅਫੀਮ ਬ੍ਰਾਮਦ ਕੀਤੀ ਗਈ ਅਤੇ ਕਾਰ ਚਾਲਕ ਰੋਹਿਤ ਸੈਣੀ ਅਤੇ ਉਸਦੇ ਸਾਥੀ ਮਨੋਜ ਕੁਮਾਰ ਨੂੰ ਕਾਬੂ ਕਰ ਲਿਆ ਗਿਆ।ਦੋਸ਼ੀਆਂ ਨੇ ਪੁੱਛਗਿੱਛ ਦੌਰਾਨ ਖੁਲਾਸਾ ਕੀਤਾ ਕਿ ਉਹ ਇਹ ਅਫੀਮ ਵਿਕਾਸ ਸੋਨੀ ਨਾਂ ਦੇ ਵਿਅਕਤੀ ਤੋਂ ਖਰੀਦ ਕੇ ਲਿਆਏ ਹਨ ਅਤੇ ਉਸਦੀ ਹੋਰ ਗੱਡੀ ਵਿੱਚ ਭਾਰੀ ਮਾਤਰਾ ਵਿੱਚ ਨਸ਼ਾ ਮੌਜੂਦ ਹੈ। ਇਸ 'ਤੇ ਡੀ ਐਸ ਪੀ (ਡੀ) ਜਤਿੰਦਰ ਚੌਹਾਨ ਦੀ ਹਾਜ਼ਰੀ ਵਿੱਚ ਫੌਜੀ ਪੁੱਲ ਨੇੜੇ ਰੇਡ ਕੀਤੀ ਗਈ, ਜਿਥੇ ਵਿਕਾਸ ਸੋਨੀ ਨੂੰ ਉਸ ਦੀ ਸਕਾਰਪਿਓ ਨੰਬਰ ਪੀ ਬੀ ਜੀ ਡੀ ਡੀ 7575 ਸਮੇਤ ਕਾਬੂ ਕੀਤਾ ਗਿਆ।ਤਲਾਸ਼ੀ ਦੌਰਾਨ ਗੱਡੀ ਵਿੱਚੋਂ—8 ਕਿਲੋ 12 ਗ੍ਰਾਮ ਅਫੀਮ, 2 ਕਿਲੋ 437 ਗ੍ਰਾਮ ਚਰਸ ਬ੍ਰਾਮਦ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਦਾਨਿਸ਼ਵੀਰ ਸਿੰਘ ਨੇ ਦੱਸਿਆ ਕਿ ਨਸ਼ਿਆਂ ਦੇ ਖ਼ਾਤਮੇ ਲਈ ਪੁਲਿਸ ਵੱਲੋਂ ਲਗਾਤਾਰ ਮੁਹਿੰਮ ਚਲਾਈ ਜਾ ਰਹੀ ਹੈ।

# ਪ੍ਰਕਾਸ਼ ਉਤਸਵ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ



**ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਅਤੇ ਪ੍ਰਧਾਨ ਗੁਲਜਾਰ ਸਿੰਘ ਦਾ ਸਨਮਾਨ ਕਰਦੇ ਹੋਏ ਗੁਰਦੁਆਰਾ ਸਿੰਘ ਸਭਾ ਸ਼ਾਹਕੋਟ ਦੇ ਪ੍ਰਧਾਨ ਅਤੇ ਪ੍ਰਬੰਧਕ।**

**ਸ਼ਾਹਕੋਟ (ਗਿਆਨ ਸੈਦਪੁਰੀ)**

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਉਤਸਵ ਨੂੰ ਸਮਰਪਿਤ ਸ਼ਾਨਦਾਰ ਨਗਰ ਕੀਰਤਨ ਸਜਾਇਆ ਗਿਆ। ਸਥਾਨਕ ਗੁਰਦੁਆਰਾ ਸਿੰਘ ਸਭਾ ਵਿਖੇ ਹੋਈ ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਸਜਾਏ ਗਏ ਨਗਰ ਕੀਰਤਨ ਦੀ ਰਵਾਨਗੀ ਮੌਕੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਸ਼੍ਰੋਮਣੀ ਅਕਾਲੀ ਦਲ(ਮਾਨ) ਦੇ ਹਲਕਾ ਇੰਚਾਰਜ ਜਥੇਦਾਰ ਸੁਲੱਖਣ ਸਿੰਘ ਨਿਮਾਜ਼ੀਪੁਰ, ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਗੁਲਜਾਰ ਸਿੰਘ ਥਿੰਦ, ਮਾਰਕੀਟ ਕਮੇਟੀ ਸ਼ਾਹਕੋਟ ਦੇ ਚੇਅਰਮੈਨ ਬਲਬੀਰ ਸਿੰਘ ਢੰਡੋਵਾਲ, ਮਾਰਕੀਟ ਕਮੇਟੀ ਮਹਿਤਪੁਰ ਦੇ ਚੇਅਰਮੈਨ ਬਲਕਾਰ ਸਿੰਘ ਚੱਠਾ, ਮਾਰਕੀਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਸੁਰਿੰਦਰਜੀਤ ਸਿੰਘ ਚੱਠਾ, ਨਗਰ ਪੰਚਾਇਤ ਸ਼ਾਹਕੋਟ ਦੇ ਸਾਬਕਾ ਪ੍ਰਧਾਨ ਸਤੀਸ਼ ਰਿਹਾਨ ਅਤੇ ਵੱਖ ਵੱਖ ਧਾਰਮਿਕ, ਸਮਾਜਿਕ ਤੇ ਸਿਆਸੀ ਪਾਰਟੀਆਂ ਦੇ ਆਗੂ ਮੌਜੂਦ ਸਨ। ਨਗਰ ਕੀਰਤਨ ਦੇ ਬਾਜ਼ਾਰਾਂ ਵਿੱਚੋਂ ਲੰਘਣ ਵੇਲੇ ਵੱਖ-ਵੱਖ ਸੰਸਥਾਵਾਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ। ਸੰਗਤਾਂ ਸਤਿਗੁਰਾਂ ਦੇ ਜਾਪ ਕਰਦਿਆਂ ਨਗਰ ਕੀਰਤਨ ਦੇ ਨਾਲ ਨਾਲ ਚੱਲ ਰਹੀਆਂ ਸਨ। ਇਹ ਨਗਰ ਕੀਰਤਨ ਗੁਰਦੁਆਰਾ ਸਿੰਘ ਸਭਾ ਤੋਂ ਰਵਾਨਾ ਹੋ ਕੇ ਵੱਖ-ਵੱਖ ਬਾਜ਼ਾਰਾਂ ਵਿੱਚੋਂ ਗੁਜ਼ਰਦਾ ਹੋਇਆ ਇੱਥੇ ਹੀ ਸਮਾਪਤ ਹੋਇਆ।ਨਗਰ ਕੀਰਤਨ ਵਿੱਚ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਮਨਜੀਤ ਸਿੰਘ, ਪਵਨ ਅਗਰਵਾਲ ਪ੍ਰਧਾਨ ਕੱਚਾ ਆੜਤੀਆ ਐਸੋਸੀਏਸ਼ਨ, ਬੰਟੀ ਬਠਲਾ ਪ੍ਰਧਾਨ ਵਾਤਾਵਰਨ ਸੁਧਾਰ ਸੁਸਾਇਟੀ, ਰਜੇਸ਼ ਗੁਪਤਾ ਸੀਨੀਅਰ ਕਾਂਗਰਸੀ ਆਗੂ, ਟਿੰਪੀ ਕੁਮਰਾ ਸੀਨੀਅਰ ਕਾਂਗਰਸੀ ਆਗੂ, ਸੁਰਿੰਦਰ ਸਿੰਘ ਭੱਟੀ, ਤਰਲੋਕ ਸਿੰਘ ਰੂਪਰਾ ਪ੍ਰਧਾਨ ਰਾਮਗੜ੍ਹੀਆ ਪਬਲਿਕ ਸਕੂਲ ਸ਼ਾਹਕੋਟ, ਅਮਰਜੀਤ ਕੌਰ ਸਚਦੇਵਾ ਪ੍ਰਧਾਨ ਮਹਿਲਾ ਕਾਂਗਰਸ ਸ਼ਾਹਕੋਟ, ਸੁਖਦੀਪ ਸਿੰਘ ਕੰਗ ਪੀਏ, ਗਗਨ ਜਿੰਦਲ,ਕੁਲਬੀਰ ਸਿੰਘ ਧੰਜੂ, ਖੁਸ਼ਦੀਪ ਸਿੰਘ ਧੰਜੂ, ਮਨਜੀਤ ਸਿੰਘ ਸੱਤਾ ਟਰਾਂਸਪੋਰਟਰ, ਬੂਟਾ ਸਿੰਘ ਕਲਸੀ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਮਾਸਟਰ ਜਤਿੰਦਰ ਪਾਲ ਸਿੰਘ ਬੱਲਾ ਸਾਬਕਾ ਮੈਂਬਰ ਨਗਰ ਪੰਚਾਇਤ ਸ਼ਾਹਕੋਟ, ਸੁਖਪਾਲ ਸਿੰਘ ਆਦਿ ਮੌਜੂਦ ਸਨ।

# ਪੰਜਾਬ ਸਰਕਾਰ ਵੱਲੋਂ ਅਨਾਥ ਤੇ ਆਸ਼ਰਿਤ ਬੱਚਿਆਂ ਲਈ 242 ਕਰੋੜ ਦੀ ਵਿੱਤੀ ਸਹਾਇਤਾ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਅਨਾਥ ਅਤੇ ਆਸ਼ਰਿਤ ਬੱਚਿਆਂ ਦੇ ਭਵਿੱਖ ਨੂੰ ਸੁਨਿਸ਼ਚਿਤ ਕਰਨ ਲਈ ਲਗਾਤਾਰ ਵਿੱਤੀ ਤੇ ਸਮਾਜਿਕ ਸਹਾਇਤਾ ਯੋਜਨਾਵਾਂ ਰਾਹੀਂ ਕੰਮ ਕਰ ਰਹੀ ਹੈ।ਡਾ. ਬਲਜੀਤ ਕੌਰ ਨੇ ਦੱਸਿਆ ਕਿ ਰਾਜ ਭਰ ਦੇ ਆਸ਼ਰਿਤ ਬੱਚਿਆਂ ਨੂੰ ਹੁਣ ਤੱਕ ਕੁੱਲ 242.77 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਗਈ ਹੈ। ਇਹ ਸਹਾਇਤਾ ਉਹਨਾਂ ਬੱਚਿਆਂ ਲਈ ਹੈ ਜਿਨ੍ਹਾਂ ਦੇ ਮਾਤਾ-ਪਿਤਾ ਵਿਚੋਂ ਕੋਈ ਇੱਕ ਜਾਂ ਦੋਵੇਂ ਦਾ ਦੇਹਾਂਤ ਹੋ ਚੁੱਕਾ ਹੈ ਜਾਂ ਜਿਨ੍ਹਾਂ ਦੇ ਪਰਵਾਰ ਬਹੁਤ ਗੰਭੀਰ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਚਾਲੂ ਵਿੱਤੀ ਸਾਲ 2025-26 ਲਈ ਇਸ ਸਕੀਮ ਹੇਠ 410 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਗਿਆ ਹੈ। ਇਸ ਸਮੇਂ ਰਾਜ ਦੇ 2,32,290 ਬੱਚਿਆਂ ਨੂੰ ਨਿਯਮਿਤ ਵਿੱਤੀ ਸਹਾਇਤਾ ਮਿਲ ਰਹੀ ਹੈ, ਜਿਸ ਨਾਲ ਉਹ ਆਪਣੀ ਪੜ੍ਹਾਈ ਜਾਰੀ ਰੱਖ ਸਕਦੇ ਹਨ, ਚੰਗੀ ਪਰਵਰਿਸ਼ ਹਾਸਲ ਕਰ ਰਹੇ ਹਨ ਅਤੇ ਜੀਵਨ ਦੇ ਮਿਆਰ ਵਿੱਚ ਸੁਧਾਰ ਆ ਰਿਹਾ ਹੈ।

# ਆਰ ਬੀ ਯੂ ਵਿਖੇ ਵਰਕਸ਼ਾਪ ਦਾ ਆਯੋਜਨ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਰਿਆਤ ਬਾਹਰਾ ਯੂਨੀਵਰਸਿਟੀ ਦੇ ਸਕੂਲ ਆਫ਼ ਮੈਨੇਜਮੈਂਟ ਸਟੱਡੀਜ਼ ਦੇ ਕਾਮਰਸ ਵਿਭਾਗ ਨੇ ਪ੍ਰੋਕਟਰ ਐਂਡ ਗੈਂਬਲ ਦੇ ਰਾਈਟ ਸਾਈਡ ਸਟੋਰੀ ਟ੍ਰੇਨਿੰਗ ਪਾਰਟਨਰ ਦੇ ਸਹਿਯੋਗ ਨਾਲ, ਭਾਵਨਾਤਮਕ ਤਣਾਅ ਰਿਲੀਜ਼ (ਈਐਸਆਰ ) ਪ੍ਰੋਗਰਾਮ ਦੇ ਤਹਿਤ ਇੱਕ ਯੁਵਾ ਸ਼ਮੂਲੀਅਤ ਪ੍ਰੋਗਰਾਮ, 'ਸਸ਼ਕਤੀਕਰਨ ਉੱਤਮਤਾ-ਵਿਅਕਤੀਗਤ ਵਿਕਾਸ ਵਰਕਸ਼ਾਪ' ਦਾ ਆਯੋਜਨ ਕੀਤਾ। ਵਣਜ ਵਿਭਾਗ ਦੀ ਮੁਖੀ, ਪ੍ਰੋ. (ਡਾ.) ਕਵਿਤਾ ਅਗਰਵਾਲ ਨੇ ਕਿਹਾ ਕਿ ਵਿਸਪਰ ਅਤੇ ਜਿਲੇਟ ਦੇ ਸਹਿਯੋਗ ਨਾਲ ਇਹ ਪ੍ਰੋਗਰਾਮ ਨੌਜਵਾਨ ਵਿਦਿਆਰਥੀਆਂ ਵਿੱਚ ਸਫਾਈ, ਆਤਮਵਿਸ਼ਵਾਸ, ਸਿਹਤ ਅਤੇ ਤੰਦਰੁਸਤੀ ਬਾਰੇ ਜਾਗਰੂਕਤਾ ਫੈਲਾਉਣ ਤੇ ਕੇਂਦ੍ਰਿਤ ਸੀ। ਕੰਪਨੀ ਪ੍ਰਤਿਨਿਧੀਆਂ ਸਲੋਨੀ ਸਿੱਖਾ ਅਤੇ ਅਵਨੀ ਗਰਗ ਨੇ ਵਿਦਿਆਰਥੀਆਂ ਗੱਲਬਾਤ ਕੀਤੀ ਜਿਸ ਨਾਲ ਜਿਸ ਨਾਲ ਉਨ੍ਹਾਂ ਦਾ ਆਤਮ-ਵਿਸ਼ਵਾਸ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਹੋਰ ਮਜ਼ਬੂਤ ਹੋਈ। ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਹਿੱਸਾ ਲਿਆ। ਇਸ ਪਹਿਲਕਦਮੀ ਨੇ ਨੌਜਵਾਨਾਂ ਦੀ ਸ਼ਮੂਲੀਅਤ ਅਤੇ ਸਸ਼ਕਤੀਕਰਨ ਨੂੰ ਮਜ਼ਬੂਤ ਕਰਦੇ ਹੋਏ ਇੱਕ ਸਕਾਰਾਤਮਕ ਸਿੱਖਣ ਦਾ ਮਾਹੌਲ ਬਣਾਇਆ। ਰਿਆਤ ਬਾਹਰਾ ਯੂਨੀਵਰਸਿਟੀ ਦੇ ਗਰੁੱਪ ਵਾਈਸ-ਚਾਂਸਲਰ, ਪ੍ਰੋਫੈਸਰ (ਡਾ.) ਸੰਜੇ ਕੁਮਾਰ ਨੇ ਇਸ ਸਮਾਗਮ ਦੇ ਆਯੋਜਨ ਵਿੱਚ ਵਣਜ ਵਿਭਾਗ ਦੇ ਉੱਦਮ ਦੀ ਸ਼ਲਾਘਾ ਕੀਤੀ।

# ਬੀਰੋਵਾਲ, ਜਾਡਲਾ, ਉਟਾਲ ਤੇ ਦੌਲਤਪੁਰ ਵਿਖੇ ਕਰਾਇਆ ਜਾਗਰੂਕਤਾ ਪ੍ਰੋਗਰਾਮ




**ਨਵਾਂਸ਼ਹਿਰ, (ਮਨੋਜ ਲਾਡੀ)**-ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਜ਼ਿਲ੍ਹਾ ਪ੍ਰੋਗਰਾਮ ਅਫਸਰ-ਕਮ-ਕਲਸਟਰ ਅਫਸਰ ਜਗਰੂਪ ਸਿੰਘ ਨੇ ਆਪਣੀ ਟੀਮ ਸਮੇਤ ਪਿੰਡ ਬੀਰੋਵਾਲ, ਜਾਡਲਾ, ਉਟਾਲ ਅਤੇ ਦੌਲਤਪੁਰ ਵਿਖੇ ਪਰਾਲੀ ਦੀ ਸਾਂਭ-ਸੰਭਾਲ ਕਰਨ ਸਬੰਧੀ ਕਿਸਾਨਾਂ ਨੂੰ ਜਾਗਰੂਕ ਕੀਤਾ ਗਿਆ। ਪਿੰਡਾਂ ਦੇ ਸਰਪੰਚਾਂ ਅਤੇ ਪੰਚਾਇਤ ਮੈਂਬਰਾਂ ਨਾਲ ਝੋਨੇ ਦੀ ਪਰਾਲੀ ਅਤੇ ਨਾੜ ਨੂੰ ਨਾ ਸਾੜਨ ਬਾਰੇ ਚਰਚਾ ਕਰਦਿਆਂ ਜਗਰੂਪ ਸਿੰਘ ਨੇ ਦੱਸਿਆ ਕਿ ਵਾਤਾਵਰਣ ਨੂੰ ਸਾਫ-ਸੁਥਰਾ, ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਰੱਖਣ ਲਈ ਸਾਰਿਆਂ ਨੂੰ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਮਸ਼ੀਨਾਂ ਨਾਲ ਪਰਾਲੀ ਦਾ ਖੇਤਾਂ ਵਿੱਚ ਹੀ ਸੁਚੱਜਾ ਪ੍ਰਬੰਧਨ ਕਰਕੇ ਪੌਣ-ਪਾਣੀ ਨੂੰ ਦੂਸ਼ਿਤ ਹੋਣੋਂ ਬਚਾਉਣ ਦੇ ਨਾਲ-ਨਾਲ ਮਨੁੱਖੀ ਸਿਹਤ, ਮਿੱਤਰ ਕੀੜਿਆਂ ਨੂੰ ਬਚਾਉਣ ਅਤੇ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਵੀ ਮਜ਼ਬੂਤ ਰੱਖਣਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਕੁਦਰਤੀ ਸੋਮਿਆਂ ਦੀ ਸਾਂਭ-ਸੰਭਾਲ ਵਿੱਚ ਮੋਹਰੀ ਭੂਮਿਕਾ ਨਿਭਾਉਣੀ ਚਾਹੀਦੀ ਹੈ ਤਾਂ ਜੋ ਪ੍ਰਦੂਸ਼ਨ ਦੇ ਫੈਲ਼ਾਅ ਨੂੰ ਰੋਕਿਆ ਜਾ ਸਕੇ।

# ਪੰਜਾਬ ਦੀਆਂ ਮੰਡੀਆਂ ਵਿੱਚੋਂ 85 ਫੀਸਦੀ ਝੋਨੇ ਦੀ ਹੋਈ ਲਿਫਟਿੰਗ : ਬਰਸਟ

**ਮੋਹਾਲੀ, (ਗੁਰਜੀਤ ਬਿੱਲਾ)**- ਪੰਜਾਬ ਰਾਜ ਦੀਆਂ ਸਮੂਹ ਮੰਡੀਆਂ ਵਿੱਚ ਝੋਨੇ ਦੀ ਆਮਦ, ਖਰੀਦ ਅਤੇ ਲਿਫਟਿੰਗ ਦੇ ਕਾਰਜ ਸੁਚੱਜੇ ਤਰੀਕੇ ਨਾਲ ਚੱਲ ਰਹੇ ਹਨ। ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ, ਮਜਦੂਰਾਂ ਸਮੇਤ ਕਿਸੇ ਨੂੰ ਵੀ ਕਿਸੇ ਕਿਸਮ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾ ਰਹੀ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਵੱਲੋਂ ਸੂਬੇ ਦੀਆਂ ਮੰਡੀਆਂ ਵਿੱਚ ਝੋਨੇ ਦੇ ਚੱਲ ਰਹੇ ਖਰੀਦ ਕਾਰਜਾਂ ਦਾ ਜਾਇਜ਼ਾ ਲੈਣ ਉਪਰੰਤ ਵਿਅਕਤ ਕੀਤੇ ਗਏ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਲਿਫਟਿੰਗ ਤੇਜੀ ਨਾਲ ਹੋ ਰਹੀ ਹੈ। ਖਰੀਦੀ ਗਈ ਫਸਲ ਦੀ ਲਗਭਗ 85 ਫੀਸਦੀ ਲਿਫਟਿੰਗ ਹੋ ਚੁੱਕੀ ਹੈ। ਪੰਜਾਬ ਰਾਜ ਵਿੱਚ ਝੋਨੇ ਦੀ ਨਿਰਵਿਘਨ ਖਰੀਦ ਲਈ 152 ਮੁੱਖ ਯਾਰਡ, 283 ਸਬ ਯਾਰਡ ਅਤੇ 1387 ਖ੍ਰੀਦ ਕੇਂਦਰ ਘੋਸ਼ਿਤ ਕੀਤੇ ਗਏ ਹਨ ਅਤੇ ਕਿਸਾਨਾਂ ਦੀ ਸਹੂਲਤ ਲਈ 715 ਆਰਜੀ ਖਰੀਦ ਕੇਂਦਰ ਵੀ ਬਣਾਏ ਗਏ ਹਨ।

# ਮਹਿੰਦਰ ਸਿੰਘ ਨਮਿੱਤ ਅੰਤਿਮ ਅਰਦਾਸ 8 ਨੂੰ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**-ਸੰਤ ਬਾਬਾ ਮਹਾਂਵੀਰ ਸਿੰਘ ਜੀ ਮੁੱਖ ਸੇਵਾਦਾਰ ਡੇਰਾ ਬੁੰਗਾ ਸਾਹਿਬ ਪਿੰਡ ਤਾਜੇਵਾਲ ਦੇ ਸਤਿਕਾਰਯੋਗ ਭਰਾਤਾ ਸਰਦਾਰ ਮਹਿੰਦਰ ਸਿੰਘ ਜੋ ਕਿ 27 ਅਕਤੂਬਰ ਨੂੰ ਅਕਾਲ ਚਲਾਣਾ ਕਰ ਗਏ ਸਨ। ਉਹਨਾਂ ਨਮਿਤ ਅੰਤਿਮ ਅਰਦਾਸ 8 ਨਵੰਬਰ ਦਿਨ ਸ਼ਨੀਵਾਰ ਨੂੰ ਸੰਤ ਨਗਰ ਨਜ਼ਦੀਕ ਨਿਰਮਲ ਕੁਟੀਆ ਕਿਲਾ ਬਰੂਨ ( ਛੋਟਾ ਬਜਵਾੜਾ ) ਵਿਖੇ ਦੁਪਹਿਰ 12 ਤੋਂ 1 ਵਜੇ ਤੱਕ ਹੋਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਤ ਮਹਾਂਵੀਰ ਸਿੰਘ ਤਾਜੇਵਾਲ ਨੇ ਦੱਸਿਆ ਕਿ ਇਸ ਮੌਕੇ ਪਾਠ ਦੇ ਭੋਗ ਤੋਂ ਬਾਅਦ ਸਮਾਗਮ ਵਿੱਚ ਪਹੁੰਚੇ ਸੰਤ ਮਹਾਂਪੁਰਸ਼ ਅਤੇ ਹੋਰ ਸਨਮਾਨ ਯੋਗ ਵਿਅਕਤੀ ਮਹਿੰਦਰ ਸਿੰਘ ਨੂੰ ਸ਼ਰਧਾਂਜਲੀ ਭੇਟ ਕਰਨਗੇ।

# ਸਤਿਗੁਰ ਨਾਮਦੇਵ ਦਾ ਜਨਮ ਦਿਹਾੜਾ ਮਨਾਉਣ ਲਈ ਸ਼ਰਧਾਲੂਆਂ ਦਾ ਜਥਾ ਰਵਾਨਾ

**ਅਲਾਵਲਪੁਰ, (ਮਦਨ ਬੰਗੜ)**- ਸਤਿਗੁਰੂ ਸੰਤ ਸ਼੍ਰੋਮਣੀ ਭਗਤ ਬਾਬਾ ਨਾਮਦੇਵ ਜੀ ਦਾ ਜਨਮ ਦਿਹਾੜਾ ਮਨਾਉਣ ਲਈ ਬਿਆਸ ਪਿੰਡ ਤੋਂ ਸੰਗਤਾਂ ਦਾ ਜਥਾ ਰਵਾਨਾ ਹੋਇਆ।



ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁਰਪ੍ਰੀਤ ਸਿੰਘ ਰੱਖਰਾ ਨੇ ਦੱਸਿਆ ਕਿ ਸਤਿਗੁਰੂ ਸੰਤ ਸ਼੍ਰੋਮਣੀ ਭਗਤ ਬਾਬਾ ਨਾਮਦੇਵ ਜੀ ਦਾ ਜਨਮ ਦਿਹਾੜਾ ਮਨਾਉਣ ਲਈ ਬਿਆਸ ਪਿੰਡ ਤੋਂ ਸੰਗਤ ਬਸ ਰਾਹੀਂ ਬਾਬਾ ਜੀ ਦੇ ਤਪ ਸਥਾਨ ਪਿੰਡ ਘੁਮਾਣ ਜਿਲਾ ਗੁਰਦਾਸਪੁਰ ਵਿਖੇ ਬਿਆਸ ਪਿੰਡ ਦੀਆਂ ਸੰਗਤਾਂ ਰਵਾਨਾ ਹੋਈਆਂ ਜਿੱਥੇ ਉਤਸ਼ਾਹ ਦੇ ਨਾਲ ਸਤਿਗੁਰ ਨਾਮਦੇਵ ਜੀ ਦਾ ਜਨਮ ਦਿਹਾੜਾ ਮਨਾਇਆ ਗਿਆ।

# ਐੱਨ ਐੱਫ ਐੱਲ ਦੇ ਕਾਰਜਕਾਰੀ ਡਾਇਰੈਕਟਰ ਵੱਲੋਂ ਆਈ ਟੀ ਆਈ ਦਾ ਦੌਰਾ

**ਨੰਗਲ ਭਲਾਣ (ਹਰਭਜਨ ਢਿੱਲੋਂ)**

ਨੰਗਲ ਦੀ ਉਦਯੋਗਿਕ ਇਕਾਈ ਨੈਸ਼ਨਲ ਫਰਟੀਲਾਈਜ਼ਰ ਕੈਮੀਕਲ ਲਿਮਟਡ ਦੇ ਕਾਰਜਕਾਰੀ ਡਾਇਰੈਕਟਰ ਐੱਮ ਐੱਨ ਗੋਇਲ ਵਲੋਂ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਂ ਨੰਗਲ ਦਾ ਦੌਰਾ ਕੀਤਾ ਗਿਆ।ਇਸ ਮੌਕੇ ਉਨਾਂ ਆਈਟੀਆਈ ਨਾਲ ਵੱਖ ਵੱਖ ਟਰੇਡਾ ਲਈ ਚਲ ਰਹੇ ਐੱਮ ਉ ਯੂ ਸਮਝੌਤਿਆਂ ਅਤੇ ਆਈ ਟੀ ਆਈ ਦੇ ਸਿੱਖਿਆਰਥੀਆਂ ਦੀ ਟਰੇਨਿੰਗ ਨੂੰ ਇੰਡਸਟਰੀ ਦੀ ਮੰਗ ਅਨੁਸਾਰ ਕਰਵਾਉਣ



ਲਈ ਵੱਖ ਵੱਖ ਤਰੀਕਿਆਂ ਤੇ ਵਿਚਾਰ ਵਟਾਂਦਰਾਂ ਕੀਤਾ ਗਿਆ।ਇਸ ਮੌਕੇ ਉਨਾਂ ਵੱਖ ਵੱਖ ਵਰਕਸ਼ਾਪਾ ਦਾ ਦੌਰਾਂ ਕਰਦਿਆਂ ਸਿੱਖਿਆਰਥੀਆਂ ਨਾਲ ਬਹੁਤ ਸਾਰੇ ਤਕਨੀਕੀ ਨੁਕਤਿਆਂ ਤੇ ਗਲਬਾਤ ਕੀਤੀ।ਇਸ ਮੌਕੇ ਉਨਾਂ ਸਿੱਖਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਿੱਤਾ ਮੁੱਖੀ ਸਿੱਖਿਆਂ ਦਾ ਮਕਸਦ ਸਿਰਫ ਸਰਟੀਫਿਕੇਟ ਪ੍ਰਾਪਤ ਕਰਨਾ ਨਹੀ ਹੋਣਾ ਚਾਹੀਦਾ, ਸਗੋਂ ਕਿੱਤੇ ਦੀ ਮੁਹਾਰਤ ਹੋਣੀ ਬਹੁਤ ਜ਼ਰੂਰੀ ਹੈ।ਇਸ ਮੌਕੇ ਪ੍ਰਿੰਸੀਪਲ ਗੁਰਨਾਮ ਸਿੰਘ ਭੱਲੜੀ ਨੇ ਆਏ ਮਹਿਮਾਨਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਤਕਨੀਕੀ ਸਿੱਖਿਆਂ ਅਤੇ ਉਦਯੋਗਿਕ ਸਿਖਲਾਈ ਵਿਭਾਗ ਦੇ ਮੰਤਰੀ ਹਰਜੋਤ ਸਿੰਘ ਬੈਂਸ ਦੇ ਨਿਰਦੇਸ਼ਾਂ ਅਤੇ ਡਾਇਰੈਕਟਰ ਤਕਨੀਕੀ ਸਿੱਖਿਆਂ ਅਤੇ ਉਦਯੋਗਿਕ ਸਿਖਲਾਈ ਵਿਭਾਗ ਵਲੋਂ ਜਾਰੀ ਹੁਕਮਾਂ ਅਨੁਸਾਰ ਆਈ ਟੀ ਆਈ ਨੰਗਲ ਵੱਖ ਵੱਖ ਕਿੱਤਾ ਮੁੱਖੀ ਕੋਰਸਾ ਵਿੱਚ ਟਰੇਨਿੰਗ ਦਿੱਤੀ ਜਾ ਰਹੀ।ਇਸ ਮੌਕੇ ਸੰਸਥਾਂ ਵਲੋਂ ਐੱਨ ਐੱਫਐੱਲ ਦੇ ਕਾਰਜਕਾਰੀ ਡਾਇਰੈਕਟਰ ਐੱਮ ਐੱਨ ਗੋਇਲ ਨੂੰ ਵਿਸ਼ੇਸ਼ ਰੂਪ 'ਚ ਸਨਮਾਨਤ ਕੀਤਾ ਗਿਆ।

# ਬਲੱਡ ਡੋਨਰਜ਼ ਕੌਂਸਲ ਵੱਲੋਂ ਵਿਸ਼ੇਸ਼ ਕਾਰਡ ਜਾਰੀ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਦਿਨ-ਰਾਤ ਬਲੱਡ ਬੈਂਕ ਤੇ ਲੈਬਾਰਟਰੀ ਸੇਵਾਵਾਂ ਨੂੰ ਸਮਰਪਿਤ ਸਥਾਨਕ ਸਮਾਜ ਸੇਵੀ ਸੰਸਥਾ ਬਲੱਡ ਡੋਨਰਜ਼ ਕੌਂਸਲ ਵਲੋਂ ਦੋ ਹਜ਼ਾਰ ਰੁਪਏ ਸਾਲਾਨਾ ਤਹਿਤ ਵਿਸ਼ੇਸ਼ ਕਾਰਡ ਦੇਣ ਦੀ ਸੇਵਾ ਆਰੰਭ ਕੀਤੀ ਗਈ ਹੈ। ਇਸ ਸੇਵਾ ਦਾ ਉਦਘਾਟਨ ਸੰਸਥਾ ਦੇ ਪ੍ਰਧਾਨ ਐੱਸ ਕੇ ਸਰੀਨ ਸੰਸਥਾ ਵਲੋਂ ਆਪਣੇ ਕਰ ਕਮਲਾਂ ਨਾਲ ਕੀਤਾ। ਬੀ ਡੀ ਸੀ ਤੋਂ ਹੁੰਦੇ ਟੈਸਟਾਂ ਵਿੱਚ 20% ਤੱਕ ਦੀ ਛੋਟ ਦਿੱਤੀ ਜਾਵੇਗੀ ਇਸ ਦੇ ਨਾਲ਼ ਕਾਰਡ-ਧਾਰਕ ਦੇ 18 ਸਾਲ ਤੋਂ ਘੱਟ ਉਮਰ ਦੇ ਬੱਚੇ ਵੀ ਇਹ ਛੋਟ ਤੇ ਸਹੂਲਤ ਲੈ ਸਕਣਗੇ। ਨਵਾਂਸ਼ਹਿਰ ਦੀ ਮਿਉਂਸਪਲ ਹੱਦ ਵਿੱਚ ਨਾ-ਤੁਰ ਫਿਰ ਸਕਣ ਦੇ ਕੇਸ ਵਿੱਚ ਘਰ ਤੋਂ ਮੁਫਤ ਸੈਂਪਲ ਪ੍ਰਾਪਤੀ ਸਹੂਲਤ ਵੀ ਉਪਲੱਬਧ ਹੋਵੇਗੀ। ਉਦਘਾਟਨ ਦੀ ਰਸਮ ਵੇਲੇ ਮੌਕੇ ਛੇ ਵਿਸ਼ੇਸ਼ ਕਾਰਡ ਵੀ ਜਾਰੀ ਕੀਤੇ ਗਏ। ਮੌਕੇ ਤੇ ਐਸ ਕੇ ਸਰੀਨ ਤੋਂ ਇਲਾਵਾ ਜੀ ਐਸ ਤੂਰ, ਜੇ ਐਸ ਗਿੱਦਾ, ਪ੍ਰਵੇਸ਼ ਕੁਮਾਰ, ਮੈਡਮ ਸੁਰਿੰਦਰ ਕੌਰ ਤੂਰ, ਡਾ: ਅਜੇ ਬੱਗਾ, ਮਾਸਟਰ ਨਰਿੰਦਰ ਸਿੰਘ ਭਾਰਟਾ, ਮੈਡਮ ਰੇਖਾ ਜੈਨ, ਨੋਬਲ ਸਰੀਨ, ਗੌਰਵ ਸਰੀਨ, ਮੈਨੇਜਰ ਮਨਮੀਤ ਸਿੰਘ, ਡਾਕਟਰ ਨਿੱਕੀਤਾ ਪੁਰੀ, ਮੈਡਮ ਪ੍ਰਕਾਸ਼ ਕੌਰ, ਸਿਦਕ ਸੁਖਰਾਜ ਸਿੰਘ, ਤਜਿੰਦਰ ਕੋਰ, ਡਾ: ਸੁੱਖਵਿੰਦਰ ਕੌਰ ਨਾਗਰਾ, ਸੁਵਨੀਤ ਸੈਣੀ, ਰਜਨੀਤ ਸੈਣੀ, ਈਰਾ ਸੈਣੀ ਤੇ ਬੀ ਡੀ ਸੀ ਸਟਾਫ ਹਾਜ਼ਰ ਸੀ। ਪ੍ਰੋਗਰਾਮ ਦੀ ਸਮਾਪਤੀ ਤੇ ਖੂਨਦਾਨ ਸੇਵਾਵਾਂ ਵਾਸਤੇ ਯੋਗਦਾਨ ਪਾਉਣ ਵਾਲ਼ੇ ਐੱਨ ਆਰ ਆਈ ਹਾਜ਼ਰ ਪਰਵਾਰਾਂ ਨੂੰ ਬੀ ਡੀ ਸੀ ਵੱਲੋਂ ਸਨਮਾਨਤ ਕੀਤਾ ਗਿਆ।

# ਭਾਰਤੀ ਮਹਿਲਾ ਕ੍ਰਿਕਟ ਟੀਮ ਨੂੰ ਵਿਸ਼ਵ ਚੈਂਪੀਅਨ ਬਣਨ 'ਤੇ ਮੁੱਖ ਮੰਤਰੀ ਨੇ ਦਿੱਤੀ ਵਧਾਈ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਭਾਰਤੀ ਮਹਿਲਾ ਕ੍ਰਿਕੇਟ ਟੀਮ ਨੂੰ ਵਿਸ਼ਵ ਚੈਂਪੀਅਨ ਬਨਣ 'ਤੇ ਵਧਾਈ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਦੇਸ਼ ਦੀ ਬੇਟੀਆਂ ਨੇ ਕੌਮਾਂਤਰੀ ਮੰਚ 'ਤੇ ਭਾਰਤ ਦਾ ਮਾਣ ਵਧਾਇਆ ਹੈ ਅਤੇ ਇਹ ਉਪਲਬਧੀ ਪੂਰੇ ਰਾਸ਼ਟਰ ਲਈ ਮਾਣ ਦਾ ਵਿਸ਼ਾ ਹੈ।ਮੁੱਖ ਮੰਤਰੀ ਇੱਥੇ ਹਰਿਆਣਾ ਨਿਵਾਸ ਵਿੱਚ ਪ੍ਰੈਸ ਕਾਨਫ੍ਰੈਂਸ ਨੂੰ ਸੰਬੋਧਿਤ ਕਰ ਰਹੇ ਸਨ।ਉਨ੍ਹਾਂ ਨੇ ਕਿਹਾ ਕਿ ਇਸ ਜੇਤੂ ਟੀਮ ਦਾ ਹਿੱਸਾ ਰਹੀ ਹਰਿਆਣਾ ਦੀ ਬੇਟੀ ਸ਼ੇਫਾਲੀ ਵਰਮਾ ਨੇ ਫਾਈਨਲ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪਲੇਅਰ ਆਫ ਦਾ ਮੈਚ ਦਾ ਪੁਰਸਕਾਰ ਹਾਸਲ ਕੀਤਾ। ਸ਼ੇਫਾਲੀ ਨੇ ਨਿਰਣਾਇਕ ਪਾਰੀ ਖੇਲਦੇ ਹੋਏ 87 ਰਨ ਬਣਾਏ ਅਤੇ ਨਾਲ ਹੀ ਦੋ ਮਹਤੱਵਪੂਰਣ ਵਿਕਟ ਲੈ ਕੇ ਟੀਮ ਦੀ ਜਿੱਤ ਯਕੀਨੀ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ।ਮੁੱਖ ਮੰਤਰੀ ਨੇ ਕਿਹਾ ਕਿ ਸ਼ੇਫਾਲੀ ਦਾ ਸ਼ਾਨਦਾਰ ਪ੍ਰਦਰਸ਼ਨ ਹਰਿਆਣਾ ਦੀ ਬੇਟੀਆਂ ਦੀ ਪ੍ਰਤਿਭਾ, ਮਿਹਨਤ ਅਤੇ ਸੰਕਲਪ ਦਾ ਪ੍ਰਤੀਕ ਹੈ, ਜਿਸ ਤੇ ਪੂਰੇ ਸੂਬੇ ਨੂੰ ਮਾਣ ਹੈ। ਉਨ੍ਹਾਂ ਨੇ ਕਿਹਾ ਕਿ ਹਰਿਆਣਾ ਦੀ ਬੇਟੀਆਂ ਅੱਜ ਵੱਖ-ਵੱਖ ਖੇਡਾਂ ਵਿੱਚ ਦੇਸ਼ ਦਾ ਮਾਣ ਵਧਾ ਰਹੀਆਂ ਹਨ ਅਤੇ ਆਉਣ ਵਾਲੀ ਪੀੜੀਆਂ ਲਈ ਪ੍ਰੇਰਣਾ ਦਾ ਸਰੋਤ ਬਣ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਸੂਬਾ ਸਰਕਾਰ ਖੇਡਾਂ ਦੇ ਪ੍ਰੋਤਸਾਹਨ ਅਤੇ ਖਿਡਾਰੀਆਂ ਦੇ ਸਨਮਾਨ ਲਈ ਲਗਾਤਾਰ ਯਤਨਸ਼ੀਲ ਹੈ।

# ਜੀ ਟੀ ਯੂ ਦੀ 8 ਨੂੰ ਹੋ ਰਹੀ ਜਨਰਲ ਕੌਂਸਲ ਦੀਆਂ ਤਿਆਰੀਆਂ ਜ਼ੋਰਾਂ 'ਤੇ

**ਜਲੰਧਰ (ਰਾਜੇਸ਼ ਥਾਪਾ)**-ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਸੇਵਾ ਕਰਦੇ ਪ੍ਰਾਇਮਰੀ ਕੇਡਰ ਤੋਂ ਲੈ ਕੇ ਪ੍ਰਿੰਸੀਪਲ ਕੇਡਰ ਤੱਕ ਪ੍ਰਤੀਨਿਧਤਾ ਕਰਦੀ ਹੋਈ ਅਧਿਆਪਕਾਂ ਦੀ ਸਿਰਮੌਰ ਜਥੇਬੰਦੀ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੀ ਬਲਾਕ ਪ੍ਰਧਾਨਾਂ ਤੇ ਅਧਾਰਤ ਜਨਰਲ ਕੌਂਸਲ 8 ਨਵੰਬਰ ਦਿਨ ਸ਼ਨੀਵਾਰ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਆਯੋਜਿਤ ਕੀਤੀ ਜਾ ਰਹੀ ਹੈ। ਇਸ ਸਬੰਧੀ ਜਿਲ੍ਹਾ ਜਲੰਧਰ ਅੰਦਰ ਤਿਆਰੀਆਂ ਜ਼ੋਰਾਂ ਤੇ ਚੱਲ ਰਹੀਆਂ ਹਨ। ਇਸ ਜਨਰਲ ਕੌਂਸਲ ਨੂੰ ਨੇਪਰੇ ਚਾੜ੍ਹਨ ਲਈ ਬਲਾਕ ਦੀਆਂ ਮੀਟਿੰਗਾਂ ਹੋ ਚੁੱਕੀਆਂ ਹਨ। ਹਰੇਕ ਬਲਾਕ ਅੰਦਰ ਪੋਸਟਰ ਮੁਹਿੰਮ ਤੇ ਫੰਡ ਮੁਹਿੰਮ ਚਲਾਈ ਜਾ ਰਹੀ ਹੈ। ਇਸ ਜਨਰਲ ਕੌਂਸਲ ਦਾ ਉਦਘਾਟਨ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸਾਬਕਾ ਜਨਰਲ ਸਕੱਤਰ ਮਾਸਟਰ ਹਰਕੰਵਲ ਸਿੰਘ ਕਰਨਗੇ।ਇਸ ਜਨਰਲ ਕੌਂਸਲ ਵਿੱਚ ਪੰਜਾਬ ਭਰ ਤੋਂ 250 ਦੇ ਕਰੀਬ ਡੈਲੀਗੇਟ ਭਾਗ ਲੈਣਗੇ। ਇਸ ਸਮੇ ਗੌਰਮਿੰਟ ਟੀਚਰਜ਼ ਯੂਨੀਅਨ ਦੇ ਜਿਲ੍ਹਾ ਪ੍ਰਧਾਨ ਕਰਨੈਲ ਫਿਲੌਰ, ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ ਕੁਲਾਰ, ਜਨਰਲ ਸਕੱਤਰ ਸੁਖਵਿੰਦਰ ਸਿੰਘ ਮੱਕੜ, ਪ੍ਰੈੱਸ ਸਕੱਤਰ ਵੇਦ ਰਾਜ, ਗੁਰਮੇਲ ਸਿੰਘ ਕੁਲਰੀਆਂ,ਵਿਨੋਦ ਭੱਟੀ, ਜੋਗਿੰਦਰ ਸਿੰਘ ਜੋਗੀ,ਮਨੋਜ ਕੁਮਾਰ ਸਰੋਏ, ਜਸਵੀਰ ਸਿੰਘ,ਰਗਜੀਤ ਸਿੰਘ,ਬਲਵੀਰ ਭਗਤ,ਅਮਰਜੀਤ ਭਗਤ, ਪੈਨਸ਼ਨਰ ਆਗੂ ਕੁਲਦੀਪ ਸਿੰਘ ਕੌੜਾ ਅਤੇ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਹਾਜ਼ਰ ਸਨ।

# ਚਾਰ ਦਿਨਾ ਰੋਸ਼ਨੀ ਮੇਲਾ ਅੱਜ ਤੋਂ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਇਲਾਕੇ ਦੇ ਪਿੰਡ ਬੀਰਮਪੁਰ ਵਿਖੇ ਸਾਲਾਨਾ ਇਤਿਹਾਸਕ ਰੋਸ਼ਨੀ ਮੇਲਾ ਇਸ ਸਾਲ ਵੀ 5 ਨਵੰਬਰ ਤੋਂ 8 ਨਵੰਬਰ ਤੱਕ ਪ੍ਰਬੰਧਕ ਕਮੇਟੀ, ਇਲਾਕਾ ਨਿਵਾਸੀ ਅਤੇ ਐੱਨ ਆਰਆਈਜ਼ ਦੇ ਸਹਿਯੋਗ ਨਾਲ ਬੜੀ ਸ਼ਰਧਾ ਪੂਰਵਕ ਕਰਵਾਇਆ ਜਾ ਰਿਹਾ ਹੈ। ਦੱਸਣ ਯੋਗ ਹੈ ਕਿ ਇਸ ਅਸਥਾਨ ਨੂੰ ਪੀਰ ਮੀਆਂ ਬਾਬਾ ਕਾਦਰ ਬਖਸ਼ ਜੀ ਦੇ ਨਾਂਅ ਨਾਲ ਜਾਣਿਆ ਜਾਂਦਾ ਹੈ। ਇਸ ਅਸਥਾਨ ਤੇ ਚਾਰ ਦਿਨਾਂ ਰੌਸ਼ਨੀ ਮੇਲਾ ਲੱਗਦਾ ਹੈ ਜਿਸ ਵਿੱਚ ਦੂਰ ਦਰਾਡੇ ਤੋ ਸੰਗਤਾ ਨਤਮਸਤਕ ਹੁੰਦੀਆਂ ਹਨ ਅਤੇ ਇਸ ਅਸਥਾਨ ਤੇ ਪੰਜਾਬ ਦੇ ਮਸ਼ਹੂਰ ਕਲਾਕਾਰ ਅਤੇ ਕਵਾਲ ਪਾਰਟੀਆਂ ਦਰਬਾਰ ਤੇ ਮਹਿਫਲ ਸਜਾਉਂਦੀਆਂ ਹਨ। ਇਸ ਵਾਰ ਵੀ ਇਹ ਮੇਲਾ ਪੰਜ ਨਵੰਬਰ ਤੋਂ ਸ਼ੁਰੂ ਹੋਣ ਜਾ ਰਿਹਾ ਹੈ ਜਿਸ ਸਬੰਧੀ ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਮੇਲੇ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਪ੍ਰਬੰਧਕ ਕਮੇਟੀ ਨੇ ਦੱਸਿਆ ਕਿ ਪੰਜ ਨਵੰਬਰ ਸ਼ਾਮ ਨੂੰ ਦਰਬਾਰ ਤੇ ਚਿਰਾਗ ਰੋਸ਼ਨ ਕੀਤੇ ਜਾਣਗੇ ਉਪਰੰਤ ਕਰਾਮਤ ਅਲੀ ਫਕੀਰ ਮਲੇਰਕੋਟਲੇ ਵਾਲਿਆ ਵੱਲੋਂ ਦਰਬਾਰ ਤੇ ਮਹਿਫਲ ਸਜਾ ਕੇ ਮੇਲੇ ਦੀ ਸ਼ੁਰੂਆਤ ਕੀਤੀ ਜਾਵੇਗੀ। 6 ਨਵੰਬਰ ਨੂੰ ਨਾਮਵਾਰ ਗਾਇਕਾ ਮੈਡੀ ਕਾਲਰਾ, 7 ਨਵੰਬਰ ਨੂੰ ਅਮਨ ਰੋਜ਼ੀ ਅਤੇ 8 ਨਵੰਬਰ ਨੂੰ ਪ੍ਰਵੇਜ਼ ਆਲਮ ਦਰਬਾਰ ਤੇ ਹਾਜਰੀ ਲਗਾਉਣਗੇ ਤੇ 8 ਨਵੰਬਰ ਰਾਤ ਨੂੰ ਧਰਮਵੀਰ ਪ੍ਰਦੇਸੀ ਧਾਰਮਿਕ ਨਾਟਕ ਪੇਸ਼ ਕੀਤਾ ਜਾਵੇਗਾ।

# 8 ਨੂੰ ਲਾਜਵੰਤੀ ਸਟੇਡੀਅਮ ਵਿਖੇ ਹੋਵੇਗਾ ਵਿਲੱਖਣ ਲਾਈਟ ਐਂਡ ਸਾਊਂਡ ਸ਼ੋਅ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਦੇ 350ਵੇਂ ਵਰ੍ਹੇ ਨੂੰ ਸਮਰਪਿਤ 8 ਨਵੰਬਰ ਨੂੰ ਲਾਜਵੰਤੀ ਬਹੁਮੰਤਵੀ ਸਟੇਡੀਅਮ ਹੁਸ਼ਿਆਰਪੁਰ ਵਿਖੇ ਗੁਰੂ ਸਾਹਿਬ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਇਕ ਵਿਲੱਖਣ ਲਾਈਟ ਐਂਡ ਸਾਊਂਡ ਸ਼ੋਅ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ ਨੇ ਇਸ ਸ਼ੋਅ ਦੀਆਂ ਤਿਆਰੀਆਂ ਸਬੰਧੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਦੌਰਾਨ ਦਿੱਤੀ। ਉਨ੍ਹਾਂ ਦੱਸਿਆ ਕਿ ਕਰੀਬ 45 ਮਿੰਟ ਦੇ ਇਸ ਲਾਈਟ ਐਂਡ ਸਾਊਂਡ ਸ਼ੋਅ ਦੌਰਾਨ ਡਿਜੀਟਲ ਤਰੀਕੇ ਨਾਲ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ, ਵਿਰਾਸਤ, ਸਿੱਖਿਆਵਾਂ ਅਤੇ ਮਹਾਨ ਬਲੀਦਾਨ ਬਾਰੇ ਚਾਨਣਾ ਪਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਸ਼ਾਨਦਾਰ ਪੇਸ਼ਕਾਰੀ ਨਾਲ ਸੰਗਤਾਂ ਨੂੰ ਅਨੋਖਾ ਅਨੁਭਵ ਹੋਵੇਗਾ, ਜੋ ਗੁਰੂ ਸਾਹਿਬ ਦੇ ਸ਼ਾਂਤੀ, ਸਹਿਣਸ਼ੀਲਤਾ ਅਤੇ ਵਿਸ਼ਵਵਿਆਪੀ ਭਾਈਚਾਰੇ ਨੂੰ ਮਜ਼ਬੂਤ ਕਰਨ ਦੇ ਫਲਸਫ਼ੇ ਨੂੰ ਸੁੰਦਰਤਾ ਨਾਲ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਇਹ ਸ਼ੋਅ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਮਾਨਵਤਾ ਅਤੇ ਦਇਆ ਦੇ ਸੰਦੇਸ਼ ਨੂੰ ਸੱਚੀ ਸ਼ਰਧਾਂਜ਼ਲੀ ਹੋਵੇਗੀ। ਉਨ੍ਹਾਂ ਕਿਹਾ ਕਿ 8 ਨਵੰਬਰ ਨੂੰ ਸ਼ਾਮ 5 ਵਜੇ ਸ਼ੋਅ ਲਈ ਦਾਖ਼ਲਾ ਸ਼ੁਰੂ ਹੋਵੇਗਾ ਅਤੇ ਕੋਈ ਵੀ ਬਿਨਾਂ ਕਿਸੇ ਪਾਸ ਤੋਂ ਸ਼ੋਅ ਵਿਚ ਸ਼ਾਮਿਲ ਹੋ ਸਕਦਾ ਹੈ ਅਤੇ ਹਰੇਕ ਲਈ ਖੁੱਲ੍ਹਾ ਦਾਖ਼ਲਾ ਹੈ।

# ਪੁਲਸ ਵੱਲੋਂ ਵੱਖ-ਵੱਖ ਕੇਸਾਂ 'ਚ 6 ਨਸ਼ਾ ਤਸਕਰ ਕਾਬੂ

**ਫਿਲੌਰ, (ਨਿਰਮਲ)**

ਹਰਵਿੰਦਰ ਸਿੰਘ ਵਿਰਕ ਸੀਨੀਅਰ ਪੁਲਿਸ ਕਪਤਾਨ ਜਲੰਧਰ ਦਿਹਾਤੀ ਤੇ ਸਰਬਜੀਤ ਰਾਏ ਪੁਲਿਸ ਕਪਤਾਨ ਇਨਵੈਸਟੀਗੇਸ਼ਨ ਜਲੰਧਰ ਦੇ ਦਿਸ਼ਾ ਨਿਰਦੇਸ਼ਾਂ ਤੇ ਅਮਲ ਕਰਦਿਆਂ ਸਰਵਣ ਸਿੰਘ ਬੱਲ ਉਪ ਪੁਲਿਸ ਕਪਤਾਨ ਫਿਲੌਰ ਸਬ ਡਿਵੀਜ਼ਨ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਤਹਿਤ ਅਮਨ ਸੈਣੀ, ਮੁੱਖ ਅਫ਼ਸਰ ਥਾਣਾ ਫਿਲੌਰ, ਗੁਰਾਇਆ ਅਤੇ ਬਿਲਗਾ ਦੀਆਂ ਟੀਮਾਂ ਵੱਲੋਂ ਵੱਖ-ਵੱਖ ਕੇਸਾਂ ਵਿੱਚ 6 ਨਸ਼ਾ/ਸ਼ਰਾਬ ਤਸਕਰਾਂ ਨੂੰ ਗ੍ਰਿਫਤਾਰ ਕਰਕੇ ਵੱਡੀ ਸਫਲਤਾ ਹਾਸਲ ਕੀਤੀ ਹੈ।ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਸ੍ਰੀ ਸਰਵਣ ਸਿੰਘ ਬੱਲ ਉਪ ਪੁਲਿਸ ਕਪਤਾਨ ਸਬ ਡਵੀਜ਼ਨ ਫਿਲੌਰ ਨੇ ਦੱਸਿਆ ਕਿ ਇੰਸਪੈਕਟਰ ਅਮਨ ਸੈਣੀ ਮੁੱਖ ਅਫ਼ਸਰ ਥਾਣਾ ਫਿਲੌਰ ਦੀ ਟੀਮ ਵੱਲੋਂ ਕੁਲਵੰਤ ਸਿੰਘ ਉਰਫ਼ ਜੋਰਾ ਪੁੱਤਰ ਸੁੱਚਾ ਸਿੰਘ ਵਾਸੀ ਅਕਲਪੁਰ ਥਾਣਾ ਫਿਲੌਰ ਜ਼ਿਲ੍ਹਾ ਜਲੰਧਰ ਤੋਂ 50 ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਮੁਕੱਦਮਾ ਐੱਨ ਡੀ ਪੀ ਐੱਸ ਐਕਟ ਥਾਣਾ ਫਿਲੌਰ ਦਰਜ ਕੀਤਾ ਗਿਆ। ਉਸੇ ਤਰ੍ਹਾਂ ਕਮਲਜੀਤ ਕੌਰ ਪਤਨੀ ਅਮਰਜੀਤ ਉਰਫ਼ ਜੀਤਾ ਵਾਸੀ ਸਮਰਾਈ ਥਾਣਾ ਫਿਲੌਰ ਜ਼ਿਲ੍ਹਾ ਜਲੰਧਰ ਤੋਂ 78 ਨਸ਼ੀਲੀਆਂ ਗੋਲੀਆਂ ਬਰਾਮਦ ਕਰਕੇ ਮੁਕੱਦਮਾ ਐੱਨ ਡੀ ਪੀ ਐੱਸ ਐਕਟ ਦਰਜ ਕੀਤਾ ਗਿਆ।ਦਿਲਾਬਾਰ ਸਿੰਘ ਪੁੱਤਰ ਪ੍ਰੇਮ ਚੰਦ ਵਾਸੀ ਗੰਨਾ ਪਿੰਡ ਥਾਣਾ ਫਿਲੌਰ ਜ਼ਿਲ੍ਹਾ ਜਲੰਧਰ ਤੋਂ 37,500 ਐਮ.ਐਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕਰਕੇ ਮੁਕੱਦਮਾ ਨੰਬਰ 351 ਜੁਰਮ 61-1-14 ਆਬਕਾਰੀ ਐਕਟ ਦਰਜ ਕੀਤਾ ਗਿਆ। ਰਾਜ ਸਿੰਘ ਉਰਫ਼ ਕਾਲੂ ਪੁੱਤਰ ਲੇਟ ਗੁਲਜ਼ਾਰ ਸਿੰਘ ਵਾਸੀ ਭੋਲੇਵਾਲ ਥਾਣਾ ਲਾਡੋਵਾਲ ਜ਼ਿਲ੍ਹਾ ਲੁਧਿਆਣਾ ਤੋਂ 60,000 ਐਮ.ਐਲ. ਨਜਾਇਜ਼ ਸ਼ਰਾਬ ਬਰਾਮਦ ਕਰਕੇ ਮੁਕੱਦਮਾ ਦਰਜ ਕੀਤਾ ਗਿਆ।ਇਸੇ ਤਰ੍ਹਾਂ, ਇੰਸਪੈਕਟਰ ਸਿਕੰਦਰ ਸਿੰਘ ਮੁੱਖ ਅਫ਼ਸਰ ਥਾਣਾ ਗੁਰਾਇਆ ਦੀ ਟੀਮ ਵੱਲੋਂ ਜਤਿੰਦਰ ਕੁਮਾਰ ਉਰਫ਼ ਮੋਨੂ ਪੁੱਤਰ ਮਦਨ ਲਾਲ ਵਾਸੀ ਵਿਰਕਾ ਥਾਣਾ ਗੁਰਾਇਆ ਜ਼ਿਲ੍ਹਾ ਜਲੰਧਰ ਤੋਂ 60 ਨਸ਼ੀਲੀਆਂ ਖੁੱਲ੍ਹੀਆਂ ਗੋਲੀਆਂ ਬਰਾਮਦ ਕਰਕੇ ਮੁਕੱਦਮਾ ਐੱਨ ਡੀ ਪੀ ਐੱਸ ਐਕਟ ਦਰਜ ਕੀਤਾ ਗਿਆ।ਇੰਸਪੈਕਟਰ ਪਲਵਿੰਦਰ ਸਿੰਘ ਮੁੱਖ ਅਫ਼ਸਰ ਥਾਣਾ ਬਿਲਗਾ ਦੀ ਟੀਮ ਵੱਲੋਂ ਜੱਜ ਸਿੰਘ ਉਰਫ਼ ਜੱਜੀ ਪੁੱਤਰ ਮਹਿੰਦਰ ਸਿੰਘ ਵਾਸੀ ਫਤਿਹਗੜ੍ਹ ਨਿਹਾਲ (ਬੁਰਜ ਕੇਲਾ) ਥਾਣਾ ਬਿਲਗਾ ਜ਼ਿਲ੍ਹਾ ਜਲੰਧਰ ਤੋਂ 205 ਨਸ਼ੀਲੀਆਂ ਖੁੱਲ੍ਹੀਆਂ ਗੋਲੀਆਂ ਬਰਾਮਦ ਕਰਕੇ ਮੁਕੱਦਮਾ ਨੰਬਰ ਐੱਨ ਡੀ ਪੀ ਐੱਸ ਐਕਟ ਦਰਜ ਕੀਤਾ ਗਿਆ।



# ਆਰ ਐੱਮ ਪੀ ਆਈ ਵੱਲੋਂ 'ਵਰਸਿਟੀ ਦਾ ਪ੍ਰਬੰਧ ਕੇਂਦਰ ਦੇ ਹਵਾਲੇ ਕਰਨ ਦੀ ਜ਼ੋਰਦਾਰ ਨਿਖੇਧੀ

**ਜਲੰਧਰ (ਰਾਜੇਸ਼ ਥਾਪਾ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਨੇ ਪੰਜਾਬ 'ਵਰਸਿਟੀ ਚੰਡੀਗੜ੍ਹ ਦਾ ਪ੍ਰਬੰਧ ਸੂਬੇ ਤੋਂ ਖੋਹ ਕੇ ਕੇਂਦਰ ਦੇ ਹਵਾਲੇ ਕਰਨ ਦੇ ਮੋਦੀ ਸਰਕਾਰ ਦੇ ਸਾਜ਼ਿਸ਼ੀ ਕਦਮ ਦੀ ਜ਼ੋਰਦਾਰ ਨਿਖੇਧੀ ਕੀਤੀ ਹੈ।ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਅਤੇ ਪੰਜਾਬ ਰਾਜ ਕਮੇਟੀ ਦੇ ਪ੍ਰਧਾਨ ਤੇ ਸਕੱਤਰ ਸਾਥੀ ਰਤਨ ਸਿੰਘ ਰੰਧਾਵਾ ਤੇ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਇਥੋਂ ਜਾਰੀ ਇਕ ਸਾਂਝੇ ਬਿਆਨ ਰਾਹੀਂ ਕਿਹਾ ਕਿ ਕੇਂਦਰ ਸਰਕਾਰ ਵਲੋਂ ਪੰਜਾਬ ਨਾਲ ਕੀਤੇ ਜਾ ਰਹੇ ਧੱਕੇ-ਵਿਤਕਰੇ ਪ੍ਰਤੀ ਸੂਬੇ ਦੀ ਆਮ ਆਦਮੀ ਪਾਰਟੀ ਦੀ ਭਗਵੰਤ ਸਿੰਘ ਮਾਨ ਸਰਕਾਰ ਵਲੋਂ ਧਾਰੀ ਸ਼ੱਕੀ ਚੁੱਪ ਤੋਂ ਮੋਦੀ-ਮਾਨ ਸਰਕਾਰਾਂ ਦੀ ਸਾਜ਼ਿਸ਼ੀ ਮਿਲੀਭੁਗਤ ਸਪੱਸ਼ਟ ਉਜਾਗਰ ਹੁੰਦੀ ਹੈ। ਉਨ੍ਹਾਂ ਬੀਤੇ ਕੱਲ੍ਹ ਅਖ਼ਬਾਰਾਂ ਦੀ ਸਪਲਾਈ ਰੋਕਣ ਦੇ ਸੂਬਾ ਸਰਕਾਰ ਦੇ ਸਿਰੇ ਦੇ ਜਮਹੂਰੀਅਤ ਵਿਰੋਧੀ ਕਦਮ ਦੀ ਵੀ ਕਰੜੀ ਨਿੰਦਾ ਕੀਤੀ ।ਆਗੂਆਂ ਨੇ ਐਲਾਨ ਕੀਤਾ ਕਿ ਰਾਜ ਕਮੇਟੀ ਦੀ ਭਲਕੇ ਤੋਂ ਸ਼ੁਰੂ ਹੋਣ ਵਾਲੀ ਦੋ ਦਿਨਾਂ ਮੀਟਿੰਗ ਵਿਚ ਗੰਭੀਰ ਵਿਚਾਰਾਂ ਕਰਕੇ ਉਕਤ ਹਮਲਿਆਂ ਅਤੇ ਕੇਂਦਰੀ ਸਰਕਾਰ ਦੀ ਫੈਡਰਲਿਜ਼ਮ ਨੂੰ ਢਾਹ ਲਾਉਣ ਵਾਲੀ ਕੇਂਦਰੀ ਸਰਕਾਰ ਦੀ ਨੀਤੀ ਖਿਲਾਫ ਜ਼ੋਰਦਾਰ ਮੁਹਿੰਮ ਚਲਾਈ ਜਾਵੇਗੀ।ਉਨ੍ਹਾਂ ਸਮੂਹ ਪੰਜਾਬ ਵਾਸੀਆਂ ਨੂੰ ਕੇਂਦਰੀ ਸਰਕਾਰ ਦੇ ਉਕਤ ਹਮਲੇ ਖਿਲਾਫ ਹਰ ਮੰਚ ਤੋਂ ਤਕੜੀ ਆਵਾਜ਼ ਬੁਲੰਦ ਕਰਨ ਦੀ ਪੁਰਜ਼ੋਰ ਅਪੀਲ ਕੀਤੀ ਹੈ।

# ਯੂਨੀਵਰਸਿਟੀ ਜ਼ੋਨਲ ਯੁਵਕ ਮੇਲੇ 'ਚ ਓਵਰਆਲ ਰਨਰਜ਼ ਅੱਪ ਟਰਾਫ਼ੀ 'ਤੇ ਕਬਜ਼ਾ



**ਸੁਲਤਾਨਪੁਰ ਲੋਧੀ (ਹਨੀ)**

ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਆਯੋਜਿਤ ਡੀ ਜ਼ੋਨ ਜ਼ੋਨਲ ਯੂਥ ਫੈਸਟੀਵਲ ਵਿੱਚ ਸਥਾਨਕ ਗੁਰੂ ਨਾਨਕ ਖਾਲਸਾ ਕਾਲਜ ਦਾ ਪ੍ਰਦਰਸ਼ਨ ਸ਼ਾਨਦਾਰ ਰਿਹਾ ।ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਦੱਸਿਆ ਕਿ ਕਾਲਜ ਦੇ ਵਿਦਿਆਰਥੀਆਂ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਓਵਰਆਲ ਸੈਕਿੰਡ ਰਨਰਜ਼ ਅੱਪ ਟਰਾਫ਼ੀ 'ਤੇ ਕਬਜ਼ਾ ਕੀਤਾ। ਕਾਲਜ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜੀਨੀਅਰ ਸਵਰਨ ਸਿੰਘ, ਸਕੱਤਰ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ੍ਰੋਮਣੀ ਕਮੇਟੀ ਸ਼੍ਰੋਮਣੀ, ਕਾਲਜ ਦੇ ਉਪ-ਪ੍ਰਧਾਨ ਇੰਜੀਨੀਅਰ ਹਰਨਿਆਮਤ ਕੌਰ, ਇੰਜੀਨੀਅਰ ਨਿਮਰਤਾ ਕੌਰ, ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਅਤੇ ਸਟਾਫ਼ ਮੈਂਬਰਾਂ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਇੱਕ ਪ੍ਰਭਾਵਸ਼ਾਲੀ ਸਮਾਗਮ ਵਿੱਚ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਮੈਨੇਜਿੰਗ ਕਮੇਟੀ ਨੇ ਇਸ ਪ੍ਰਾਪਤੀ 'ਤੇ ਵਿਦਿਆਰਥੀਆਂ, ਸਟਾਫ਼ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਪ੍ਰੋ. ਗੁਰਪ੍ਰੀਤ ਕੌਰ ਮੁਖੀ ਸੰਗੀਤ ਵਿਭਾਗ ਨੇ ਦੱਸਿਆ ਕਿ ਕਾਲਜ ਨੇ 34 ਆਈਟਮਾਂ ਵਿੱਚ ਭਾਗ ਲਿਆ। ਨਾਟਕ ਵਿਚ ਪਹਿਲਾ ਸਥਾਨ, ਓਵਰਆਲ ਵਿਅਕਤੀਗਤ ਬੈਸਟ ਆਰਟਿਸਟ ਅਰਪਨਪ੍ਰੀਤ ਕੌਰ, ਵੈਸਟਰਨ ਇੰਸਟਰੂਮੈਂਟ ਸੋਲੋ ਅਤੇ ਕਲਾਸੀਕਲ ਇੰਸਟਰੂਮੈਂਟ ਪ੍ਰਕਾਸ਼ਨ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਭੰਗੜਾ, ਮਿਮਿਕਰੀ, ਵੈਸਟਰਨ ਗਰੁੱਪ ਸੌਂਗ, ਜਨਰਲ ਡਾਂਸ, ਗਿੱਧਾ ਅਤੇ ਫ਼ੋਕ ਆਰਕੈਸਟਰਾ ਵਿੱਚ ਦੂਸਰਾ ਸਥਾਨ ਹਾਸਲ ਕੀਤਾ। ਧਰਮਪ੍ਰੀਤ ਸਿੰਘ ਨੇ ਬੈਸਟ ਸਾਜ਼ ਵਾਦਕ ਵਜੋਂ ਤੀਜਾ ਅਤੇ ਕੋਮਲਪ੍ਰੀਤ ਕੌਰ ਨੇ ਬੈਸਟ ਗਿੱਧਾ ਡਾਂਸਰ ਦਾ ਖਿਤਾਬ ਹਾਸਲ ਕੀਤਾ। ਇਸੇ ਤਰ੍ਹਾਂ ਸਕਿੱਟ, ਵਾਰ ਗਾਇਨ, ਕਲੇਅ ਮਾਡਲਿੰਗ, ਕੋਰਿਓਗ੍ਰਾਫੀ, ਗਰੁੱਪ ਸੌਂਗ (ਭਾਰਤੀ) ਵਿੱਚ ਤੀਸਰਾ ਸਥਾਨ ਹਾਸਲ ਕੀਤਾ। ਇਸ ਮੌਕੇ ਪ੍ਰੋ. ਸੁਖਪਾਲ ਸਿੰਘ, ਡਾ. ਮਨੀ ਛਾਬੜਾ, ਪ੍ਰੋ. ਅਰਸ਼ਪ੍ਰੀਤ ਕੌਰ, ਪ੍ਰੋ. ਜੁਗਰਾਜ ਸਿੰਘ, ਪ੍ਰੋ. ਰਾਜਦੀਪ ਕੌਰ ਜੋਸਨ, ਪ੍ਰੋ. ਸੰਦੀਪ ਕੌਰ, ਪ੍ਰੋ. ਰਾਜਪ੍ਰੀਤ ਕੌਰ, ਪ੍ਰੋ. ਜਸਵੀਰ ਕੌਰ, ਪ੍ਰੋ. ਹਰਪ੍ਰੀਤ ਸਿੰਘ, ਪ੍ਰੋ. ਦੀਕਸ਼ਾ ਡੋਗਰਾ, ਪ੍ਰੋ. ਨਿਵਿਆ ਸ਼ਰਮਾ, ਪ੍ਰੋ. ਅਮਨਪ੍ਰੀਤ ਕੌਰ, ਪ੍ਰੋ. ਪਰਵੀਨ ਕੌਰ, ਪ੍ਰੋ. ਇਸ਼ਤਾ ਸ਼ਰਮਾ, ਪ੍ਰੋ. ਰਮਨ, ਪ੍ਰੋ. ਸੁਖਵਿੰਦਰ ਸਿੰਘ ਆਦਿ ਹਾਜ਼ਰ ਸਨ।

# ਲੋੜਵੰਦ ਲੜਕੀਆਂ ਲਈ ਸਿਖਾਈ ਸੈਂਟਰ ਖੋਲ੍ਹਣ ਦਾ ਫੈਸਲਾ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਪਿਛਲੇ ਲੰਮੇ ਸਮੇਂ ਤੋਂ ਸਮਾਜ ਸੇਵਾ ਲਈ ਜਾਣੀ ਜਾਂਦੀ ਕੇਅਰ ਵਨ ਕੇਅਰ ਆਲ ਗਰੁੱਪ ਪੰਜਾਬ ਆਸਟਰੇਲੀਆ ਅਤੇ ਮਾਤਾ ਜੀਤੋ ਜੀ ਜੱਚਾ ਬੱਚਾ ਸੰਸਥਾ ਵੱਲੋਂ ਪਿੰਡ ਢੇਰ ਦੀ ਪੰਚਾਇਤ ਦੀ ਮੰਗ 'ਤੇ ਲੋੜਵੰਦ ਅਤੇ ਬੇਰੁਜ਼ਗਾਰ ਲੜਕੀਆਂ ਲਈ ਸਿਲਾਈ, ਕਟਾਈ ਅਤੇ ਕਢਾਈ ਦਾ ਸੈਂਟਰ ਖੋਲ੍ਹਣ ਦਾ ਫੈਸਲਾ ਲਿਆ ਗਿਆ।ਇਸ ਬਾਰੇ ਜਾਣਕਾਰੀ ਦਿੰਦਿਆਂ ਰਸ਼ਵਿੰਦਰ ਸਿੰਘ ਅਤੇ ਹਰਜੀਤ ਕੌਰ ਨੇ ਦੱਸਿਆ ਕਿ ਸੰਸਥਾ ਦੀ ਐਕਟਿਵ ਕਮੇਟੀ ਵੱਲੋਂ ਇਸ ਮੰਗ ਉੱਤੇ ਗੰਭੀਰਤਾ ਨਾਲ ਵਿਚਾਰ ਕੀਤਾ ਗਿਆ। ਇਸ ਦੇ ਤਹਿਤ 1 ਨਵੰਬਰ ਨੂੰ 12ਵਾਂ ਸਿਲਾਈ ਸੈਂਟਰ ਖੋਲ੍ਹਣ ਲਈ ਮੀਟਿੰਗ ਆਯੋਜਿਤ ਕੀਤੀ ਗਈ, ਜਿਸ ਵਿੱਚ ਸਰਪੰਚ ਮੱਖਣ ਸਿੰਘ, ਯੂਥ ਪ੍ਰਧਾਨ ਅਮਰੀਕ ਸਿੰਘ, ਲੰਬੜਦਾਰ ਸੁਰਿੰਦਰ ਸਿੰਘ ਅਤੇ ਪਿੰਡ ਦੇ ਹੋਰ ਨਮਿਆ ਪੁਰਸ਼ ਅਤੇ ਮਹਿਲਾਵਾਂ ਮੌਜੂਦ ਸਨ।ਸਰਪੰਚ ਮੱਖਣ ਸਿੰਘ ਨੇ ਕਿਹਾ ਕਿ ਪਿੰਡ ਅਤੇ ਇਲਾਕੇ ਵਿੱਚ ਕਈ ਕੁੜੀਆਂ ਪੜ੍ਹਾਈ ਪੂਰੀ ਕਰਕੇ ਜਾਂ ਕਿਸੇ ਕਾਰਨ ਕਰਕੇ ਪੜ੍ਹਾਈ ਵਿਚਕਾਰ ਛੱਡਣ ਕਾਰਨ ਘਰਾਂ ਵਿੱਚ ਹੀ ਰਹਿ ਰਹੀਆਂ ਹਨ। ਇਹਨਾਂ ਕੁੜੀਆਂ ਨੂੰ ਸਵੈ-ਰੁਜ਼ਗਾਰੀ ਦੇ ਤਹਿਤ ਤਾਕਤਵਰ ਬਣਾਉਣਾ ਸਮੇਂ ਦੀ ਲੋੜ ਹੈ। ਸਿਲਾਈ, ਕਟਾਈ ਅਤੇ ਕਢਾਈ ਦਾ ਕੋਰਸ ਇਹਨਾਂ ਨੂੰ ਘਰ ਬੈਠੇ ਰੋਜ਼ਗਾਰ ਦੇਣ ਦੇ ਯੋਗ ਬਣਾਵੇਗਾ, ਜਿਸ ਨਾਲ ਉਹ ਆਪਣਾ ਅਤੇ ਪਰਿਵਾਰ ਦਾ ਵਧੀਆ ਗੁਜ਼ਾਰਾ ਕਰ ਸਕਣ।ਇਸ ਪ੍ਰੋਗਰਾਮ ਵਿੱਚ ਸਰਦੂਲ ਸਿੰਘ, ਜਗਤਾਰ ਸਿੰਘ, ਪੰਚ ਪਵਨ ਸਿੰਘ, ਪੰਚ ਸੋਢੀ, ਸਾਬਕਾ ਸਰਪੰਚ ਜਸਵੀਰ ਸਿੰਘ, ਰਮਨਦੀਪ ਕੌਰ, ਹੈਪੀ, ਮੋਹਿਤ ਕੁਮਾਰ, ਡਾ. ਮੰਜੂ ਬਾਲਾ, ਮੋਨਿਕਾ, ਸੁਸ਼ਮਾ ਦੇਵੀ ਤੇ ਅਮਰਜੋਤ ਕੌਰ ਆਦਿ ਹਾਜ਼ਰ ਸਨ।

# ਦਸਮੇਸ਼ ਨਗਰ ਟਾਂਡਾ ਵਿਖੇ ਨਗਰ ਕੀਰਤਨ ਸਜਾਇਆ

**ਟਾਂਡਾ ਉੜਮੁੜ**
**( ਜਸਵਿੰਦਰ ਸੰਧੂ, ਓਂਕਾਰ ਸਿੰਘ)**

ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਉਤਸਵ ਨੂੰ ਸਮਰਪਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦਸ਼ਮੇਸ਼ ਨਗਰ ਟਾਂਡਾ ਤੋਂ ਮਹਾਨ ਨਗਰ ਕੀਰਤਨ ਸ਼ਰਧਾ ਸਤਿਕਾਰ ਨਾਲ ਸਜਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਗਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਸਜਾਏ ਗਏ ਮਹਾਨ ਨਗਰ ਕੀਰਤਨ ਦੀ ਆਰੰਭਤਾ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਹੋਈ। ਨਗਰ ਕੀਰਤਨ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਵਿੱਤਰ ਸਰੂਪ ਫੁੱਲਾਂ ਨਾਲ ਸ਼ਿੰਗਾਰੀ ਹੋਈ ਪਵਿੱਤਰ ਮਨਮੋਹਕ ਪਾਲਕੀ ਸਾਹਿਬ ਵਿੱਚ ਬਹੁਤ ਹੀ ਸੁੰਦਰ ਤਰੀਕੇ ਨਾਲ ਸੁਸ਼ੋਭਤ ਕੀਤੇ ਗਏ ਸਨ। ਮਹਾਨ ਨਗਰ ਕੀਰਤਨ ਦਾ ਸ਼ਹਿਰ ਦੇ ਵੱਖ-ਵੱਖ ਚੌਂਕਾਂ ਅਤੇ ਪੜਾਵਾਂ ਵਿੱਚ ਪਹੁੰਚਣ 'ਤੇ ਨਗਰ ਦੀਆਂ ਸੰਗਤਾਂ ਵੱਲੋਂ ਫੁੱਲਾਂ ਦੀ ਵਰਖਾ ਕਰਦੇ ਹੋਏ ਸਵਾਗਤ ਕੀਤਾ ਗਿਆ। ਵਿਸ਼ਾਲ ਨਗਰ ਕੀਰਤਨ ਦੌਰਾਨ ਰਾਗੀ ਢਾਡੀ ਜਥਿਆਂ ਅਤੇ ਸੰਗਤ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਜਾ ਰਿਹਾ ਸੀ। ਨਗਰ ਕੀਰਤਨ ਦਾ ਰਾਜ ਕਰੇਗਾ ਖਾਲਸਾ ਟਾਂਡਾ ਵੱਲੋਂ ਗਤਕੇ ਦੇ ਜੰਗਜੂ ਕਰਤਬਾਂ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਜਾ ਰਿਹਾ ਸੀ। ਇਹ ਮਹਾਨ ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਆਰੰਭ ਹੋ ਕੇ ਟਾਂਡਾ ਪੁਲੀ ਤਹਿਸੀਲ ਰੋਡ ਸ਼ਹੀਦ ਚੌਂਕ ਸਰਕਾਰੀ ਹਸਪਤਾਲ ਚੌਂਕ, ਸ਼ਿਮਲਾ ਪਹਾੜੀ ਪਾਰਕ ਬਾਬਾ ਬੂਟਾ ਭਗਤ ਮਾਰਕੀਟ, ਡੇਰਾ ਬਾਬਾ ਬਲਵੰਤ ਬਲਵੰਤ ਸਿੰਘ ਦਾਰਾਪੁਰ ਟਾਂਡਾ, ਥਾਣਾ ਚੌਂਕ ਤੋਂ ਹੁੰਦਾ ਹੋਇਆ ਵਾਪਸ ਗੁਰਦੁਆਰਾ ਸਾਹਿਬ ਵਿਖੇ ਪਹੁੰਚ ਕੇ ਸੰਪੰਨ ਹੋਇਆ ਹੋਇਆ। ਨਗਰ ਕੀਰਤਨ ਦੌਰਾਨ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਲਗਵਾਈ। ਨਗਰ ਕੀਰਤਨ ਦੌਰਾਨ ਮੁੱਖ ਸੇਵਾਦਾਰ ਭਾਈ ਗੁਰਦੀਪ ਸਿੰਘ, ਸਕੱਤਰ ਭਾਈ ਸੁਰਜੀਤ ਸਿੰਘ, ਭਾਈ ਮਨਜੀਤ ਸਿੰਘ ਲਾਡੀ, ਭਾਈ ਮਨਮੋਹਨ ਸਿੰਘ, ਭਾਈ ਜਗਮੋਹਨ ਸਿੰਘ, ਭਾਈ ਅਮਰਜੀਤ ਸਿੰਘ, ਭਾਈ ਦਵਿੰਦਰ ਸਿੰਘ, ਭਾਈ ਸਰਬਜੀਤ ਸਿੰਘ, ਕੌਂਸਲਰ, ਜਸਵਿੰਦਰ, ਜਗਜੀਵਨ ਜੱਗੀ, ਗੁਰਪ੍ਰੀਤ ਸਿੰਘ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਰੇ ਮੈਂਬਰ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਉਧਰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਪਵਿੱਤਰ ਪ੍ਰਕਾਸ਼ ਉਤਸਵ 'ਤੇ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ, ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆਂ, ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਹਲਕਾ ਇੰਚਾਰਜ ਅਰਵਿੰਦਰ ਸਿੰਘ ਰਸੂਲਪੁਰ, ਅਕਾਲੀ ਆਗੂ ਮਨਜੀਤ ਸਿੰਘ ਦਸੂਹਾ, ਭਾਜਪਾ ਆਗੂ ਜਵਾਹਰ ਲਾਲ ਖੁਰਾਣਾ, ਯੂਥ ਆਗੂ ਸਰਬਜੀਤ ਸਿੰਘ ਮੋਮੀ, ਸੰਗਠਨ ਇੰਚਾਰਜ ਕੇਸਵ ਸਿੰਘ ਸੈਣੀ, ਕੌਂਸਲਰ ਹਰੀ ਕ੍ਰਿਸ਼ਨ ਸੈਣੀ ਨੇ ਸਮੂਹ ਸੰਗਤ ਨੂੰ ਮੁਬਾਰਕਬਾਦ ਦਿੰਦੇ ਹੋਏ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਤੇ ਚੱਲਣ ਲਈ ਪ੍ਰੇਰਿਤ ਕੀਤਾ ਹੈ।



# ਡੇਰਾ ਬੱਸੀ ਖੇਤਰ 'ਚ ਵਿਸ਼ੇਸ਼ ਓਪਰੇਸ਼ਨ (ਕਾਸੋ) ਚਲਾਇਆ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਹਰਮਨਦੀਪ ਸਿੰਘ ਹੰਸ, ਸੀਨੀਅਰ ਪੁਲਸ ਕਪਤਾਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਅਤੇ ਮਨਪ੍ਰੀਤ ਸਿੰਘ, ਕਪਤਾਨ ਪੁਲਸ (ਦਿਹਾਤੀ), ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਨਿਰਦੇਸ਼ਾਂ ਹੇਠ ਡੇਰਾ ਬੱਸੀ ਸਬ ਡਵੀਜ਼ਨ ਵਿੱਚ ਵਿਸ਼ੇਸ਼ ਕੋਰਡਨ ਐਂਡ ਸਰਚ ਓਪਰੇਸ਼ਨ (ਕਾਸੋ) ਚਲਾਇਆ ਗਿਆ। ਇਸ ਓਪਰੇਸ਼ਨ ਦੀ ਅਗਵਾਈ ਬਿਕਰਮਜੀਤ ਸਿੰਘ ਬਰਾੜ ਉਪ ਕਪਤਾਨ ਪੁਲਸ ਡੇਰਾ ਬੱਸੀ ਵੱਲੋਂ ਕੀਤੀ ਗਈ। ਇਸ ਦੌਰਾਨ ਵਿਸ਼ੇਸ਼ ਪੁਲਸ ਟੀਮਾਂ ਇੰਸਪੈਕਟਰ ਸੁਮਿਤ ਮੋਰ (ਐਸ.ਐਚ.ਓ. ਡੇਰਾ ਬੱਸੀ), ਇੰਸਪੈਕਟਰ ਰਣਬੀਰ ਸਿੰਘ (ਐਸ.ਐਚ.ਓ. ਲਾਲੜੂ) ਅਤੇ ਏ.ਐਸ.ਆਈ. ਚਰਨਜੀਤ ਸਿੰਘ (ਇੰਚਾਰਜ ਪੁਲਿਸ ਪੋਸਟ ਮੁਬਾਰਕਪੁਰ) ਦੀ ਅਗਵਾਈ ਹੇਠ ਦੇਹਾ ਬਸਤੀ, ਮੁਬਾਰਕਪੁਰ (ਥਾਣਾ ਡੇਰਾ ਬੱਸੀ) ਵਿਖੇ ਤਲਾਸ਼ੀ ਤੇ ਛਾਪੇਮਾਰੀ ਕੀਤੀ ਗਈ।ਓਪਰੇਸ਼ਨ ਦੌਰਾਨ 7 ਸ਼ੱਕੀ ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਅਤੇ 6 ਮੋਟਰਸਾਈਕਲਾਂ ਨੂੰ ਪੁਲਸ ਕਬਜ਼ੇ ਵਿੱਚ ਲਿਆ ਗਿਆ।ਇਸ ਤੋਂ ਇਲਾਵਾ ਐਕਸਾਈਜ਼ ਐਕਟ ਹੇਠ ਇੱਕ ਵਿਅਕਤੀ ਤੋਂ 7 ਬੋਤਲ ਸ਼ਰਾਬ ਅਤੇ 16 ਪਊਏ ਸ਼ਰਾਬ ਜਿਨ੍ਹਾਂ 'ਤੇ ਕੇਵਲ ਹਰਿਆਣਾ ਵਿੱਚ ਵਿੱਕਰੀ ਲਈ ਦਰਜ ਹੈ ਬਰਾਮਦ ਕੀਤੇ ਗਏ।ਐਸ ਐਸ ਪੀ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਅਜਿਹੇ ਓਪਰੇਸ਼ਨ ਭਵਿੱਖ ਵਿੱਚ ਵੀ ਲਗਾਤਾਰ ਜਾਰੀ ਰਹਿਣਗੇ।



# ਸ਼ਹੀਦੀ ਦਿਹਾੜੇ 'ਤੇ ਚੱਕ ਗੁਰੂ 'ਚ ਕੀਰਤਨ ਦਰਬਾਰ



**ਬੰਗਾ (ਅਵਤਾਰ ਕਲੇਰ)**

ਪੰਜਾਬ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਤ ਸਮਾਗਮਾਂ ਦੀ ਲੜੀ ਤਹਿਤ ਇਤਿਹਾਸਕ ਗੁਰਦੁਆਰਾ ਗੁਰਪਲਾਹ ਪੰਜ ਟਾਹਲੀਆਂ ਸਾਹਿਬ ਪਿੰਡ ਚੱਕ ਗੁਰੂ ਵਿਖੇ ਸਮਾਗਮ ਕਰਵਾਇਆ ਗਿਆ। ਪਿੰਡ ਸਰਹਾਲ ਕਾਜ਼ੀਆਂ ਤੋਂ ਬਾਅਦ ਜ਼ਿਲ੍ਹੇ ਵਿਚ ਅੱਜ ਹੋਏ ਸ਼ਹੀਦੀ ਪੁਰਬ ਨੂੰ ਸਮਰਪਤ ਦੂਸਰੇ ਕੀਰਤਨ ਦਰਬਾਰ ਸਮਾਗਮ ਦੌਰਾਨ ਇਲਾਹੀ ਬਾਣੀ ਦਾ ਪਾਠ ਅਤੇ ਕੀਰਤਨ ਕੀਤਾ ਗਿਆ। ਭਾਈ ਚਰਨਜੀਤ ਸਿੰਘ ਅਤੇ ਭਾਈ ਜਗਜੀਤ ਸਿੰਘ ਦੇ ਕੀਰਤਨੀ ਜਥੇ ਨੇ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਪੰਜਾਬ ਰਾਜ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਨਿਗਮ ਦੇ ਵਾਈਸ ਚੇਅਰਮੈਨ ਕੁਲਜੀਤ ਸਿੰਘ ਸਰਹਾਲ ਨੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਸੰਬੋਧਨ ਵਿਚ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਵੱਲੋਂ ਮਨੁੱਖਤਾ ਦੀ ਭਲਾਈ ਲਈ ਦਿੱਤੀ ਲਾਸਾਨੀ ਕੁਰਬਾਨੀ ਦੀ ਮਿਸਾਲ ਪੂਰੀ ਦੁਨੀਆ ਵਿੱਚ ਕਿਤੇ ਨਹੀਂ ਮਿਲਦੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਤ ਰਾਜ ਭਰ ਵਿੱਚ ਸਮਾਗਮ ਕਰਵਾਏ ਜਾ ਰਹੇ ਹਨ। ਇਹ ਸਮਾਗਮ 25 ਨਵੰਬਰ ਤੱਕ ਜਾਰੀ ਰਹਿਣਗੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 1 ਤੋਂ 18 ਨਵੰਬਰ ਤੱਕ ਰਾਜ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਲਾਈਟ ਐਂਡ ਸਾਊਂਡ ਸ਼ੋਅ ਕਰਵਾਏ ਜਾ ਰਹੇ ਹਨ, ਜਿਸ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਮਹਾਨ ਜੀਵਨ ਅਤੇ ਫਲਸਫ਼ੇ ਨੂੰ ਦਰਸਾਇਆ ਜਾਵੇਗਾ। ਇਸ ਦੇ ਨਾਲ ਹੀ ਰਾਜ ਸਰਕਾਰ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿੱਚ 23 ਨਵੰਬਰ ਤੋਂ 25 ਨਵੰਬਰ ਤੱਕ ਵਿਆਪਕ ਪੱਧਰ 'ਤੇ ਸਮਾਗਮ ਕਰਵਾਏ ਜਾਣਗੇ। ਗੁਰਦੁਆਰਾ ਕਮੇਟੀ ਅਤੇ ਪਿੰਡ ਵਾਸੀਆਂ ਵੱਲੋਂ ਰੱਖੀ ਮੰਗ ਬਾਰੇ ਕੁਲਜੀਤ ਸਿੰਘ ਸਰਹਾਲ ਨੇ ਪੰਜਾਬ ਸਰਕਾਰ ਪਾਸੋਂ ਵਿਸ਼ੇਸ਼ ਗ੍ਰਾਂਟ ਹਾਸਲ ਕਰਕੇ ਮੰਗਾਂ ਪ੍ਰਵਾਨ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਐਸ.ਡੀ.ਐਮ. ਵਿਪਨ ਭੰਡਾਰੀ, ਨਾਇਬ ਤਹਿਸੀਲਦਾਰ ਵਿਕਰਮ ਕੁਮਾਰ, ਪਟਵਾਰੀ ਅਜੈ ਕੁਮਾਰ, ਮੁੱਖ ਸੇਵਾਦਾਰ ਬਾਬਾ ਸਾਹਿਬ ਸਿੰਘ, ਸਰਪੰਚ ਕਿਸ਼ੋਰੀ ਲਾਲ, ਮੋਹਣ ਲਾਲ ਸਰਪੰਚ ਬਹਿਰਾਮ,ਪੰਚ ਜਨਕ ਰਾਜ, ਰਾਜਇੰਦਰ ਸਿੰਘ, ਕੁਲਵਿੰਦਰ ਸਿੰਘ, ਹਰਜਾਪ ਸਿੰਘ ਖਾਲਸਾ, ਜੋਤੀ ਅਤੇ ਬਿਮਲਾ ਸਰੋਆ ਆਦਿ ਵੀ ਮੌਜੂਦ ਸਨ।

# ਡਾ. ਜੋਤੀ ਵਰਮਾ ਦੀ ਕਿਤਾਬ 'ਪ੍ਰੇਰਨਾਦਾਇਕ ਏਕ ਸਫ਼ਰ' ਰਿਲੀਜ਼



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਦੇ ਪ੍ਰੇਰਨਾਦਾਇਕ ਜੀਵਨ 'ਤੇ ਆਧਾਰਤ ਕਿਤਾਬ 'ਪ੍ਰੇਰਨਾਦਾਇਕ ਏਕ ਸਫ਼ਰ' ਰਿਲੀਜ਼ ਕੀਤੀ ਗਈ। ਪ੍ਰਸਿੱਧ ਲੇਖਕ ਡਾ. ਜੋਤੀ ਵਰਮਾ ਦੁਆਰਾ ਲਿਖੀ ਗਈ ਇਹ ਕਿਤਾਬ ਅਵਿਨਾਸ਼ ਰਾਏ ਖੰਨਾ ਦੇ ਜੀਵਨ ਸੰਘਰਸ਼ਾਂ, ਲੀਡਰਸ਼ਿਪ ਗੁਣਾਂ, ਵਿਚਾਰਧਾਰਾ ਅਤੇ ਸਮਾਜ ਸੇਵਾ ਪ੍ਰਤੀ ਨਿਰਸਵਾਰਥ ਵਚਨਬੱਧਤਾ ਨੂੰ ਸੁੰਦਰ ਅਤੇ ਸੰਵੇਦਨਸ਼ੀਲ ਢੰਗ ਨਾਲ ਦਰਸਾਉਂਦੀ ਹੈ।ਇਹ ਕਿਤਾਬ ਮੁੱਖ ਮਹਿਮਾਨ ਅਤੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਚੰਦਰ ਮੋਹਨ ਦੁਆਰਾ ਰਿਲੀਜ਼ ਕੀਤੀ ਗਈ। ਆਪਣੇ ਸੰਬੋਧਨ ਵਿੱਚ ਡਾ. ਚੰਦਰ ਮੋਹਨ ਨੇ ਕਿਹਾ ਕਿ 'ਪ੍ਰੇਰਨਾਦਾਇਕ ਏਕ ਸਫ਼ਰ' ਸਿਰਫ਼ ਇੱਕ ਜੀਵਨੀ ਨਹੀਂ ਹੈ, ਸਗੋਂ ਪ੍ਰੇਰਨਾ ਦਾ ਸਰੋਤ ਹੈ ਜੋ ਜੀਵਨ ਨੂੰ ਦਿਸ਼ਾ ਪ੍ਰਦਾਨ ਕਰਦੀ ਹੈ। ਉਨ੍ਹਾਂ ਕਿਹਾ ਕਿ ਅਵਿਨਾਸ਼ ਰਾਏ ਖੰਨਾ ਦਾ ਜੀਵਨ ਅਨੁਸ਼ਾਸਨ, ਸਮਰਪਣ ਅਤੇ ਨਿਰਸਵਾਰਥ ਸੇਵਾ ਦੀ ਇੱਕ ਜਿਉਂਦੀ ਜਾਗਦੀ ਉਦਾਹਰਨ ਹੈ, ਜੋ ਨੌਜਵਾਨਾਂ ਨੂੰ ਆਪਣੇ ਫਰਜ਼ਾਂ ਪ੍ਰਤੀ ਸੁਚੇਤ ਰਹਿਣ ਅਤੇ ਸਮਾਜ ਦੇ ਭਲੇ ਲਈ ਕੰਮ ਕਰਨ ਲਈ ਪ੍ਰੇਰਿਤ ਕਰਦੀ ਹੈ।ਉਨ੍ਹਾਂ ਕਿਹਾ ਕਿ ਅਵਿਨਾਸ਼ ਰਾਏ ਖੰਨਾ ਦਾ ਜੀਵਨ ਉਨ੍ਹਾਂ ਸਾਰਿਆਂ ਲਈ ਪ੍ਰੇਰਨਾ ਹੈ ਜੋ ਨਿਰਸਵਾਰਥ ਹੋ ਕੇ ਦੇਸ਼ ਅਤੇ ਸਮਾਜ ਦੀ ਸੇਵਾ ਕਰਦੇ ਹਨ। ਪ੍ਰੋਗਰਾਮ ਦੇ ਅੰਤ ਵਿੱਚ ਡਾ. ਚੰਦਰ ਮੋਹਨ ਨੇ ਲੇਖਕ ਡਾ. ਜੋਤੀ ਵਰਮਾ ਨੂੰ ਉਨ੍ਹਾਂ ਦੇ ਸ਼ਾਨਦਾਰ ਰਚਨਾਤਮਕ ਯਤਨਾਂ ਲਈ ਵਧਾਈ ਦਿੱਤੀ।ਇਸ ਮੌਕੇ ਸ਼ਹਿਰ ਦੇ ਪਤਵੰਤੇ, ਅਧਿਆਪਕ ਅਤੇ ਵਿਦਿਆਰਥੀ ਮੌਜੂਦ ਸਨ।

# ਪ੍ਰਭਾਤ ਫੇਰੀ ਦੌਰਾਨ ਸਤਿਗੁਰੂ ਦੀ ਅਪਾਰ ਕਿਰਪਾ ਪ੍ਰਾਪਤ ਹੁੰਦੀ ਹੈ : ਡੀ ਐੱਸ ਪੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**



ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਪ੍ਰਭਾਤ ਫੇਰੀਆਂ ਦੇ ਚਲ ਰਹੇ ਸਿਲਸਿਲ ਸੰਬੰਧੀ ਗੁਰਦੁਆਰਾ ਸਾਹਿਬ ਬੀਬੀਆਂ ਟਾਂਡਾ ਦੇ ਪ੍ਰਧਾਨ ਸੰਤਾ ਸਿੰਘ ਅਤੇ ਸਮੂਹ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਕੱਢੀ ਜਾ ਰਹੀ ਪ੍ਰਭਾਤ ਫੇਰੀ ਦਾ ਰਿਟਾ: ਡੀ ਐੱਸ ਪੀ ਅਜੀਤ ਸਿੰਘ ਦੇ ਨਿਵਾਸ ਸਥਾਨ ਤੇ ਪਹੁੰਚਣ ਤੇ ਉਨ੍ਹਾਂ ਦੇ ਪਰਵਾਰ ਵੱਲੋਂ ਪ੍ਰਭਾਤ ਫੇਰੀ 'ਚ ਸ਼ਾਮਿਲ ਸੰਗਤ ਤੇ ਫੁੱਲਾਂ ਦੀ ਵਰਖਾ ਕਰਕੇ ਉਨ੍ਹਾਂ ਦਾ ਭਰਪੂਰ ਸਵਾਗਤ ਕੀਤਾ ਗਿਆ। ਹਾਲ 'ਚ ਬੈਠੀ ਸੰਗਤ ਨੂੰ ਗੁਰਬਾਣੀ ਨਾਲ ਜੋੜਦੇ ਹੋਏ ਕੀਰਤਨੀ ਜਥੇ ਰਣਜੀਤ ਸਿੰਘ ਤੁੱਲੀ ਤੇ ਉਨ੍ਹਾਂ ਦੇ ਸਾਥੀਆਂ ਨੇ ਆਪਣੇ ਕੀਰਤਨਾਂ ਰਾਹੀਂ 'ਨਾਨਕ ਨਾਮੁ ਜਪਿ ਲਓ ਜੀ ਪ੍ਰਭਾਤ ਫੇਰੀ ਆਈ ਐ' ਆਦੀ ਕੀਰਤਨਾਂ ਰਾਹੀਂ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੀ ਜੀਵਨੀ ਤੇ ਰੌਸ਼ਨੀ ਪਾਉਂਦੇ ਹੋਏ ਸਤਿਗੁਰੂ ਦਾ ਗੁਣਗਾਨ ਕੀਤਾ ਅਤੇ ਉਨ੍ਹਾਂ ਦੇ ਦਰਸਾਏ ਮਾਰਗ ਤੇ ਚੱਲਣ ਦੀ ਪ੍ਰੇਰਨਾ ਦਿੰਦੇ ਹੋਏ ਸੰਗਤ ਨੂੰ ਨਿਹਾਲ ਕੀਤਾ। ਇਨ੍ਹਾਂ ਤੋਂ ਇਲਾਵਾ ਹੋਰ ਜਥਿਆਂ ਨੇ ਵੀ ਆਪਣੇ ਕੀਰਤਨਾਂ ਰਾਹੀਂ ਬਾਬਾ ਸ੍ਰੀ ਨਾਨਕ ਜੀ ਦਾ ਗੁਣਗਾਨ ਕਰਦੇ ਹੋਏ ਸੰਗਤ ਨੂੰ ਰੋਜਾਨਾ ਸਤਿਗੁਰੂ ਦਾ ਨਾਮ ਜਪਣ ਦੀ ਪ੍ਰੇਰਨਾ ਦਿੱਤੀ।

ਇਸ ਮੌਕੇ ਤੇ ਰਿਟਾ: ਡੀ.ਐਸ.ਪੀ ਅਜੀਤ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਨੇ ਸਮੁੱਚੀ ਦੁਨੀਆਂ ਦੇ ਲੋਕਾਂ ਨੂੰ ਰੋਜਾਨਾ ਸਤਿਗੁਰੂ ਦਾ ਨਾਮ ਸਿਮਰਨ ਦੀ ਪ੍ਰੇਰਨਾ ਦਿੰਦੇ ਹੋਏ ਗੁਰਬਾਣੀ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ ਸੀ ਤਾਂ ਜੋ ਹਰ ਇਨਸਾਨ ਆਪਣੇ ਇਸ ਮਨੁੱਖੀ ਜੀਵਨ ਦੇ ਅਸਲ ਮਕਸਦ ਨੂੰ ਪੂਰਾ ਕਰਕੇ ਇਸਨੂੰ ਸਫਲ ਬਣਾ ਸਕੇ। ਪਰਵਾਰ ਵੱਲੋਂ ਆਈਆਂ ਹੋਈਆਂ ਸੰਗਤਾਂ ਨੂੰ ਗੁਰੂ ਦਾ ਪ੍ਰਸ਼ਾਦ ਵੰਡਿਆ ਗਿਆ। ਇਸ ਮੌਕੇ ਤੇ ਰਾਜਵਿੰਦਰ ਸਿੰਘ, ਗੁਰਵਿੰਦਰ ਸਿੰਘ, ਸਾਬ ਸਿੰਘ, ਸੁਜਾਨ ਸਿੰਘ, ਨਿਰਮਲ ਸਿੰਘ, ਬੀਬੀ ਜਗਦੀਸ਼ ਕੌਰ, ਗੁਰਵਿੰਦਰ ਕੌਰ, ਬੀਬੀ ਮਨਜੀਤ ਕੌਰ, ਰਜਿੰਦਰ ਪ੍ਰਸਾਦ, ਪਰਮਜੀਤ ਟਿੱਡੂ, ਬਲਵੀਰ ਸਿੰਘ ਬੀਰਾ, ਗੁਰਪਾਲ ਸਿੰਘ ਸੈਣੀ, ਪ੍ਰਭਨੂਰ ਸਿੰਘ, ਨਿਰਮਲ ਕੌਰ, ਸੁਰਿੰਦਰ ਕੌਰ, ਸਤਿੰਦਰ ਕੌਰ, ਕੁਲਜੀਤ ਕੌਰ, ਰਾਜ ਕੌਰ ਅਤੇ ਹੋਰ ਸੰਗਤ ਨੇ ਗੁਰੂ ਚਰਨਾਂ ਵਿੱਚ ਆਪਣੀ ਹਾਜਰੀ ਲਗਵਾ ਕੇ ਸਤਿਗੁਰੂ ਦਾ ਆਸ਼ੀਰਵਾਦ ਪ੍ਰਾਪਤ ਕੀਤਾ।

# ਵਿਧਾਇਕ ਜਸਵੀਰ ਰਾਜਾ ਨੇ ਹੈਲਥ ਸੈਂਟਰ ਦੇ ਨਿਰਮਾਣ ਕਾਰਜ ਦਾ ਰੱਖਿਆ ਨੀਂਹ ਪੱਥਰ



**ਟਾਂਡਾ ਉੜਮੁੜ,**
**(ਜਸਵਿੰਦਰ ਸੰਧੂ, ਓਂਕਾਰ ਸਿੰਘ)**

ਸੂਬਾ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਨੂੰ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਮੰਤਵ ਨਾਲ ਕਰੋੜਾਂ ਰੁਪਏ ਖਰਚ ਕੀਤੇ ਜਾ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਪਿੰਡ ਕੰਧਾਲੀ ਨਰੰਗਪੁਰ ਵਿਖੇ 34 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਹੈਲਥ ਸੈਂਟਰ ਦੇ ਨਿਰਮਾਣ ਕਾਰਜ ਦਾ ਨੀਂਹ ਪੱਥਰ ਰੱਖਣ ਸਮੇਂ ਕੀਤਾ। ਇਸ ਮੌਕੇ ਉਨਾਂ ਨਾਲ ਸੰਗਠਨ ਇੰਚਾਰਜ ਟਾਂਡਾ ਕੇਸ਼ਵ ਸਿੰਘ ਸੈਣੀ, ਐਸ.ਐਮ.ਓ ਟਾਂਡਾ ਡਾ. ਕਰਨ ਸੈਣੀ, ਸਰਪੰਚ ਪ੍ਰਦੀਪ ਸਿੰਘ, ਸਾਬਕਾ ਸਰਪੰਚ ਸੁਖਵਿੰਦਰ ਸਿੰਘ, ਪੰਚ ਰਮਨਦੀਪ ਸਿੰਘ, ਸਰਪੰਚ ਸੁਖਵਿੰਦਰਜੀਤ ਸਿੰਘ ਝਾਵਰ ਵੀ ਮੌਜੂਦ ਸਨ। ਇਸ ਮੌਕੇ ਵਿਧਾਇਕ ਰਾਜਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਿੱਚ ਅੱਜ ਪੰਜਾਬ ਦੇ ਕਈ ਪਿੰਡਾਂ ਵਿੱਚ ਆਮ ਆਦਮੀ ਕਲੀਨਿਕ ਸਫਲਤਾ ਪੂਰਵਕ ਚੱਲ ਰਹੀਆਂ ਹਨ ਅਤੇ ਪਿੰਡਾਂ ਦੇ ਲੋਕ ਇਹਨਾਂ ਸਿਹਤ ਕੇਂਦਰਾਂ ਤੋਂ ਤੋਂ ਚੰਗੀਆਂ ਸਿਹਤ ਸਹੂਲਤਾਂ ਪ੍ਰਾਪਤ ਕਰ ਰਹੇ ਹਨ। ਇਸ ਮੌਕੇ ਐਸ.ਐਮ.ਓ ਟਾਂਡਾ ਡਾ. ਕਰਨ ਸੈਣੀ ਅਤੇ ਪਿੰਡ ਦੇ ਸਮੂਹ ਪਤਵੰਤੇ ਵਿਅਕਤੀਆਂ ਨੇ ਪੰਜਾਬ ਸਰਕਾਰ ਅਤੇ ਵਿਧਾਇਕ ਜਸਵੀਰ ਸਿੰਘ ਰਾਜਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦੇ ਹੋਏ ਉਨ੍ਹਾਂ ਨੂੰ ਸਨਮਾਨਤ ਕੀਤਾ। ਇਸ ਮੌਕੇ ਪੰਚ ਸੰਦੀਪ ਸਿੰਘ, ਪੰਚ ਰਮਨਦੀਪ ਸਿੰਘ, ਪੰਚ ਦਲਜਿੰਦਰ ਕੌਰ, ਪੰਚ ਪਰਮਿੰਦਰ ਕੌਰ, ਪੰਚ ਜਸਵੀਰ ਕੌਰ, ਪੰਚ ਸਰਬਜੀਤ ਕੌਰ, ਰਮਨਜੀਤ ਸਿੰਘ, ਅਵਤਾਰ ਸਿੰਘ, ਸੁਖਵਿੰਦਰ ਸਿੰਘ, ਕੁਲਵਿੰਦਰ ਸਿੰਘ, ਸਤਵਿੰਦਰ ਸਿੰਘ, ਵਰਿੰਦਰ ਸਿੰਘ, ਹੈਲਥ ਇੰਸਪੈਕਟਰ ਗੁਰਜੀਤ ਸਿੰਘ, ਸੀ.ਐਚ.ਓ ਗੁਰਪ੍ਰੀਤ ਕੌਰ, ਐਚ ਹਰਵਿੰਦਰ ਐਲ ਐਚ ਵੀ ਹਰਵਿੰਦਰ ਸਿੰਘ, ਰਜਿੰਦਰ ਕੌਰ ਤੇ ਆਸ਼ਾ ਵਰਕਰ ਵੀ ਹਾਜ਼ਰ ਸਨ।



# ਅੰਮ੍ਰਿਤ ਦਿਓਲ ਫਾਊਂਡੇਸ਼ਨ ਵੱਲੋਂ ਸਕੂਲੀ ਬੱਚਿਆਂ ਨੂੰ ਬੂਟ ਵੰਡੇ

**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**-ਅੰਮ੍ਰਿਤ ਦਿਓਲ ਫਾਊਂਡੇਸ਼ਨ ਚਮਕੌਰ ਸਾਹਿਬ ਵੱਲੋਂ ਇੱਥੋਂ ਦੇ ਭਲਵਾਲ ਐਸ ਡੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਕਰਵਾਏ ਸਾਦੇ ਸਮਾਗਮ ਦੌਰਾਨ 100 ਦੇ ਕਰੀਬ ਬੱਚਿਆਂ ਨੂੰ ਸਰਦੀ ਤੋਂ ਬਚਾਅ ਲਈ ਬੂਟ ਵੰਡੇ ਗਏ। ਬੂਟ ਵੰਡਣ ਦੀ ਰਸਮ ਲਾਇਨਜ਼ ਆਈ ਕੇਅਰ ਸੁਸਾਇਟੀ ਦੇ ਚੇਅਰਮੈਨ ਅਤੇ ਸਮਾਜ ਸੇਵੀ ਜਸਪਾਲ ਸਿੰਘ ਦਿਓਲ ਵੱਲੋਂ ਨਿਭਾਈ ਗਈ। ਦਿਓਲ ਨੇ ਸਕੂਲੀ ਬੱਚਿਆਂ ਨੂੰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਅੰਮ੍ਰਿਤ ਦਿਓਲ ਫਾਊਂਡੇਸ਼ਨ ਦੇ ਪ੍ਰਧਾਨ ਅੰਮ੍ਰਿਤਪਾਲ ਸਿੰਘ ਦਿਓਲ ਨੇ ਕਿਹਾ ਕਿ ਉਨ੍ਹਾਂ ਨੂੰ ਸਮਾਜ ਸੇਵੀ ਦੇ ਕਾਰਜਾਂ ਲਈ ਮਾਪਿਆਂ ਤੋਂ ਮਿਲੀ ਪ੍ਰੇਰਨਾ ਸਦਕਾ ਹੀ ਉਹ ਆਪਣੀ ਮਿਹਨਤ ਦੀ ਕਮਾਈ ਵਿੱਚੋਂ ਅਜਿਹੇ ਕਾਰਜ ਕਰਕੇ ਜ਼ਿੰਦਗੀ ਦੀਆਂ ਖੁਸ਼ੀਆਂ ਨੂੰ ਹਾਸਲ ਕਰਦੇ ਹਨ। ਇਸ ਮੌਕੇ ਲਾਇਨਜ਼ ਆਈ ਕੇਅਰ ਸੁਸਾਇਟੀ ਦੇ ਪ੍ਰਧਾਨ ਸੁਰੇਸ਼ ਅਗਰਵਾਲ, ਚੰਦ ਸਿੰਘ, ਮਾਨ ਸਿੰਘ, ਦਿਲਬਾਗ ਸਿੰਘ, ਸੰਤ ਸਿੰਘ ਦਿਓਲ, ਰੁਪਿੰਦਰ ਕੌਰ ਅਤੇ ਜਸਵੀਰ ਸਿੰਘ ਦਿਓਲ ਆਦਿ ਹਾਜ਼ਰ ਸਨ।

# ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਵੱਲੋਂ ਵਿੱਦਿਅਕ ਟੂਰ



**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਚਾਂਸਲਰ ਸੰਤ ਮਨਮੋਹਨ ਸਿੰਘ ਅਤੇ ਉਪ-ਕੁਲਪਤੀ ਡਾ.ਧਰਮਜੀਤ ਸਿੰਘ ਪਰਮਾਰ, ਹਰਦਮਨ ਸਿੰਘ ਮਿਨਹਾਸ (ਸਕੱਤਰ,) ਦੇ ਦਿਸ਼ਾ ਨਿਰਦੇਸ਼ ਤਹਿਤ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਵੱਲੋਂ ਵਿਦਿਆਰਥੀਆਂ ਲਈ ਇੱਕ ਵਿੱਦਿਅਕ ਟੂਰ ਦਾ ਆਯੋਜਨ ਕੀਤਾ ਗਿਆ, ਜਿਸ ਤਹਿਤ ਵਿਦਿਆਰਥੀਆਂ ਨੂੰ ਜਲੰਧਰ ਵਿੱਚ ਲੱਗੇ ਗ਼ਦਰੀ ਬਾਬਿਆਂ ਦੇ ਮੇਲੇ ਵਿਖੇ ਲਿਜਾਇਆ ਗਿਆ।ਇਹ ਵਿੱਦਿਅਕ ਯਾਤਰਾ ਡਾ. ਹਰਪ੍ਰੀਤ ਸਿੰਘ, ਡਾ. ਅਨੀਤਾ ਰਾਣੀ ਅਤੇ ਡਾ. ਸੁਰਿੰਦਰ ਕੁਮਾਰ ਦੀ ਨਿਗਰਾਨੀ ਹੇਠ ਲਿਜਾਈ ਗਈ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਗਦਰ ਲਹਿਰ ਦੇ ਇਤਿਹਾਸਕ ਮਹੱਤਵ ਬਾਰੇ ਜਾਣਕਾਰੀ ਦਿੱਤੀ ਅਤੇ ਇਸ ਗੱਲ'ਤੇ ਚਰਚਾ ਕੀਤੀ ਕਿ ਕਿਵੇਂ ਗਦਰੀ ਬਾਬਿਆਂ ਨੇ ਭਾਰਤ ਦੀ ਆਜ਼ਾਦੀ ਵਿੱਚ ਆਪਣਾ ਅਮਰ ਯੋਗਦਾਨ ਪਾਇਆ।ਇਸ ਵਿੱਦਿਅਕ ਟੂਰ ਵਿੱਚ ਹਿਊਮੈਨਿਟੀਜ਼ ਵਿਭਾਗ ਦੇ 40 ਵਿਦਿਆਰਥੀਆਂ ਨੇ ਭਾਗ ਲਿਆ। ਵਿਦਿਆਰਥੀਆਂ ਨੇ ਇਸ ਤਜਰਬੇ ਨੂੰ ਬਹੁਤ ਹੀ ਪ੍ਰੇਰਕ ਤੇ ਸਿੱਖਣਯੋਗ ਕਿਹਾ।

# ਸਟੇਟ ਪੱਧਰੀ ਕਲਾ ਉਤਸਵ ਮੁਕਾਬਲੇ 'ਚ ਰੇਲਵੇ ਮੰਡੀ ਸਕੂਲ ਨੂੰ ਦੂਜਾ ਸਥਾਨ ਪ੍ਰਾਪਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਚੰਡੀਗੜ੍ਹ ਵਿਖੇ ਹੋਏ ਸਟੇਟ ਪੱਧਰੀ ਕਲਾ ਉਤਸਵ ਮੁਕਾਬਲਿਆਂ ਵਿੱਚ ਸੀਨੀਅਰ ਕੈਟਾਗਰੀ ਵਿੱਚ ਸਕੂਲ ਦੀ ਵਿਦਿਆਰਥਣ ਸੂਰਜ ਚੰਚਲਾ ਕੁਮਾਰੀ ਨੇ ਫੋਕ ਡਾਂਸ ਵਿੱਚ ਪਹਿਲਾ ਅਤੇ ਸੱਤਵੀਂ ਜਮਾਤ ਦੀ ਵਿਦਿਆਰਥਣ ਪਾਰਵੀ ਨੇ ਜੂਨੀਅਰ ਕੈਟਾਗਰੀ ਵਿੱਚ ਤੀਸਰਾ ਸਥਾਨ ਹਾਸਲ ਕਰਕੇ ਵਿਸ਼ੇਸ਼ ਉਪਲਬਧੀ ਹਾਸਲ ਕੀਤੀ। ਇਹਨਾਂ ਵਿਦਿਆਰਥੀਆਂ ਨੂੰ ਤਿਆਰੀ ਕਮਲਜੀਤ ਕੌਰ ਵੱਲੋਂ ਕਰਵਾਈ ਗਈ।ਪੇਂਟਿੰਗ ਮੁਕਾਬਲੇ ਵਿੱਚ ਜੂਨੀਅਰ ਕੈਟਾਗਰੀ ਵਿੱਚ ਅਨੂਪ੍ਰਿਆ ਜਮਾਤ ਅੱਠਵੀਂ ਨੇ ਪਹਿਲਾ ਅਤੇ ਸੀਨੀਅਰ ਕੈਟਾਗਰੀ ਵਿੱਚ ਪ੍ਰਿੰਸਕਾ ਬਾਰ੍ਹਵੀਂ ਨੇ ਦੂਜਾ ਸਥਾਨ ਹਾਸਿਲ ਕੀਤਾ। ਇਹਨਾਂ ਵਿਦਿਆਰਥਨਾਂ ਨੂੰ ਤਰਨਪ੍ਰੀਤ ਕੌਰ ਵੱਲੋਂ ਤਿਆਰ ਕੀਤਾ ਗਿਆ। ਇਸ ਤੋਂ ਇਲਾਵਾ 29 ਅਕਤੂਬਰ ਨੂੰ ਹੋਏ ਸਟੇਟ ਪੱਧਰੀ ਕਲਾ ਉਤਸਵ ਮੁਕਾਬਲੇ ਵਿੱਚ ਸਕੂਲ ਦੇ ਜ਼ੋਨ ਪੱਧਰ 'ਤੇ ਪਹਿਲਾ ਸਥਾਨ ਹਾਸਲ ਕਰਨ ਵਾਲੀ ਡਰਾਮਾ ਟੀਮ ਨੇ ਹਿੱਸਾ ਲਿਆ ਅਤੇ ਪੂਰੇ ਪੰਜਾਬ ਵਿੱਚ ਦੂਜਾ ਸਥਾਨ ਹਾਸਲ ਕਰਕੇ ਨਾਮਣਾ ਖੱਟਿਆ। ਜਿਸ ਵਿੱਚ ਨੀਕਿਤਾ ਕਲਸੀ +2, ਨੇਹਾ+2, ਰਿਬਿਕਾਹ+1, ਮਨਜੋਤ ਕੌਰ ਨੇ ਭਾਗ ਲਿਆ। ਇਸ ਟੀਮ ਦੇ ਇੰਚਾਰਜ ਅਧਿਆਪਕ ਗੁਰਦੀਪ ਕੌਰ ਅਤੇ ਸੁਮਨ ਲਤਾ ਦਾ ਵੀ ਪ੍ਰਿੰਸੀਪਲ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਵਾਈਸ ਪ੍ਰਿੰਸੀਪਲ ਸ੍ਰੀਮਤੀ ਪੁਨੀਤ, ਸੁਨੀਤਾ ਚੌਧਰੀ, ਰਵਿੰਦਰ ਕੌਰ, ਅਲਕਾ, ਸਰੋਜ ਕੁਮਾਰੀ, ਸੀਮਾ ਸ਼ਰਮਾ, ਪਲਵਿੰਦਰ ਕੌਰ, ਸਰਬਜੀਤ ਕੌਰ, ਬਲਦੇਵ ਸਿੰਘ, ਕੁਲਦੀਪ ਸਿੰਘ ਗੁਰਮਿੰਦਰ ਸਿੰਘ ਅਤੇ ਅਮਨਦੀਪ ਸਿੰਘ ਹਾਜ਼ਰ ਸਨ।



# ਜੈ ਭੀਮ ਯੂਨਾਈਟਿਡ ਵੁਆਇਸ ਆਫ ਪੰਜਾਬ ਦੇ ਜ਼ੋਨ ਨੰਬਰ ਇੱਕ ਦੀ ਵਿਸ਼ੇਸ਼ ਮੀਟਿੰਗ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**

ਜੈ ਭੀਮ ਯੂਨਾਈਟਿਡ ਵੁਆਇਸ ਆਫ ਪੰਜਾਬ ਦੇ ਜ਼ੋਨ ਨੰਬਰ ਇੱਕ ਅਧੀਨ ਆਉਂਦੇ ਜ਼ਿਲ੍ਹਾ ਜਲੰਧਰ, ਹੁਸ਼ਿਆਰਪੁਰ, ਲੁਧਿਆਣਾ, ਨਵਾਂਸ਼ਹਿਰ, ਕਪੂਰਥਲਾ ਦੇ ਅਹੁਦੇਦਾਰਾਂ ਦੀ ਵਿਸ਼ੇਸ਼ ਮੀਟਿੰਗ ਜਥੇਬੰਦੀ ਦੇ ਮੁਖੀ ਡਾ. ਹਰਜਿੰਦਰ ਸਿੰਘ ਜੱਖੂ ਦੀ ਅਗਵਾਈ ਹੇਠ ਮੁੱਖ ਦਫ਼ਤਰ ਚਾਹਲ ਨਗਰ ਫਗਵਾੜਾ ਵਿੱਖੇ ਹੋਈ। ਮੀਟਿੰਗ ਦੀ ਪ੍ਰਧਾਨਗੀ ਜਥੇਬੰਦੀ ਦੇ ਸਰਪ੍ਰਸਤ ਪ੍ਰਿੰਸੀਪਲ ਕੇਵਲ ਸਿੰਘ ਨੇ ਕੀਤੀ। ਮੀਟਿੰਗ 'ਚ ਜ਼ਿਲ੍ਹਾ ਕਪੂਰਥਲਾ ਦਿਹਾਤੀ ਦੇ ਪ੍ਰਧਾਨ ਰਾਜੇਸ਼ ਕੁਮਾਰ ਲਵੀ ਪੰਚ, ਜ਼ਿਲ੍ਹਾ ਮੀਤ ਪ੍ਰਧਾਨ ਰਜਿੰਦਰ ਪ੍ਰਤਾਪ ਸਿੰਘ, ਜ਼ਿਲ੍ਹਾ ਕਪੂਰਥਲਾ ਦੇ ਇਸਤਰੀ ਵਿੰਗ ਦੇ ਪ੍ਰਧਾਨ ਬੀਬੀ ਬਲਜੀਤ ਕੌਰ ਅੰਬੇਡਕਰੀ ਅਤੇ ਜ਼ਿਲ੍ਹਾ ਜਲੰਧਰ ਦਿਹਾਤੀ ਦੇ ਮੀਤ ਪ੍ਰਧਾਨ ਨਿਰਮਲ ਸਿੰਘ ਚਾਚੋਵਾਲ ਨੇ ਮੈਂਬਰਸ਼ਿਪ ਵਾਲੇ ਰਜਿਸਟਰ ਜਮ੍ਹਾ ਕਰਵਾਏ ਅਤੇ ਨਵੇਂ ਰਜਿਸਟਰ ਲੈ ਕੇ ਗਏ। ਡਾ.ਹਰਜਿੰਦਰ ਸਿੰਘ ਜੱਖੂ ਨੇ ਦੱਸਿਆ ਕਿ ਅੱਜ ਦੀ ਮੀਟਿੰਗ ਵਿੱਚ ਬਹੁਤ ਅਹਿਮ ਫੈਸਲਾ ਕਰਦੇ ਹੋਏ 1-1-2026 ਨੂੰ ਭੀਮਾ ਕੋਰੇਗਾਉਂ ਯੁੱਧ ਦੀਆਂ ਸ਼ਹਾਦਤਾਂ ਅਤੇ ਜਿੱਤ ਨੂੰ ਯਾਦ ਰੱਖਣ ਲਈ ਸਮਾਗਮ ਕਰਵਾਉਣ ਦਾ ਫੈਸਲਾ ਕੀਤਾ ਗਿਆ। ਡਾ.ਜੱਖੂ ਨੇ ਕਿਹਾ ਕਿ ਯੂਥ ਵਿੰਗ ਅਤੇ ਲੇਡੀਜ਼ ਵਿੰਗ ਦੀ ਜਥੇਬੰਦਕ ਢਾਂਚੇ ਨੂੰ ਖੜ੍ਹਾ ਕਰਨ ਲਈ ਅਤੇ ਨਵੰਬਰ ਮਹੀਨੇ ਦੇ ਅਖੀਰਲੇ ਹਫਤੇ ਵਿੱਚ ਮੀਟਿੰਗ ਕਰਨ ਦਾ ਫੈਸਲਾ ਕੀਤਾ ਗਿਆ।

# ਭਾਰਤੀਯ ਯੋਗ ਸੰਸਥਾਨ ਦੀ ਜ਼ਿਲ੍ਹਾ ਇਕਾਈ ਨੇ ਮਨਾਇਆ ਸਥਾਪਨਾ ਦਿਵਸ

**ਰੂਪਨਗਰ, (ਰਜਿੰਦਰ ਸੈਣੀ)**

ਭਾਰਤੀਯ ਯੋਗ ਸੰਸਥਾਨ ਦੀ ਜ਼ਿਲ੍ਹਾ ਇਕਾਈ ਰੂਪਨਗਰ ਵਲੋਂ ਆਪਣਾ 26ਵਾਂ ਸਥਾਪਨਾ ਦਿਵਸ ਅੱਜ ਗਾਂਧੀ ਮੈਮੋਰਿਅਲ ਨੈਸਨਲ ਸਕੂਲ (ਜੀ ਐੱਮ ਐੱਨ) ਰੂਪਨਗਰ ਵਿਖੇ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਸਮਾਗਮ ਵਿੱਚ ਭਾਰਤੀਯ ਯੋਗ ਸੰਸਥਾਨ ਅਧੀਨ ਚੰਡੀਗੜ੍ਹ ਪ੍ਰਾਂਤ ਦੇ ਜ਼ਿਲ੍ਹਿਆਂ ਪੰਚਕੂਲਾ, ਜੀਰਕਪੁਰ, ਚੰਡੀਗੜ੍ਹ, ਮੋਹਾਲੀ, ਕੁਰਾਲੀ ਆਦਿ ਯੋਗ ਸਾਧਕ ਸਿਰਕਤ ਕੀਤੀ। ਸਮਾਰੋਹ 'ਚ ਮੁੱਖ ਮਹਿਮਾਨ ਦੇ ਤੌਰ ਤੇ ਰੂਪਨਗਰ ਸ਼ਹਿਰ ਦੇ ਉੱਘੇ ਸਮਾਜ ਸੇਵਕ ਡਾ ਆਰ ਐੱਸ ਪਰਮਾਰ ਸ਼ਾਮਲ ਹੋਏ ਅਤੇ ਪ੍ਰਧਾਨਗੀ ਚੰਡੀਗੜ੍ਹ ਪ੍ਰਾਂਤ ਦੇ ਪ੍ਰਧਾਨ ਗੋਪਾਲ ਦਾਸ ਨੇ ਕੀਤੀ। ਸਮਾਗਮ ਦਾ ਅਰੰਭ ਮਾਂ ਸਰਸਵਤੀ ਦੀ ਤਸਵੀਰ ਅੱਗੇ ਪ੍ਰਾਂਤ ਪ੍ਰਧਾਨ ਗੋਪਾਲ ਦਾਸ ਵਲੋਂ ਜੋਤ ਜਗਾ ਕੇ ਕੀਤਾ ਗਿਆ। ਇਸ ਮੌਕੇ ਕੀਤੀ ਸਮੂਹਿਕ ਯੋਗ ਕਲਾਸ ਦੌਰਾਨ ਰਾਜਨ ਕਪੂਰ ਚੰਡੀਗੜ੍ਹ, ਕ੍ਰਿਸ਼ਨ ਲਾਲ ਕਪੂਰ ਮੋਹਾਲੀ, ਸੁਰਿੰਦਰ ਸਿੰਘ ਮੋਹਾਲੀ, ਨੰਦ ਲਾਲ ਚੰਡੀਗੜ੍ਹ, ਰਾਜਿੰਦਰ ਕੌਂਸਕ ਚੰਡੀਗੜ੍ਹ, ਧਰਮਪਾਲ ਆਰਿਆ ਪੰਚੁਕਲਾ, ਤੇਜ਼ ਰਾਮ ਗਰਗ ਪੰਚਕੂਲਾ, ਜੈ ਨਰਾਇਣ ਸਿੰਗਲ ਪੰਚਕੂਲਾ, ਅਰੁਣ ਧੀਮਾਨ ਕੁਰਾਲੀ ਸਭੀ ਜ਼ਿਲ੍ਹਾ ਪ੍ਰਧਾਨਾ ਤੇ ਪ੍ਰਾਂਤ ਦੇ ਸੰਗਠਨ ਮੰਤਰੀ ਪ੍ਰੇਮ ਭੁਟਾਨੀ ਜੀਰਕਪੁਰ ਤੇ ਚੰਡੀਗੜ੍ਹ ਪ੍ਰਾਂਤ ਦੇ ਪ੍ਰਧਾਨ ਗੋਪਾਲ ਦਾਸ ਵਲੋਂ ਵੱਖ ਵੱਖ ਤਰਾਂ ਦੇ ਯੋਗ ਆਸਣ, ਪ੍ਰਾਣਾਯਾਮ ਤੇ ਧਿਆਨ ਦਾ ਸੁੰਦਰ ਅਭਿਆਸ ਕਰਵਾਇਆ ਗਿਆ। ਅਰੰਭ 'ਚ ਸੰਸਥਾ ਦੀ ਰੂਪਨਗਰ ਇਕਾਈ ਵਲੋਂ ਜ਼ਿਲ੍ਹਾ ਪ੍ਰਧਾਨ ਕੁਸਮ ਸ਼ਰਮਾ ਦੀ ਅਗਵਾਈ ਵਿਚ ਸਰਸਵਤੀ ਵੰਦਨਾ ਤੇ ਯੋਗ ਗੀਤ ਦਾ ਗਾਇਨ ਕੀਤਾ ਗਿਆ। ਸਟੇਜ ਦਾ ਸੰਚਾਲਨ ਜ਼ਿਲ੍ਹਾ ਸਕੱਤਰ ਰਾਜਿੰਦਰ ਸੈਣੀ ਵਲੋਂ ਕੀਤਾ ਗਿਆ ਤੇ ਜ਼ਿਲ੍ਹਾ ਪ੍ਰਧਾਨ ਕੁਸਮ ਸ਼ਰਮਾ ਤੇ ਆਏ ਯੋਗ ਦੇ ਅਹੁਦੇਦਾਰਾਂ ਤੇ ਸਾਧਕਾਂ ਦਾ ਧੰਨਵਾਦ ਕੀਤਾ। ਇਸ ਮੌਕੇ ਚੰਡੀਗੜ੍ਹ ਪ੍ਰਾਂਤ ਦੇ ਸਰਪਰਸ ਅਨਿਲ ਅਗਰਵਾਲ, ਪ੍ਰਾਂਤ ਮੰਤਰੀ ਗੋਪਾਲ ਸਿੰਘ ਪਰਮਾਰ. ਡਾ. ਰਾਜੀਵ ਕੁਰਾਲੀ ਤੋਂ ਇਲਾਵਾ ਰੂਪਨਗਰ ਜ਼ਿਲ੍ਹਾ ਇਕਾਈ ਦੇ ਅਹੁਦੇਦਾਰ ਹੰਸ ਰਾਜ, ਜਗਦੇਵ ਸਿੰਘ, ਗੁਰਮੁੱਖ ਸਿੰਘ, ਐਡਵੋਕੇਟ ਰਾਵਿੰਦਰ ਸਿੰਘ ਮੁੰਡਰਾ, ਡੀ. ਆਰ. ਸ਼ਰਮਾ, ਆਸਿਮਾ ਅਗਰਵਾਲ, ਸੀਮਾ ਸੈਣੀ, ਬਲਬੀਰ ਕੌਰ, ਪੂਨਮ ਭਾਟੀਆ, ਸੁੱਖਪ੍ਰੀਤ ਕੌਰ, ਕਿਰਨ, ਤਰਵਿੰਦਰ ਬਿੰਦਰਾ, ਰਣਵੀਰ ਸਿੰਘ, ਮੈਡਮ ਓਬਰਾਏ ਆਦਿ ਵੀ ਹਾਜ਼ਰ ਸਨ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਪੰਜਾਬ ਦਿਵਸ ਮਨਾਇਆ



**ਕਪੂਰਥਲਾ ( ਹਨੀ )**

ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਦੀ ਅਗਵਾਈ ਵਿੱਚ ਪੰਜਾਬ ਡੇ ਮਨਾਇਆ ਗਿਆ। ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ ਵਿਸ਼ੇਸ਼ ਤੌਰ 'ਤੇ ਸਮਾਗਮ ਵਿੱਚ ਸ਼ਾਮਲ ਹੋਏ। ਇਸ ਦੌਰਾਨ ਨਰਸਰੀ ਤੋਂ ਤੀਸਰੀ ਜਮਾਤ ਦੇ ਵਿਦਿਆਰਥੀਆਂ ਦਰਮਿਆਨ ਪੰਜਾਬੀ ਪੋਇਮ ਰੈਸੀਟੇਸ਼ਨ ਪ੍ਰਤਿਯੋਗਤਾ ਕਰਵਾਈ ਗਈ। ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਦਰਮਿਆਨ ਪੰਜਾਬੀ ਲੇਖ ਪ੍ਰਤਿਯੋਗਤਾ ਕਰਵਾਈ ਗਈ। ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਦਰਮਿਆਨ ਪੰਜਾਬੀ ਡਿਬੇਟ ਪ੍ਰਤਿਯੋਗਤਾ ਕਰਵਾਈ ਗਈ, ਜਿਸ ਦਾ ਵਿਸ਼ਾ ਪੰਜਾਬੀ ਸੱਭਿਆਚਾਰ ਵਿੱਚ ਵਧ ਰਹੇ ਪੱਛਮੀ ਸੱਭਿਆਚਾਰ ਦਾ ਪ੍ਰਭਾਵ ਸੀ। ਲਾਲਾ ਲਾਜਪਤ ਰਾਏ ਹਾਊਸ ਦੀ ਸਿਮਰਨਪ੍ਰੀਤ ਕੌਰ ਪਹਿਲੇ, ਊਧਮ ਸਿੰਘ ਹਾਊਸ ਦੀ ਹਰਲੀਨ ਕੌਰ ਦੂਸਰੇ, ਭਗਤ ਸਿੰਘ ਹਾਊਸ ਦੀ ਅੰਸ਼ਪ੍ਰੀਤ ਕੌਰ ਤੀਸਰੇ ਅਤੇ ਨੇਤਾ ਜੀ ਸੁਭਾਸ਼ ਚੰਦਰ ਹਾਊਸ ਦੀ ਕਰਮਜੋਤ ਕੌਰ ਚੌਥੇ ਸਥਾਨ 'ਤੇ ਰਹੀ। ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਬੀਬੀ ਗੁਰਪ੍ਰੀਤ ਕੌਰ ਨੇ ਕਿਹਾ ਕਿ ਪੰਜਾਬੀ ਭਾਸ਼ਾ ਸਾਡੀ ਰੂਹ ਵਿੱਚ ਵੱਸਦੀ ਹੈ। ਆਧੁਨਿਕਤਾ ਨੂੰ ਜ਼ਰੂਰ ਅਪਣਾਉਂਦੇ ਹੋਏ ਅੱਗੇ ਵਧਣਾ ਚਾਹੀਦਾ ਹੈ, ਪਰ ਆਪਣੀਆ ਜੜ੍ਹਾਂ ਅਤੇ ਆਪਣੀ ਸੱਭਿਅਤਾ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ।

# ਪੰਜਾਬ 'ਵਰਸਿਟੀ 'ਚ ਸੈਨੇਟ ਦਾ ਭੰਗ ਕੀਤਾ ਜਾਣਾ ਗੈਰ-ਲੋਕਤੰਤਰਿਕ : ਲੇਸੜੀਵਾਲ

**ਆਦਮਪੁਰ (ਪਰਮਜੀਤ ਸਿੰਘ)**- ਕੇਂਦਰ ਸਰਕਾਰ ਵੱਲੋਂ ਪੰਜਾਬ ਯੂਨੀਵਰਸਿਟੀ ਦੇ ਇਤਿਹਾਸਿਕ ਅਧਿਕਾਰਾਂ ਅਤੇ ਵਿਲੱਖਣ ਪਛਾਣ ਨੂੰ ਖਤਮ ਕਰਨ ਦੀ ਕੋਸ਼ਿਸ਼ ਕਰਕੇ ਪੰਜਾਬ ਦੇ ਹੱਕਾਂ 'ਤੇ ਇੱਕ ਹੋਰ ਵੱਡਾ ਹਮਲਾ ਕੀਤਾ ਗਿਆ ਹੈ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬਾਦਲ ਐਸ ਸੀ ਵਿੰਗ ਜਲੰਧਰ ਦਿਹਾਤੀ ਹਲਕਾ ਆਦਮਪੁਰ ਧਰਮਪਾਲ ਲੇਸੜੀਵਾਲ ਕਿਹਾ ਕਿ ਕਰੀਬ 60 ਸਾਲਾਂ ਦੇ ਇਤਿਹਾਸ ਵਿੱਚ ਪਹਿਲੀ ਵਾਰ ਪੰਜਾਬ ਯੂਨੀਵਰਸਿਟੀ ਦੀ ਲੋਕਤੰਤਰੀ ਢੰਗ ਨਾਲ ਚੁਣੀ ਗਈ ਸੈਨੇਟ ਅਤੇ ਸਿੰਡੀਕੇਟ ਨੂੰ ਭੰਗ ਕਰ ਦਿੱਤਾ ਗਿਆ। ਇਸ ਦੀ ਥਾਂ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਪੂਰੀ ਤਰ੍ਹਾਂ ਨਾਲ ਨਾਮਜ਼ਦ ਮੈਂਬਰਾਂ ਵਾਲੀ ਨਵੀਂ ਬਾਡੀ ਥਾਪੀ ਗਈ ਹੈ। ਜਿਸ ਵਿੱਚ ਚੰਡੀਗੜ੍ਹ ਪ੍ਰਸ਼ਾਸਨ ਅਤੇ ਕੇਂਦਰ ਸਰਕਾਰ ਦੇ ਹੀ ਨੁਮਾਇੰਦੇ ਸ਼ਾਮਲ ਹਨ। ਇਸ ਕਦਮ ਨਾਲ ਯੂਨੀਵਰਸਿਟੀ ਦੇ ਪ੍ਰਸ਼ਾਸਨਿਕ ਢਾਂਚੇ ਵਿੱਚ ਚੋਣਾਂ ਦੀ ਪ੍ਰਣਾਲੀ ਖਤਮ ਹੋ ਗਈ ਹੈ। ਜੋ ਕਿ ਸੰਵਿਧਾਨ ਅਤੇ ਲੋਕਤੰਤਰਕ ਦੇ ਵਿਰੁੱਧ ਹੈ। ਜਿਸ ਨੂੰ ਕਿਸੇ ਵੀ ਕੀਮਤ ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਕੇਂਦਰ ਦੀ ਭਾਜਪਾ ਸਰਕਾਰ ਦੇ ਇਸ ਫੈਸਲੇ ਨਾਲ ਹੁਣ ਯੂਨੀਵਰਸਿਟੀ ਦਾ ਸੰਚਾਲਨ ਰਾਜਨੀਤਿਕ ਵਿਅਕਤੀਆਂ ਅਤੇ ਚੰਡੀਗੜ੍ਹ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਕੀਤਾ ਜਾਵੇਗਾ। ਇਸ ਫੈਸਲੇ ਨੂੰ ਪੰਜਾਬ ਦੀ ਸਾਂਝੇ ਵਿਰਾਸਤ, ਸਿੱਖਿਆ, ਆਤਮ ਨਿਰਭਰਤਾ ਤੇ ਲੋਕਤੰਤਰੀ ਅਸੂਲਾਂ 'ਤੇ ਸਿੱਧਾ ਹਮਲਾ ਕਰਾਰ ਦਿੰਦਿਆਂ ਸਿਆਸੀ ਤੇ ਵਿੱਦਿਅਕ ਵਰਗਾਂ ਵੱਲੋਂ ਭਾਰੀ ਰੋਸ ਜ਼ਾਹਰ ਕੀਤਾ ਜਾ ਰਿਹਾ ਹੈ। ਸ਼੍ਰੋਮਣੀ ਅਕਾਲੀ ਦਲ ਬਾਦਲ ਇਸ ਪੰਜਾਬ ਵਿਰੋਧੀ ਫ਼ੈਸਲੇ ਦਾ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਾ ਹੈ।



## ਸੰਯੁਕਤ ਕਿਸਾਨ ਮੋਰਚੇ ਵੱਲੋਂ ਮੁੱਖ ਮੰਤਰੀ ਦੇ ਨਾਂਅ ਡੀਸੀ ਨੂੰ ਮੰਗ ਪੱਤਰ



ਜਿਸ ਦੀ ਅਗਵਾਈ ਜਮਹੂਰੀ ਕਿਸਾਨ ਸਭਾ ਵਲੋਂ ਬਲਵੰਤ ਘੋ, ਕੁੱਲ ਹਿੰਦ ਕਿਸਾਨ ਸਭਾ ਵਲੋਂ ਪਰਸ਼ੋਤਮ ਕੁਮਾਰ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਵਲੋ ਕੇਵਲ ਸਿੰਘ ਕੰਗ, ਅਤੇ ਰਾਜਿੰਦਰ ਸਿੰਘ ਬਾਜਵਾ, ਤੇ ਆਈ ਐਸ ਗੁਲਾਟੀ ਨੇ ਕੀਤੀ।ਉਹਨਾਂ ਨਾਲ ਉਸ ਵੇਲੇ ਚਮਨ ਲਾਲ ਦਰਸ਼ਨ ਸਿੰਘ ਜਸਵੰਤ ਸਿੰਘ ਬਲਵਿੰਦਰ ਸਿੰਘ ਦਰਸ਼ਨ ਜੇਨੀ ਤੇ ਹੋਰ ਆਗੂ ਹਾਜ਼ਰ ... ਕਿਸਾਨਾਂ ਤੇ ਕੇਸ ਦਰਜ ਕੀਤੇ ਜਾ ਰਹੇ ਹਨ।ਉਹਨਾਂ ਮੰਗ ਕੀਤੀ ਕਿ ਹੜ੍ਹਾਂ ਦੀ ਪੱਕੀ ਰੋਕਥਾਮ ਕੀਤੀ ਜਾਵੇ। ਬਿਜਲੀ ਸੋਧ ਬਿਲ 2025 ਰਦ ਕੀਤਾ ਜਾਵੇ।ਘੱਟ ਝਾੜ ਦੀ ਪੂਰਤੀ ਕੀਤੀ ਜਾਵੇ।ਡੀ ਏ ਪੀ ਖਾਦ ਦਾ ਮਿਲਣਾ ਯਕੀਨੀ ਬਣਾਇਆ ਜਾਵੇ। ਗੰਨੇ ਦੇ ਬਕਾਏ ਜਲਦੀ ਦਿੱਤੇ ਜਾਣ। ਰੇਲ ਰੋਕੋ ਅੰਦੋਲਨ ਦੌਰਾਨ ਕਿਸਾਨਾਂ ਤੇ ਬਣੇ ਕੇਸ ਰੱਦ ਕੀਤੇ ਜਾਣ।

## 3 ਲੱਖ ਦੀ ਠੱਗੀ ਮਾਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

... ਰੁਪਏ ਦੀ ਠੱਗੀ ਮਾਰੀ ਹੈ। ਪੁਲਸ ਨੇ ਠੱਗੀ ਮਾਰਨ ਵਾਲੇ ਕਥਿਤ ਦੋਸ਼ੀਆਂ ਖ਼ਿਲਾਫ਼ ਜ਼ੇਰੇ ਧਾਰਾ 121, 3.11.2025 ਜੁਰਮ 420, 120-(ਬੀ) ਆਈਪੀਸੀ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

## ਪੰਜਾਬ ਇਸਤਰੀ ਸਭਾ ਵੱਲੋਂ ਪੀ. ਯੂ. ਦੀ ਸੈਨੇਟ ਅਤੇ ਸਿੰਡੀਕੇਟ ਭੰਗ ਕਰਨ ਦੀ ਨਿਖੇਧੀ



... ਗਿਆ ਹੈ ਅਤੇ ਚੰਡੀਗੜ੍ਹ ਵਿੱਚ ਪੰਜਾਬ ਅਤੇ ਹਰਿਆਣਾ ਦੇ ਅਫਸਰਾਂ ਦੀ 60-40 ਦੀ ਰੇਸ਼ੋ ਖਤਮ ਕਰਵਾ ਕੇ ਪੰਜਾਬ ਨਾਲ ਧੱਕਾ ਕੀਤਾ ਗਿਆ ਹੈ।ਇਸੇ ਤਰ੍ਹਾਂ ਪੰਜਾਬ ਵਿੱਚ ਇੱਕ ਵੱਖਰਾ ਮੁੱਖ ਸਕੱਤਰ ਨਿਯੁਕਤ ਕੀਤਾ ਗਿਆ ਹੈ।ਅਜਿਹੇ ਯਤਨਾਂ ਨਾਲ ਕੇਂਦਰ ਸਰਕਾਰ ਪੰਜਾਬ ਕੋਲੋਂ ਚੰਡੀਗੜ੍ਹ ਦਾ ਹੱਕ ਖੋਹ ਲੈਣਾ ਚਾਹੁੰਦੀ ਹੈ।ਕੇਂਦਰ ... ਨਾਲ ਵੱਖ-ਵੱਖ ਭਾਈਚਾਰਿਆਂ ਵਿਚ ਪਾੜਾ ਵਧਾਉਣ ਦੀ ਕੋਸ਼ਿਸ਼ ਕੀਤੀ ਜਾਏਗੀ, ਜਿਸ ਨਾਲ ਦੇਸ਼ ਦੀ ਅਮਨ ਸ਼ਾਂਤੀ ਦਾਅ 'ਤੇ ਲੱਗ ਜਾਵੇਗੀ।ਪੰਜਾਬ ਇਸਤਰੀ ਸਭਾ ਅੰਦੋਲਨਕਾਰੀ ਵਿਦਿਆਰਥੀਆਂ ਦੇ ਸੰਘਰਸ਼ ਦੀ ਹਮਾਇਤ ਕਰਦੀ ਹੈ ਅਤੇ ਕੇਂਦਰ ਸਰਕਾਰ ਤੋਂ ਮੰਗ ਕਰਦੀ ਹੈ ਕਿ ਇਸ ਤਾਨਾਸ਼ਾਹੀ ਫੈਸਲੇ ਨੂੰ ਰੱਦ ਕੀਤਾ ਜਾਵੇ।

## ਕਟਾਰੂਚੱਕ ਨੇ ਹੜ੍ਹ ਪੀੜਤਾਂ ਨੂੰ 1 ਕਰੋੜ 30 ਲੱਖ ਰੁਪਏ ਦੀ ਮੁਆਵਜ਼ਾ ਰਾਸ਼ੀ ਵੰਡੀ



... ਸਮਾਰੋਹ ਦੌਰਾਨ ਹੜ੍ਹ ਪ੍ਰਭਾਵਿਤ 14 ਪਿੰਡ ਜਿਸ ਵਿੱਚ ਤਹਿਸੀਲ ਬਮਿਆਲ ਦੇ ਪਿੰਡ ਮੁੱਠੀ, ਮਨਵਾਲ ਮੰਗਵਾਲ, ਦਨਵਾਲ, ਖੋਜਕੀ ਚੱਕ, ਕੋਟਲੀ ਜਵਾਹਰ, ਪਲਾਹ ਅਤੇ ਬਮਿਆਲ। ਇਸੇ ਹੀ ਤਰ੍ਹਾਂ ਨਰੋਟ ਜੈਮਲ ਸਿੰਘ ਤਹਿਸੀਲ ਅਧੀਨ ਪਿੰਡ ਅਖਵਾੜਾ, ਪੋਲਾ, ਕੋਹਲੀਆਂ, ਕਿੱਲਪੁਰ, ਫਿਰੋਜਾ, ਖੁਦਾਈਪੁਰ ਅਤੇ ਚੜਕ ਪਿੰਡ ਦੇ ਕਰੀਬ 350 ਪਰਿਵਾਰਾਂ ਨੂੰ 1 ਕਰੋੜ 30 ਲੱਖ ... ਪੂੰਜਦਾ ਕਰਨ ਲਈ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦਾ ਧੰਨਵਾਦ ਕਰਦੇ ਹਾਂ ਕਿ ਉਨ੍ਹਾਂ ਜੋ ਵਾਅਦਾ ਕੀਤਾ ਸੀ ਉਹ ਪੂਰਾ ਕੀਤਾ ਹੈ।ਉਨ੍ਹਾਂ ਕਿਹਾ ਕਿ ਅੰਤ ਵਿੱਚ ਸਾਰੇ ਲੋਕਾਂ ਨੂੰ ਵਧਾਈ ਦਿੰਦਾ ਹਾਂ ਅਤੇ ਭਵਿੱਖ ਵਿੱਚ ਇਨ੍ਹਾਂ ਲੋਕਾਂ ਲਈ ਅਰਦਾਸ ਕਰਦੇ ਹਾਂ ਕਿ ਭਵਿੱਖ ਅੰਦਰ ਇਨ੍ਹਾਂ ਵੱਲੋਂ ਬੀਜੀਆਂ ਜਾਣ ਵਾਲੀਆਂ ਫਸਲਾਂ ਚੰਗੀਆਂ ਹੋਣ।

## ਗੱਦੀ ਨਾਲੇ 'ਤੇ ਬਣੇ ਪੁਲ ਦੀ ਰੇਲਿੰਗ ਟੁੱਟੀ; ਕਿਸੇ ਵੇਲੇ ਵੀ ਵਾਪਰ ਸਕਦੈ ਭਿਆਨਕ ਹਾਦਸਾ

**ਗੁਰਦਾਸਪੁਰ, (ਜਨਕ ਮਹਾਜਨ)**



ਗੁਰਦਾਸਪੁਰ-ਮੁਕੇਰੀਆਂ ਸੜਕ ਵਿਚਕਾਰ ਕਸਬਾ ਪੁਰਾਣਾ ਸ਼ਾਲਾ ਤੋਂ ਥੋੜੀ ਅੱਗੇ ਸੜਕ ਵਿਚਕਾਰੋਂ ਲੰਘਦੇ ਗੱਦੀ ਨਾਲੇ ਦੀ ਰੇਲਿੰਗ ਟੁੱਟਣ ਕਾਰਨ ਹਰ ਵੇਲੇ ਹਾਦਸੇ ਹੋਣ ਦਾ ਡਰ ਬਣਿਆ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਇਲਾਕਾ ਵਾਸੀਆਂ ਨੇ ਦੱਸਿਆ ਕਿ ਇਹ ਗੱਦੀ ਨਾਲ ਕਾਫੀ ਡੂੰਘਾ ਅਤੇ ਚੌੜਾ ਹੈ ਅਤੇ ਇਸ ਵਿੱਚ ਲੰਬੀ-ਲੰਬੀ ਘਾਹ ਬੂਟੀ ਉਗੀ ਪਈ ਹੈ ਜਿਸ ਨਾਲ ਡਰੇਨੇਜ ਵਿਭਾਗ ਕੋਈ ਧਿਆਨ ਨਹੀਂ ਦੇ ਰਿਹਾ। ਕਈ ਵਾਰ ਬੱਸਾਂ, ਟਰੱਕਾਂ ਆਦਿ ਇਸ ਰੇਲਿੰਗ ਨਾਲ ਟਕਰਾਉਣ ਨਾਲ ਹਾਦਸਾ ਗ੍ਰਸਤ ਹੋ ਚੁੱਕੇ ਹਨ ਅਤੇ ਕਈ ਵਾਰ ਨਾਲੇ ਵਿਚ ਡਿੱਗ ਕੇ ਮਾਲੀ ਨੁਕਸਾਨ ਕਰਵਾ ਚੁੱਕੇ ਹਨ। ਲੋਕਾਂ ਦਾ ਕਹਿਣਾ ਹੈ ਕਿ ਇਸ ਨਾਲੇ ਦੀ ਰੇਲਿੰਗ ਆਏ ਦਿਨ ਟੁੱਟ ਭੱਜ ਜਾਂਦੀ ਹੈ ਕਿਉਂ ਜੋ ਸੇਮ ਨਾਲੇ 'ਤੇ ਬਣੇ ਪੁਲ ਦੀ ਚੌੜਾਈ ਘੱਟ ਹੋਣ ਕਾਰਨ ਆਹਮਣੇ-ਸਾਹਮਣੇ ਤੋਂ ਵੱਡੇ ਵਾਹਨਾਂ ਨੂੰ ਲੰਘਣ ਵੇਲੇ ਕਾਫੀ ਮੁਸ਼ਕਿਲ ਪੇਸ਼ ਆਉਂਦੀ ਹੈ ਅਤੇ ਕਈ ਵਾਰ ਤੇਜ਼ ਰਫਤਾਰ ਅਤੇ ਰਾਤ ਤੇ ਹਨੇਰੇ ਵਿੱਚ ਵਾਹਨ ਰੇਲਿੰਗ ਨਾਲ ਟਕਰਾ ਕੇ ਇਸ ਨੂੰ ਤੋੜ ਕੇ ਖੁਦ ਵਾਹਨ ਦਾ ਨੁਕਸਾਨ ਵੀ ਕਰਵਾ ਲੈਂਦੇ ਹਨ। ਲੋਕਾਂ ਦੀ ਪੰਜਾਬ ਸਰਕਾਰ ਅਤੇ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਮੰਗ ਹੈ ਕਿ ਇਸ ਨਾਲੇ 'ਤੇ ਬਣੀ ਰੇਲਿੰਗ ਦੀ ਜਲਦੀ ਤੋਂ ਜਲਦੀ ਮੁਰੰਮਤ ਕਰਵਾਈ ਜਾਵੇ। ਇਸੇ ਸੜਕ ਰਾਹੀਂ ਜੰਮੂ, ਸ੍ਰੀ ਨਗਰ, ਊਧਮਪੁਰ ਤੋਂ ਇਲਾਵਾ ਹੁਸ਼ਿਆਰਪੁਰ, ਚੰਡੀਗੜ੍ਹ, ਅੰਬਾਲਾ, ਦਿੱਲੀ ਆਦਿ ਸ਼ਹਿਰਾਂ ਨੂੰ ਵਾਹਨ ਆਉਂਦੇ-ਜਾਂਦੇ ਹਨ ਜਿਸ ਕਾਰਨ ਇਹ ਸੜਕ ਕਾਫੀ ਮਹੱਤਵ ਰੱਖਦੀ ਹੈ। ਇਸ ਸਬੰਧੀ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਦੇ ਐੱਸਡੀਓ ਲਵਜੀਤ ਸਿੰਘ ਨਾਲ ਗੱਲਬਾਤ ਕਰਨੀ ਚਾਹੀ ਤਾਂ ਉਨ੍ਹਾਂ ਨੇ ਫ਼ੋਨ ਨਹੀਂ ਚੁੱਕਿਆ।

## ਸ਼ੈਰੀ ਕਲਸੀ ਵੱਲੋਂ ਸੰਗਤ ਨੂੰ ਲਾਈਟ ਐਂਡ ਸਾਊਂਡ ਸ਼ੋਅ 'ਚ ਵੱਧ ਤੋਂ ਵੱਧ ਸ਼ਿਰਕਤ ਕਰਨ ਦਾ ਸੱਦਾ

**ਬਟਾਲਾ, (ਡਾ. ਮਲਵਿੰਦਰ ਸਿੰਘ)**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ 8 ਨਵੰਬਰ ਦੀ ਸ਼ਾਮ ਨੂੰ ਬਟਾਲਾ ਦੀ ਆਈਟੀਆਈ ਗਰਾਊਂਡ ਵਿਖੇ ਕਰਵਾਏ ਜਾ ਰਹੇ ਲਾਈਟ ਐਂਡ ਸਾਊਂਡ ਸ਼ੋਅ ਰਾਹੀਂ ਸੰਗਤ ਨੂੰ ਨੌਵੇਂ ਪਾਤਸ਼ਾਹ ਤੇ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ ਸ਼ਹਾਦਤ ਦੇ ਮਹਾਨ ਇਤਿਹਾਸ ਤੋਂ ਜਾਣੂ ਕਰਵਾਇਆ ਜਾਵੇਗਾ।ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਦੱਸਿਆ ਕਿ ਇਹ ਇਤਿਹਾਸਕ ਲਾਈਟ ਐਂਡ ਸਾਊਂਡ ਸ਼ੋਅ ਨੂੰ ਆਪਣੇ ਪਰਿਵਾਰਾਂ ਸਮੇਤ ਜ਼ਰੂਰ ਦੇਖਣ ਅਤੇ ਗੁਰੂ ਸਾਹਿਬ ਦੀ ਲਾਸਾਨੀ ਕੁਰਬਾਨੀ ਤੋਂ ਜਾਣੂ ਹੋਣ ਦੀ ਅਪੀਲ ਕੀਤੀ ਹੈ।ਉਨ੍ਹਾਂ ਨੇ ਸਮੂਹ ਸੰਗਤ ਨੂੰ ਗੁਰੂ ਸਾਹਿਬ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਸ਼ਾਨਦਾਰ ਲਾਈਟ ਐਂਡ ਸਾਊਂਡ ਸ਼ੋਅ ਵਿਚ ਵੱਧ-ਚੜ੍ਹ ਕੇ ਸ਼ਿਰਕਤ ਕਰਨ ਦਾ ਸੱਦਾ ਦਿੰਦਿਆਂ ਦੱਸਿਆ ਕਿ ਲਾਈਟ ਐਂਡ ਸਾਊਂਡ ਸ਼ੋਅ ਦੌਰਾਨ ਡਿਜੀਟਲ ਤਰੀਕੇ ਨਾਲ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ, ਵਿਰਾਸਤ, ਸਿੱਖਿਆਵਾਂ ਅਤੇ ਮਹਾਨ ਬਲੀਦਾਨ ਬਾਰੇ ਚਾਨਣਾ ਪਾਇਆ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਸ਼ਾਨਦਾਰ ਪੇਸ਼ਕਾਰੀ ਨਾਲ ਸੰਗਤਾਂ ਨੂੰ ਅਨੋਖਾ ਅਨੁਭਵ ਹੋਵੇਗਾ, ਜੋ ਗੁਰੂ ਸਾਹਿਬ ਦੇ ਸ਼ਾਂਤੀ, ਸਹਿਣਸ਼ੀਲਤਾ ਅਤੇ ਵਿਸ਼ਵਵਿਆਪੀ ਭਾਈਚਾਰੇ ਨੂੰ ਮਜ਼ਬੂਤ ਕਰਨ ਦੇ ਫਲਸਫ਼ੇ ਨੂੰ ਸੁੰਦਰਤਾ ਨਾਲ ਦਰਸਾਉਂਦੀ ਹੈ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਇਹ ਸ਼ੋਅ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਮਾਨਵਤਾ ਅਤੇ ਦਇਆ ਦੇ ਸੰਦੇਸ਼ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ।

## ਤਿੱਬੜੀ ਚੌਂਕ 'ਚ ਬਣੇ ਬੇਤਰਤੀਬੇ ਸਪੀਡ ਬਰੇਕਰ ਦੇ ਰਹੇ ਨੇ ਹਾਦਸਿਆਂ ਨੂੰ ਸੱਦਾ

**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ ਸ਼ਹਿਰ ਅੰਦਰ ਟਰੈਫਿਕ ਦੀ ਸਮੱਸਿਆ ਨੂੰ ਹੱਲ ਕਰਨ ਦੀ ਬਜਾਏ ਤਿੱਬੜੀ ਚੌਂਕ ਵਿਚ ਬੇਤਰਤੀਬੇ ਬਣਾਏ ਗਏ ਸਪੀਡ ਬਰੇਕਰ ਉਲਟਾ ਹਾਦਸਿਆਂ ਨੂੰ ਸੱਦਾ ਦੇ ਰਹੇ ਹਨ। ਇਨ੍ਹਾਂ ਸਪੀਡ ਬਰੇਕਰਾਂ ਦੀ ਉਚਾਈ ਜ਼ਿਆਦਾ ਹੋਣ ਕਾਰਨ ਦੋ ਪਹੀਆ



ਵਾਹਨ ਚਲਾ ਰਹੇ ਬਜ਼ੁਰਗਾਂ ਦਾ ਇਥੋਂ ਲੰਘਣਾ ਕਾਫ਼ੀ ਔਖਾ ਹੋਇਆ ਪਿਆ ਹੈ। ਜ਼ਿਕਰਯੋਗ ਹੈ ਕਿ ਤਿੱਬੜੀ ਰੋਡ 'ਤੇ ਰੇਲਵੇ ਲਾਈਨ ਹੇਠ ਅੰਡਰ ਬ੍ਰਿਜ ਬਣਾਇਆ ਗਿਆ ਜਿਸ 'ਤੇ ਦੋ ਸਾਲ ਦੇ ਕਰੀਬ ਸਮਾਂ ਅਤੇ ਲਗਭਗ 14 ਕਰੋੜ ਰੁਪਏ ਖਰਚ ਆਏ ਸਨ ਜਿਸ ਨਾਲ ਰੇਲਵੇ ਫਾਟਕ 'ਤੇ ਬੰਦ ਰਹਿਣ ਕਾਰਨ ਜਿੱਥੇ ਲੋਕਾਂ ਨੂੰ ਕਾਫੀ ਮੁਸ਼ਕਿਲ ਪੇਸ਼ ਆਉਂਦੀ ਸੀ ਉੱਥੇ ਨਵੇਂ ਬਣੇ ਬੱਸ ਸਟੈਂਡ 'ਤੇ ਆਉਣ ਜਾਣ ਵਾਲੇ ਲੋਕਾਂ ਨੂੰ ਵੀ ਕਾਫੀ ਰਾਹਤ ਮਿਲੀ ਹੈ। ਹੁਣ ਸੰਬੰਧਿਤ ਵਿਭਾਗ ਵਲੋਂ ਅੰਡਰ ਬ੍ਰਿਜ ਤਿੱਬੜੀ ਰੋਡ ਨੂੰ ਜਾਂਦੇ ਅਤੇ ਆਉਣ ਸਮੇਂ ਰਸਤੇ ਵਿਚ ਘਰ ਬੇਹਤਰਤੀਬੇ ਸਪੀਡ ਬਰੇਕਰ ਬਣਾ ਦਿੱਤੇ ਗਏ ਹਨ ਜਿਨ੍ਹਾਂ ਤੋਂ ਲੰਘਣਾ ਵਾਹਨ ਚਾਲਕਾਂ ਦਾ ਬੇਹਦ ਔਖਾ ਹੋਇਆ ਪਿਆ ਹੈ। ਇਹ ਸਪੀਡ ਬਰੇਕਰ ਕਾਫੀ ਉੱਚੇ ਬਣਾ ਦਿੱਤੇ ਗਏ ਹਨ ਜਿਸ ਨਾਲ ਦੋ ਪਹੀਆ ਵਾਹਨ ਚਾਲਕ ਬੜੀ ਮੁਸ਼ਕਲ ਨਾਲ ਇਥੋਂ ਗੁਜ਼ਰਦੇ ਹਨ ਅਤੇ ਉਨ੍ਹਾਂ ਦੇ ਡਿਗਣ ਦਾ ਖਤਰਾ ਬਣਿਆ ਰਹਿੰਦਾ ਹੈ। ਇਸ ਤੋਂ ਇਲਾਵਾ ਕਈ ਓਵਰਲੋਡ ਚਾਰ ਪਹੀਆ ਚਾਲਕਾਂ ਅਤੇ ਰਿਕਸ਼ੇ 'ਤੇ ਬੈਠੀਆਂ ਸਵਾਰੀਆਂ ਨੂੰ ਇਥੋਂ ਲੰਘਣ ਸਮੇਂ ਕਾਫੀ ਮੁਸ਼ਕਿਲ ਪੇਸ਼ ਆਉਂਦੀ ਹੈ। ਲੋਕਾਂ ਦਾ ਕਹਿਣਾ ਹੈ ਕਿ ਵਿਭਾਗ ਵਲੋਂ ਇਨ੍ਹਾਂ ਸਪੀਡ ਬਰੇਕਰਾਂ ਨੂੰ ਸਹੀ ਤਰੀਕੇ ਨਾਲ ਬਣਾਇਆ ਜਾਵੇ ਤਾਂ ਜੋ ਕੋਈ ਵੀ ਹਾਦਸਾ ਨਾ ਵਾਪਰ ਸਕੇ।

## ਅਨੁਜ ਖੇਮਕਾ ਨੂੰ ਕੀਤਾ ਸਨਮਾਨਿਤ

**ਛੇਹਰਟਾ, (ਮਨੋਜ ਕੁਮਾਰ)**-ਮਾਂ ਚਿੰਤਪੁਰਨੀ ਸੇਵਕ ਸਭਾ ਵੱਲੋਂ ਮਾਂ ਚਿੰਤਪੁਰਨੀ ਮੰਦਰ, ਨਮਕ ਮੰਡੀ ਵਿਖੇ ਮਾਤਾ ਦਾ ਕੀਰਤਨ ਕੀਤਾ ਗਿਆ। ਪ੍ਰਸਿੱਧ ਭਜਨ ਗਾਇਕ ਨਵਲ ਵਰਮਾ ਨੇ ਮਾਂ ਦਾ ਗੁਣਗਾਨ ਕੀਤਾ। ਕੀਰਤਨ ਵਿਚ ਵੱਡੀ ਗਿਣਤੀ ਵਿਚ ਸੰਗਤਾਂ ਨੇ ਪਹੁੰਚ ਕੇ ਮਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ



ਤੇ ਭੰਡਾਰਾ ਵੀ ਲਗਾਇਆ ਗਿਆ। ਇਸ ਮੌਕੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ ਨੂੰ ਚੁਨਰੀ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮਾਜ ਸੇਵਕ ਅਸ਼ੀਸ਼ ਖੇਮਕਾ, ਅਸ਼ਵਨੀ ਜੋਸ਼ੀ, ਰਾਜਿੰਦਰ ਅਰੋੜਾ, ਮੁਕੇਸ਼ ਕੁਮਾਰ, ਸਿਧਾਂਤ ਅਗਰਵਾਲ, ਕਪੀਸ਼ ਖੇਮਕਾ ਵੱਲੋਂ ਪ੍ਰਸਿੱਧ ਗਾਇਕ ਨਵਲ ਵਰਮਾ ਨੂੰ ਚਿੰਤਪੁਰਨੀ ਮੰਦਰ ਵਿਖੇ ਸਨਮਾਨਿਤ ਕੀਤਾ ਗਿਆ।

## ਰੇਸ਼ਮ ਸਿੰਘ ਝਬਾਲ ਨੂੰ ਇੰਸਪੈਕਟਰ ਬਣਨ 'ਤੇ ਐੱਸਪੀ ਭੁੱਲਰ ਨੇ ਲਗਾਏ ਸਟਾਰ

**ਝਬਾਲ, (ਹਰਜਿੰਦਰ ਸਿੰਘ ਸੋਨੀ)**-ਪੁਲਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਵੱਲੋਂ ਸਬ ਇੰਸਪੈਕਟਰ ਰੇਸ਼ਮ ਸਿੰਘ ਢਿੱਲੋਂ ਝਬਾਲ ਨੂੰ ਪਦਉਨਤ ਹੋਣ 'ਤੇ ਇੰਸਪੈਕਟਰ ਬਣਨ ਮੌਕੇ ਸਟਾਰ ਲਗਾਉਂਦਿਆਂ ਵਧਾਈ ਦਿੱਤੀ ਅਤੇ ਅੱਗੋਂ ਹੋਰ ਵੀ ਤਨਦੇਹੀ ਨਾਲ ਪੁਲਸ ਵਿਭਾਗ ਵਿੱਚ ਡਿਊਟੀ ਨਿਭਾਉਣ ਲਈ ਕਿਹਾ।ਜ਼ਿਕਰਯੋਗ ਹੈ ਕਿ ਬੇਹੱਦ ਕਾਬਲ ਤੇ ਇਮਾਨਦਾਰੀ ਨਾਲ ਵੱਖ-ਵੱਖ ਥਾਣਿਆਂ ਵਿੱਚ ਡਿਊਟੀ ਨਿਭਾਉਣ ਵਾਲੇ ਇੰਸਪੈਕਟਰ ਰੇਸ਼ਮ ਸਿੰਘ ਕਾਫੀ ਸਮੇਂ ਤੋਂ ਪੁਲਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਦੇ ਬਤੌਰ ਰੀਡਰ ਵਜੋਂ ਸੇਵਾਵਾਂ ਨਿਭਾ ਰਹੇ ਸਨ।ਇਸ ਮੌਕੇ ਇੰਸਪੈਕਟਰ ਰੇਸ਼ਮ ਸਿੰਘ ਨੇ ਪੁਲਸ ਵਿਭਾਗ ਦੇ ਉਚ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਪਹਿਲਾਂ ਨਾਲੋਂ ਵੀ ਵੱਧ ਤਨਦੇਹੀ ਨਾਲ ਆਪਣੀ ਡਿਊਟੀ ਨਿਭਾਉਣਗੇ।



## ਪੰਜਾਬ 'ਚ ਅਮਨ-ਕਾਨੂੰਨ ਦੀ ਬਹਾਲੀ ਤੇ ਵਿਕਾਸ ਲਈ ਕਾਂਗਰਸ ਦੀ ਸਰਕਾਰ ਬਣਨਾ ਤਹਿ : ਸਰਕਾਰੀਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਪੰਜਾਬ ਦਾ ਹਰੇਕ ਵਰਗ ਪੰਜਾਬ ਸਰਕਾਰ ਤੋਂ ਪੂਰੀ ਤਰ੍ਹਾਂ ਤੰਗ ਆ ਚੁੱਕਾ ਹੈ।ਪੰਜਾਬ ਦੀ ਜਨਤਾ ਨੂੰ ਝੂਠੇ ਸਬਜ਼ਬਾਗ ਵਿਖਾ ਕੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਬੀਤੇ ਕਾਰਜਕਾਲ ਦੌਰਾਨ ਆਪਣਾ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ।ਪੰਜਾਬ ਵਿੱਚ ਅਮਨ ਕਾਨੂੰਨ ਪੂਰੀ ਤਰ੍ਹਾਂ ਖ਼ਤਮ ਹੋ ਚੁੱਕਿਆ ਹੈ।ਕੋਈ ਵੀ ਆਪਣੇ ਆਪ ਨੂੰ ਸੁਰੱਖਿਅਤ ਨਹੀਂ ਸਮਝਦਾ।ਪੰਜਾਬ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਹਲਕਾ ਤਰਨਤਾਰਨ ਵਿੱਚ ਕੋਈ ਵਿਕਾਸ ਨਹੀਂ ਕਰਵਾਇਆ ਜਦੋਂ ਕਿ ਵਿਧਾਇਕ ਵੀ ਇਨ੍ਹਾਂ ਦਾ ਹੀ ਸੀ।ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਹਲਕਾ ਤਰਨਤਾਰਨ ਜ਼ਿਮਨੀ ਚੋਣ ਦੇ ਇੰਚਾਰਜ ਸੁੱਖਬਿੰਦਰ ਸਿੰਘ ਸਰਕਾਰੀਆ ਨੇ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੇ ਹੱਕ ਵਿੱਚ ਖੈਰਦੀਨਕੇ, ਝਬਾਲ, ਗੰਡੀਵਿੰਡ, ਬੁਰਜ, ਝਬਾਲ, ਢੰਡ ਆਦਿ ਪਿੰਡਾਂ ਵਿੱਚ ਚੋਣ ਮੀਟਿੰਗਾਂ ਨੂੰ ਸੰਬੋਧਨ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਹਲਕਾ ਤਰਨਤਾਰਨ ਦੀ ਸੂਝਵਾਨ ਜਨਤਾ ਨੂੰ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਬੁਰਜ ਨੂੰ ਵੋਟਾਂ ਪਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਦੀ ਜਿੱਤ ਪੰਜਾਬੀਆਂ ਦੀ ਜਿੱਤ ਹੋਵੇਗੀ। ਇਸ ਮੌਕੇ ਉਨ੍ਹਾਂ ਨਾਲ ਦਿਲਰਾਜ ਸਿੰਘ ਸਰਕਾਰੀਆ, ਹਰਪ੍ਰਤਾਪ ਸਿੰਘ ਅਜਨਾਲਾ ਪ੍ਰਧਾਨ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ, ਰਮਨ ਬਖਸ਼ੀ,ਸ੍ਰ ਤਰਸੇਮ ਸਿੰਘ ਡੀ ਸੀ ਸਾਬਕਾ ਵਿਧਾਇਕ ਅਟਾਰੀ, ਅਮਨਦੀਪ ਸਿੰਘ ਕੱਕੜ ਮੀਡੀਆ ਸਲਾਹਕਾਰ, ਐਡਵੋਕੇਟ ਮਨਦੀਪ ਸਿੰਘ ਮੁਹਾਰ, ਕੁਲਦੀਪ ਸਿੰਘ ਛੀਨਾ ਜਨਰਲ ਸਕੱਤਰ ਪੰਜਾਬ, ਦਿਲਸ਼ੇਰ ਸਿੰਘ ਅਟਾਰੀ, ਲਖਵਿੰਦਰ ਸਿੰਘ ਝੰਜੋਟੀ, ਜਸਕਰਨ ਸਿੰਘ ਕੋਹਰੀ, ਬਬਲੂ ਰਾਜਾਸਾਂਸੀ ਆਦਿ ਹਾਜ਼ਰ ਸਨ।

## ਟੀ. ਸੀ. ਇੰਟਰਨੈਸ਼ਨਲ ਸਕੂਲ ਵਿਖੇ ਗੁਰਪੁਰਬ ਮਨਾਇਆ

**ਗੁਰਦਾਸਪੁਰ (ਦਿਨੇਸ਼ ਕੁਮਾਰ)**-ਟੀ. ਸੀ. ਇੰਟਰਨੈਸ਼ਨਲ ਸਕੂਲ ਨੇ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਜਨਮ ਦਿਹਾੜੇ ਨੂੰ ਮਨਾਉਣ ਲਈ ਗੁਰਪੁਰਬ ਮਨਾਇਆ।ਇਸ ਮੌਕੇ 8ਵੀਂ ਤੋਂ 10ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਗੁਰਦੁਆਰਾ ਸਾਹਿਬ ਲਿਜਾਇਆ ਗਿਆ, ਜਿੱਥੇ ਉਨ੍ਹਾਂ ਨੇ ਮੱਥਾ ਟੇਕਿਆ ਅਤੇ ਅਰਦਾਸ ਕੀਤੀ।ਸਕੂਲ ਵੱਲੋਂ ਪ੍ਰੀ-ਨਰਸਰੀ ਤੋਂ ਲੈ ਕੇ 7ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਗੁਰੂ ਨਾਨਕ ਦੇਵ ਜੀ ਦੇ ਜੀਵਨ ਅਤੇ ਸਿੱਖਿਆਵਾਂ ਬਾਰੇ ਚਰਚਾ ਕੀਤੀ ਗਈ।ਇਸ ਤੋਂ ਇਲਾਵਾ ਸਕੂਲ ਕੈਂਪਸ ਵਿੱਚ ਜਪੁਜੀ ਸਾਹਿਬ ਦਾ ਪਾਠ ਵੀ ਕਰਵਾਇਆ ਗਿਆ।ਇਸ ਮੌਕੇ ਚੇਅਰਮੈਨ ਰਵਿੰਦਰ ਸ਼ਰਮਾ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਨੇ ਸਾਨੂੰ ਜੀਵਨ ਜਿਊਣ ਦਾ ਸਹੀ ਰਸਤਾ ਦਿਖਾਇਆ।ਸਾਨੂੰ ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਚੱਲਣਾ ਚਾਹੀਦਾ ਹੈ ਅਤੇ ਸੱਚ, ਨਿਆਂ ਅਤੇ ਦਿਆ ਦੇ ਮਾਰਗ 'ਤੇ ਚੱਲਣਾ ਚਾਹੀਦਾ ਹੈ।ਉਨ੍ਹਾਂ ਅੱਗੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਦਾ ਜੀਵਨ ਸਾਨੂੰ ਸੱਚ, ਇਮਾਨਦਾਰੀ ਅਤੇ ਸੇਵਾ ਦੇ ਮੁੱਲਾਂ ਨੂੰ ਅਪਣਾਉਣ ਦੀ ਸਿੱਖਿਆ ਦਿੰਦਾ ਹੈ।ਇਸ ਮੌਕੇ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਚੱਲਣ ਦਾ ਪ੍ਰਣ ਲਿਆ।



## ਪ੍ਰਤਿਭਾਸ਼ਾਲੀ ਪ੍ਰਤਿਭਾ ਦਾ ਵਿਸ਼ੇਸ਼ ਸਨਮਾਨ



**ਪਠਾਨਕੋਟ (ਦਵਿੰਦਰ ਸਿੰਘ)**

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਲਿਕਪੁਰ ਵਿੱਚ ਪ੍ਰਿੰਸੀਪਲ ਜੋਤੀ ਪਰਾਸ਼ਰ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ।ਇਸ ਸਮਾਰੋਹ ਵਿੱਚ ਸਕੂਲ ਦੀ ਦਸਵੀਂ ਜਮਾਤ ਦੀ ਹੋਣਹਾਰ ਤੇ ਪ੍ਰਤਿਭਾਸ਼ਾਲੀ ਵਿਦਿਆਰਥਣ ਪ੍ਰਤਿਭਾ ਨੂੰ ਟੈਬ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਸਬੰਧ ਵਿੱਚ ਜਾਣਕਾਰੀ ਦਿੰਦਿਆਂ ਪ੍ਰਤਿਭਾ ਦੇ ਗਾਈਡ ਅਧਿਆਪਕ ਰਾਜੀਵ ਸਿੰਘ ਸਲਾਰੀਆ ਨੇ ਦੱਸਿਆ ਕਿ ਇਹ ਟੈਬ ਪ੍ਰਤਿਭਾ ਦੀ ਪੜ੍ਹਾਈ ਪ੍ਰਤੀ ਲਗਨ ਅਤੇ ਸਮਰਪਣ ਨੂੰ ਵੇਖਦਿਆਂ, ਸਕੂਲ ਦੇ ਹੀ ਇੱਕ ਸਾਬਕਾ ਵਿਦਿਆਰਥੀ ਵੱਲੋਂ ਉਸ ਨੂੰ ਦਿੱਤਾ ਗਿਆ ਹੈ ਤਾਂ ਜੋ ਉਹ ਭਵਿੱਖ ਦੀਆਂ ਪ੍ਰਤੀਯੋਗੀ ਅਤੇ ਹੋਰ ਪ੍ਰੀਖਿਆਵਾਂ ਦੀ ਤਿਆਰੀ ਬਿਹਤਰ ਢੰਗ ਨਾਲ ਕਰ ਸਕੇ।ਰਾਜੀਵ ਸਿੰਘ ਸਲਾਰੀਆ ਨੇ ਦੱਸਿਆ ਕਿ ਪ੍ਰਤਿਭਾ ਸ਼ੁਰੂ ਤੋਂ ਹੀ ਬਹੁਤ ਹੋਣਹਾਰ ਵਿਦਿਆਰਥਣ ਰਹੀ ਹੈ।ਉਸ ਨੇ ਐੱਨਐੱਮਐੱਮਐੱਸ ਦੀ ਪ੍ਰੀਖਿਆ ਵਿੱਚ ਪਠਾਨਕੋਟ ਜ਼ਿਲ੍ਹੇ 'ਚੋਂ ਪਹਿਲਾ ਸਥਾਨ ਹਾਸਲ ਕੀਤਾ ਸੀ।ਪ੍ਰਤਿਭਾ ਦਾ ਸੁਪਨਾ ਆਈਏਐੱਸ ਅਧਿਕਾਰੀ ਬਣ ਕੇ ਦੇਸ਼ ਦੀ ਸੇਵਾ ਕਰਨ ਦਾ ਹੈ।ਪ੍ਰਿੰ. ਜੋਤੀ ਪਰਾਸ਼ਰ ਅਤੇ ਅਧਿਆਪਕ ਰਾਜੀਵ ਸਿੰਘ ਸਲਾਰੀਆ ਨੇ ਪ੍ਰਤਿਭਾ ਦੇ ਉੱਜਲ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ।

## 'ਕਰੀਅਰ ਗਾਈਡੈਂਸ ਥਰੂ ਫਾਈਨੈਂਸ਼ੀਅਲ ਲਿਟਰੇਸੀ' ਵਿਸ਼ੇ 'ਤੇ ਵੈਬੀਨਾਰ ਕਰਵਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਖ਼ਾਲਸਾ ਕਾਲਜ ਆਫ਼ ਲਾਅ ਵਿਖੇ 'ਕਰੀਅਰ ਗਾਈਡੈਂਸ ਥਰੂ ਫਾਈਨੈਂਸ਼ੀਅਲ ਲਿਟਰੇਸੀ' ਵਿਸ਼ੇ 'ਤੇ ਵੈਬੀਨਾਰ ਕਰਵਾਇਆ ਗਿਆ।ਕਾਲਜ ਡਾਇਰੈਕਟਰ-ਕਮ-ਪ੍ਰਿੰਸੀਪਲ, ਪ੍ਰੋ. (ਡਾ.) ਜਸਪਾਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸੰਸਥਾ ਦੇ ਵਿੱਤੀ ਸਾਖਰਤਾ ਸੈੱਲ ਵੱਲੋਂ ਕਰਵਾਏ ਗਏ ਉਕਤ ਵੈਬੀਨਾਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪੈਸੇ ਸਬੰਧੀ ਉਚਿੱਤ ਫੈਸਲੇ ਲੈਣ ਅਤੇ ਉਨ੍ਹਾਂ ਦੀ ਵਿੱਤੀ ਯੋਜਨਾਬੰਦੀ ਦੇ ਪ੍ਰਬੰਧਨ 'ਚ ਮਾਰਗਦਰਸ਼ਨ ਕਰਨਾ ਸੀ।ਇਸ ਸਬੰਧੀ ਡਾ. ਜਸਪਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵੈਬੀਨਾਰ ਦੀ ਟਰੇਨਰ ਸ੍ਰੀਮਤੀ ਪੂਜਾ ਰਿਸ਼ੀ ਸੀ, ਜੋ ਕਿ ਸੇਬੀ-ਪ੍ਰਬੰਧਿਤ ਪ੍ਰਤੀਭੂਤੀਆਂ ਮਾਰਕਿਟ ਟਰੇਨਰ (ਨੈਸ਼ਨਲ ਸਟਾਕ ਐਕਸਚੇਂਜ ਆਫ਼ ਇੰਡੀਆ- ਟਰੇਨਰ) ਸੀ, ਨੂੰ ਸੇਬੀ ਤੋਂ ਇਜਾਜ਼ਤ ਲੈਣ ਤੋਂ ਬਾਅਦ ਭਾਰਤ 'ਚ ਸਥਿਤ ਇਕ ਪ੍ਰਮੁੱਖ ਸਿਖਲਾਈ ਅਤੇ ਵਿਕਾਸ ਫਰਮ 'ਐਕਸੀਲੈਂਸ ਗਲੋਬਲ ਸਕਿੱਲਜ਼' ਦੁਆਰਾ ਲਾਈਨ 'ਚ ਰੱਖਿਆ ਗਿਆ।ਉਨ੍ਹਾਂ ਕਿਹਾ ਕਿ ਕੁਲ 125 ਭਾਗੀਦਾਰਾਂ ਨੇ ਵੈਬੀਨਾਰ ਲਈ ਖ਼ੁਦ ਨੂੰ ਰਜਿਸਟਰ ਕਰਵਾਇਆ, ਜਿਸਦੀ ਮਿਆਦ 1 ਘੰਟਾ 15 ਮਿੰਟ ਸੀ।ਇਸ ਦੌਰਾਨ ਡਾ. ਜਸਪਾਲ ਸਿੰਘ ਨੇ ਕਿਹਾ ਕਿ ਸਿਖਲਾਈ ਸੈਸ਼ਨ ਵਿੱਤੀ ਸਾਖਰਤਾ ਦੀ ਮਹੱਤਤਾ 'ਤੇ ਕੇਂਦ੍ਰਿਤ ਸੀ, ਜਿਸ ਦੌਰਾਨ ਬੱਚਤ, ਨਿਵੇਸ਼, ਵਿਆਜ ਦਰਾਂ ਦਾ ਮਿਸ਼ਰਿਤਕਰਨ, ਪੈਸੇ ਦਾ ਸਮਾਂ ਮੁੱਲ (ਮਹਿੰਗਾਈ), ਜੋਖਮ-ਇਨਾਮ ਮੈਟ੍ਰਿਕਸ, ਨਿਵੇਸ਼ ਵਿਕਲਪ, ਵਿੱਤੀ ਧੋਖਾਧੜੀ ਦੀਆਂ ਕਿਸਮਾਂ, ਵਿੱਤ ਦੇ ਸਰੋਤ ਅਤੇ ਖਾਸ ਤੌਰ 'ਤੇ ਇਕੁਇਟੀ ਸਟਾਕਾਂ 'ਚ ਨਿਵੇਸ਼ ਦੀ ਭੂਮਿਕਾ ਨੂੰ ਉਜਾਗਰ ਕੀਤਾ ਗਿਆ। ਵੈਬੀਨਾਰ ਦੌਰਾਨ ਕਾਰਜਕਾਰੀ ਪ੍ਰਿੰਸੀਪਲ ਡਾ. ਗੁਨੀਸ਼ਾ ਸਲੂਜਾ, ਕੋ-ਆਰਡੀਨੇਟਰ ਡਾ. ਸ਼ਿਵਨ ਸਰਪਾਲ, ਪ੍ਰੋ. ਸੁਗਮ, ਪ੍ਰੋ. ਹੇਮਾ ਸਿੰਘ ਆਦਿ ਮੌਜੂਦ ਸਨ।

## ਲੋਕ ਭਲਾਈ ਪਾਰਟੀ ਮਾਝਾ ਜ਼ੋਨ ਦੇ ਇੰਚਾਰਜ ਅਮਰੀਕ ਵਰਪਾਲ ਸਾਥੀਆਂ ਸਮੇਤ ਕਾਂਗਰਸ 'ਚ ਸ਼ਾਮਲ



**ਝਬਾਲ, (ਹਰਜਿੰਦਰ ਸਿੰਘ ਸੋਨੀ)**

ਲੋਕ ਭਲਾਈ ਪਾਰਟੀ ਦੇ ਮਾਝਾ ਜ਼ੋਨ ਦੇ ਇੰਚਾਰਜ ਅਮਰੀਕ ਸਿੰਘ ਵਰਪਾਲ ਆਪਣੇ ਅਨੇਕਾਂ ਸਾਥੀਆਂ ਸਮੇਤ ਕਾਂਗਰਸ ਪਾਰਟੀ ਵਿੱਚ ਸ਼ਾਮਿਲ ਹੋ ਗਏ ਜਿਨ੍ਹਾਂ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਸਾਬਕਾ ਵਿਧਾਇਕ ਸਿਮਰਨਜੀਤ ਸਿੰਘ ਬੈਂਸ, ਕੁਲਬੀਰ ਸਿੰਘ ਜ਼ੀਰਾ, ਇੰਦਰਬੀਰ ਸਿੰਘ ਬੁਲਾਰੀਆ, ਜ਼ਿਲਾ ਪ੍ਰਧਾਨ ਹਰਮਿੰਦਰ ਸਿੰਘ ਗਿੱਲ, ਦਵਿੰਦਰ ਸਿੰਘ ਸੰਧੂ ਲਾਲੀ ਢਾਲਾ, ਰਾਜਬੀਰ ਸਿੰਘ ਭੁੱਲਰ, ਚੇਅਰਮੈਨ ਰਮਨ ਕੁਮਾਰ ਝਬਾਲ ਆਦਿ ਕਾਂਗਰਸੀ ਆਗੂਆਂ ਵੱਲੋਂ ਅਮਰੀਕ ਸਿੰਘ ਵਰਪਾਲ, ਰੇਸ਼ਮ ਸਿੰਘ ਛੀਨਾ, ਸਾਬਕਾ ਇੰਸਪੈਕਟਰ ਨਰਿੰਦਰ ਸਿੰਘ, ਗੁਰਵਿੰਦਰ ਸਿੰਘ ਲੱਕੀ ਟੈਂਟ ਹਾਊਸ ਵਾਲੇ ਸਮੇਤ ਸਾਥੀਆਂ ਨੂੰ ਜੀ ਆਇਆਂ ਆਖਦਿਆਂ ਕਾਂਗਰਸ ਪਾਰਟੀ ਦੇ ਚਿੰਨ੍ਹ ਪਹਿਨਾ ਕੇ ਸਨਮਾਨਿਤ ਕੀਤਾ ਗਿਆ। ਅਮਰੀਕ ਵਰਪਾਲ ਨੇ ਸਿਮਰਨਜੀਤ ਸਿੰਘ ਬੈਂਸ ਸਮੇਤ ਕਾਂਗਰਸ ਦੀ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਉਹ ਆਪਣੇ ਸਾਥੀਆਂ ਸਮੇਤ ਅੱਜ ਤੋਂ ਕਾਂਗਰਸ ਪਾਰਟੀ ਨਾਲ ਜੁੜ ਗਏ ਹਨ ਅਤੇ ਹੁਣ ਤੋਂ ਹੀ ਸਾਥੀਆਂ ਸਮੇਤ ਕਾਂਗਰਸ ਪਾਰਟੀ ਦੇ ਉਮੀਦਵਾਰ ਕਰਨਬੀਰ ਸਿੰਘ ਬੁਰਜ ਦੀ ਚੋਣ ਮੁਹਿੰਮ ਨੂੰ ਆਰੰਭ ਕਰਦਿਆਂ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਲਾਮਬੰਦ ਕਰਨਗੇ।ਇਸ ਮੌਕੇ ਰਾਜਬੀਰ ਸਿੰਘ ਪੱਖੋਕੇ ਮੀਤ ਪ੍ਰਧਾਨ ਪੰਜਾਬ ਕਾਂਗਰਸ ਪਾਰਟੀ, ਨਿੱਪੀ ਸੂਦ, ਪ੍ਰਧਾਨ ਅਸ਼ੋਕ ਕੁਮਾਰ, ਡਾ. ਚਰਨਜੀਤ ਸਿੰਘ ਸੋਢੀ, ਸਰਪੰਚ ਪ੍ਰਗਟ ਸਿੰਘ ਮਲਵਈ, ਸਰਪੰਚ ਪ੍ਰਦੀਪ ਸਿੰਘ ਉੱਪਲ, ਸਾਬਕਾ ਸਰਪੰਚ ਅਮਰਜੀਤ ਸਿੰਘ, ਸ਼ਰਮਾ ਜਨਰਲ ਸਟੋਰ, ਅਸ਼ੋਕ ਕੁਮਾਰ, ਸ਼ੈਲੀ ਸੋਹਲ, ਗੁਲਬਾਗ ਸਿੰਘ, ਫੁੱਲ ਜੀਤ ਸਿੰਘ ਵਰਪਾਲ, ਇੰਸਪੈਕਟਰ ਨਰਿੰਦਰਪਾਲ ਸਿੰਘ, ਡਾ. ਸੁਰਜੀਤ ਸਿੰਘ, ਸੰਤੋਖ ਸਿੰਘ ਪੀਐੱਸਆਈ, ਮਾਸਟਰ ਬਲਦੇਵ ਸਿੰਘ, ਪ੍ਰੇਮ ਸਿੰਘ ਮੱਲ ਮੋਹਰੀ, ਸਰਬਜੀਤ ਸਿੰਘ, ਸੁਖਵੰਤ ਸਿੰਘ, ਤਰਸੇਮ ਸਿੰਘ, ਰਣਜੀਤ ਸਿੰਘ, ਦਿਲਬਾਗ ਸਿੰਘ, ਹਰਜੀਤ ਕੌਰ, ਆਰ. ਐੱਸ. ਵਾਲੀਆ, ਸੁੱਖ ਪ੍ਰਧਾਨ, ਰਾਜ ਸਿੰਘ ਪੰਡੋਰੀ ਸਿੱਧਵਾਂ, ਭਰਪੂਰ ਸਿੰਘ ਮੈਹਣੀਆ, ਹਰਵਿੰਦਰ ਸਿੰਘ, ਸ਼ੈਲੀ, ਕਰਤਾਰ ਸਿੰਘ ਕੱਲਾ, ਪ੍ਰਭਜੀਤ ਸਿੰਘ, ਕੇਵਲ ਸਿੰਘ ਬਾਠ, ਕੁਲਦੀਪ ਸਿੰਘ ਨੰਬਰਦਾਰ, ਕਿਸ਼ਨ ਸਿੰਘ ਪੱਖੋਕੇ, ਜਸਬੀਰ ਸਿੰਘ, ਯੁਵਰਾਜ ਸਿੰਘ ਬਾਠ, ਸੁਬੇਗ ਸਿੰਘ ਮਾਲਚੱਕ, ਗੋਗਾ ਪਹਿਲਵਾਨ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਹਾਜ਼ਰ ਸਨ।

## ਸਰਪੰਚ ਗੁਰਵਿੰਦਰ ਸਿੰਘ ਨਿੱਬਰਵਿੰਡ ਦੇ ਦਿਹਾਂਤ 'ਤੇ ਦੁੱਖ ਦਾ ਪ੍ਰਗਟਾਵਾ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਵਿਧਾਨ ਸਭਾ ਹਲਕਾ ਮਜੀਠਾ ਦੇ ਸੀਨੀਅਰ ਆਗੂ ਅਤੇ ਪਿੰਡ ਨਿੱਬਰਵਿੰਡ ਦੇ ਸਰਪੰਚ ਗੁਰਵਿੰਦਰ ਸਿੰਘ ਜਿਨ੍ਹਾਂ ਦਾ ਅਚਾਨਕ ਦਿਹਾਂਤ ਹੋ ਗਿਆ, ਦੇ ਪਰਿਵਾਰ ਨਾਲ ਆਮ ਆਦਮੀ ਪਾਰਟੀ ਵੱਲੋਂ ਇੰਚਾਰਜ ਤਲਬੀਰ ਸਿੰਘ ਗਿੱਲ, ਸੰਤ ਬਾਬਾ ਸੱਜਣ ਸਿੰਘ, ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ, ਉਪ ਪ੍ਰਧਾਨ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਵਿਧਾਇਕ ਦਵਿੰਦਰ ਸਿੰਘ ਲਾਡੀ ਢੋਸ, ਸਰਪੰਚ ਸਿਕੰਦਰ ਸਿੰਘ ਖਿੱਦੋਵਾਲੀ, ਗੁਰਬੀਰ ਸਿੰਘ ਮੱਤੇਵਾਲ, ਕਿਸਾਨ ਵਿੰਗ ਦੇ ਪ੍ਰਧਾਨ ਬਲਬੀਰ ਸਿੰਘ ਸਰਪੰਚ ਬੋਪਾਰਾਏ, ਤਰਵਿੰਦਰ ਸਿੰਘ ਸਾਧਪੁਰ, ਮਲਕੀਤ ਸਿੰਘ ਬਾਠ ਭੋਏ, ਬਲਜੀਤ ਸਿੰਘ ਸਰਾਂ, ਬਲਜਿੰਦਰ ਸਿੰਘ ਛੀਨਾ, ਬਲਕਾਰ ਸਿੰਘ ਪੀਬੀਐੱਸ ਵਾਲੇ, ਸਤਿਨਾਮ ਸਿੰਘ ਮੱਤੇਵਾਲ ਅਤੇ ਯੋਗਰਾਜ ਸਿੰਘ ਬਾਠ ਸਾਧਪੁਰ ਨੇ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚ ਕੇ ਦੁੱਖ ਸਾਂਝਾ ਕੀਤਾ ਅਤੇ ਅਰਦਾਸ ਕੀਤੀ ਕਿ ਵਾਹਿਗੁਰੂ ਵਿਛੜੀ ਰੂਹ ਨੂੰ ਆਤਮਿਕ ਸ਼ਾਂਤੀ ਪ੍ਰਦਾਨ ਕਰਨ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

## ਪਹਿਲੇ ਪਾਤਸ਼ਾਹ ਦੇ 556ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਲੌਕਿਕ ਨਗਰ ਕੀਰਤਨ ਸਜਾਇਆ

**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**



ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਤੋਂ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ 556ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਕ ਵਿਸ਼ਾਲ ਨਗਰ ਕੀਰਤਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸਜਾਇਆ ਗਿਆਂ।ਇਹ ਨਗਰ ਕੀਰਤਨ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤੋਂ ਸ਼ੁਰੂ ਹੋ ਕੇ ਕਸਬੇ ਦੀ ਪਰਿਕਰਮਾ ਕਰਦਾ ਹੋਇਆ ਮੁੜ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਸੰਪੰਨ ਹੋਇਆ।ਥਾਂ ਥਾਂ ਤੇ ਸ਼ਰਧਾਲੂਆ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ ਅਤੇ ਸੰਗਤਾਂ ਵਾਸਤੇ ਚਾਹ ਪਕੌੜਿਆਂ ਅਤੇ ਵੱਖ-ਵੱਖ ਤਰ੍ਹਾਂ ਦੇ ਲੰਗਰ ਲਗਾਏ ਗਏ।ਗੱਤਕਾ ਪਾਰਟੀਆਂ ਨੇ ਗਤਕੇ ਦੇ ਜੌਹਰ ਦਿਖਾਏ। ਹਜ਼ੂਰੀ ਰਾਗੀ ਭਾਈ ਜਸਵਿੰਦਰ ਸਿੰਘ ਦੇ ਜਥੇ ਵੱਲੋਂ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆਂ।ਇਸ ਮੌਕੇ ਸੁਖਮਨੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਚਾਂਕਾਵਾਲੀ ਦੇ ਬੱਚਿਆਂ ਸਮੇਤ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਵੀ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਗੁਰਦੁਆਰਾ ਸਾਹਿਬ ਦੇ ਮੈਨੇਜਰ ਸਤਨਾਮ ਸਿੰਘ ਗੋਸਲ ਵੱਲੋਂ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਅਤੇ ਡੀਐੱਸਪੀ ਜੋਗਾ ਸਿੰਘ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਸਾਹਿਬ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਪੰਜਾਬ ਪੁਲਸ ਦੀ ਟੁਕੜੀ ਨੇ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗਰੰਥ ਸਾਹਿਬ ਨੂੰ ਸਤਿਕਾਰ ਸਹਿਤ ਸਲਾਮੀ ਭੇਟ ਕੀਤੀ।ਇਸ ਨਗਰ ਕੀਰਤਨ ਮੌਕੇ ਬਾਬਾ ਗੁਰਪ੍ਰੀਤ ਸਿੰਘ ਕਾਰ ਸੇਵਾ ਖਡੂਰ ਸਾਹਿਬ ਵਾਲੇ,ਐੱਸਐੱਸਓ ਅਸ਼ੋਕ ਕੁਮਾਰ ਸ਼ਰਮਾ, ਨਗਰ ਕੌਂਸਲ ਪ੍ਰਧਾਨ ਰਾਜੇਸ਼ ਕੁਮਾਰ ਬਿੱਟਾ ਗੁਪਤਾ, ਵਾਈਸ ਪ੍ਰਧਾਨ ਕੁਲਵਿੰਦਰ ਸਿੰਘ ਜੁਗਨੂੰ, ਰਜਿੰਦਰ ਸਿੰਘ ਬਾਜਵਾ ਵੈਰੋਕੇ, ਹਰਸਿਮਰਤ ਸਿੰਘ ਬਾਜਵਾ ਵੈਰੋਕੇ, ਧਰਮਪਾਲ ਸਿੰਘ ਸਿਟੀ ਪ੍ਰਧਾਨ, ਕੌਂਸਲਰ ਰਜਤ ਮਰਵਾਹਾ, ਕੌਂਸਲਰ ਹਰਿੰਦਰ ਸਿੰਘ, ਕੌਂਸਲਰ ਸੁਖਵਿੰਦਰ ਸਿੰਘ ਗੋਲਡੀ, ਮੇਜਰ ਸਿੰਘ ਠੇਠਰਕੇ, ਪੀ.ਏ. ਲਵਪ੍ਰੀਤ ਸਿੰਘ, ਸਰਪੰਚ ਹਰਪ੍ਰੀਤ ਸਿੰਘ ਹੈਪੀ, ਮੇਜਰ ਸਿੰਘ ਠੇਠਰਕੇ, ਅਮਰਜੀਤ ਸਿੰਘ ਸਿੰਘਪੁਰਾ, ਬਾਬਾ ਪੱਪੂ ਕਾਰ ਸੇਵਾ ਵਾਲੇ, ਸਤਨਾਮ ਸਿੰਘ ਪਟਵਾਰੀ ਠੇਠਰਕੇ, ਜਸਪਿੰਦਰ ਸਿੰਘ ਝੰਗੀ, ਹਰਜੀਤ ਸਿੰਘ ਬਿੱਟਾ ਸਿੰਘਪੁਰਾ, ਭੁਪਿੰਦਰ ਸਿੰਘ, ਸੁਖਵਿੰਦਰ ਸਿੰਘ, ਪ੍ਰਗਟ ਸਿੰਘ ਮੂਲੋਵਾਲੀ, ਸੋਨੂੰ ਬੇਦੀ, ਕਰਨੈਲ ਸਿੰਘ ਦੌਦੀਆ, ਮਾਸਟਰ ਚਰਨਜੀਤ ਸਿੰਘ ਬੇਦੀ, ਹਰਜੀਤ ਸਿੰਘ ਜੋਸ਼ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਨੇ ਹਾਜਰੀ ਭਰੀ।

## 'ਖੇਡਾਂ ਰਿਆੜਕੀ ਦੀਆਂ' ਅਮਿੱਟ ਪੈੜਾਂ ਛੱਡਦੀਆਂ ਸ਼ਾਨੋ-ਸ਼ੌਕਤ ਨਾਲ ਸਮਾਪਤ

**ਧਾਰੀਵਾਲ/ਹਰਚੋਵਾਲ, (ਮਨਦੀਪ ਸਿੰਘ ਵਿੱਕੀ)**-ਸੰਕਲਪ ਸਮਾਜ ਸੇਵੀ ਸੰਸਥਾ ਹਰਚੋਵਾਲ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਖੇਡ ਸਟੇਡੀਅਮ ਹਰਚੋਵਾਲ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸਤਾਬਦੀ ਨੂੰ ਸਮਰਪਿਤ ਬਾਰ੍ਹਵੀਆਂ ਤਿੰਨ ਰੋਜ਼ਾ ...



ਸਿੰਘ ਰਾਣਾ, ਅੰਮ੍ਰਿਤਪਾਲ ਸਿੰਘ ਲਾਡੀ, ਬਿਕਰਮਜੀਤ ਸਿੰਘ ਔਲਖ, ਇੰਸਪੈਕਟਰ ਜੋਗਿੰਦਰ ਸਿੰਘ ਆਦਿ ਮੈਂਬਰਾਂ ਨੇ ਖੇਡਾਂ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜਨ ਵਿੱਚ ਵਧੀਆ ਸੇਵਾਵਾਂ ਨਿਭਾਈਆਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਲੱਖਾ ਸਿੰਘ, ਡਾਕਟਰ ਗੁਰਨੇਕ ਸਿੰਘ ...

## ਸਾਹਿਤ ਸਭਾ ਫਤਿਹਗੜ੍ਹ ਚੂੜੀਆਂ ਵੱਲੋਂ ਸਾਹਿਤ ਸੰਮੇਲਨ

**ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)**

ਸਾਹਿਤ ਸਭਾ ਫਤਿਹਗੜ੍ਹ ਚੂੜੀਆਂ (ਗੁਰਦਾਸਪੁਰ) ਵੱਲੋਂ ਸਾਹਿਤ ਸੰਮੇਲਨ ਕਰਵਾਇਆ ਗਿਆ। ਭਾਰੀ ਸੰਖਿਆ ਵਿੱਚ ਗ਼ਜ਼ਲਗੋ, ਲੇਖਕ, ਕਵੀ ਹਾਜ਼ਰ ਹੋਏ।ਸੰਮੇਲਨ ਦੀ ਸ਼ੁਰੂਆਤ ...



... ਕਲਸੀ, ਸੁਲਤਾਨ ਭਾਰਤੀ, ਰਮੇਸ਼ ਕੁਮਾਰ ਜਾਨੂ, ਪਰਮਜੀਤ ਸਿੰਘ ਪੇਜੀ, ਰਘਬੀਰ ਸਿੰਘ ਚਾਹਲ, ਆਦੇਸ਼ ਅੰਕੁਸ਼ ਧਿਆਨਪੁਰੀ, ਸੁੱਚਾ ਸਿੰਘ ਰੰਧਾਵਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਕਵੀਆਂ ਨੇ ਆਪਣੀਆਂ ਰਚਨਾਵਾਂ ਪੇਸ਼ ...

# ਪੰਜਾਬ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਕੀਤਾ ਅੰਮ੍ਰਿਤਸਰ ਜੇਲ੍ਹ ਦਾ ਦੌਰਾ

ਅੰਮ੍ਰਿਤਸਰ, (ਨਰਿੰਦਰ ਜੀਤ ਸਿੰਘ)-ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਅੰਮ੍ਰਿਤਸਰ ਜੇਲ੍ਹ ਦਾ ਦੌਰਾ ਕਰਕੇ ਉਥੇ ਬੰਦ ਮਹਿਲਾ ਕੈਦੀਆਂ ਨਾਲ ਮੁਲਾਕਾਤ ਕੀਤੀ ਤੇ ਉਹਨਾਂ ਦੀਆਂ ਸਮੱਸਿਆਵਾਂ ਬਾਰੇ ਜਾਣਕਾਰੀ ਲਈ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਜੇਲ ਪ੍ਰਬੰਧਕਾਂ ਵੱਲੋਂ ਮਹਿਲਾਵਾਂ ਨੂੰ ਬੁਨਿਆਦੀ ਸੁਵਿਧਾਵਾਂ ਜਿਵੇਂ ਖਾਣ-ਪੀਣ, ਸਿਹਤ ਸੇਵਾਵਾਂ ਅਤੇ ਕਾਨੂੰਨੀ ਸਹਾਇਤਾ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ, ਪਰ ਜੇਕਰ ਮਹਿਲਾ ਕੈਦੀਆਂ ਨੂੰ ਇਸ ਸਬੰਧੀ ਕੋਈ ਵੀ ਸ਼ਿਕਾਇਤ ਹੈ ਤਾਂ ਉਹ ਹੁਣ ਜਾਂ ਭਵਿੱਖ ਵਿੱਚ ਮਹਿਲਾ ਕਮਿਸ਼ਨ ਨਾਲ ਤਾਲਮੇਲ ਕਰ ਸਕਦੇ ਹਨ। ਉਨਾਂ ਨੇ ਦੱਸਿਆ ਕਿ ਜ਼ਿਆਦਾਤਰ ਮਹਿਲਾਵਾਂ ਐੱਨ.ਡੀ.ਪੀ.ਐੱਸ. ਐਕਟ (ਨਸ਼ੇ ਸਬੰਧੀ ਕਾਨੂੰਨ) ਅਤੇ ਕੁਝ ਧਾਰਾ 420 ਜਾਂ ਘਰੇਲੂ ਹਿੰਸਾ ਦੇ ਕੇਸਾਂ ਵਿੱਚ ਬੰਦ ਹਨ। ਉਹਨਾਂ ਨੇ ਕਿਹਾ ਕਿ ਐੱਨ.ਡੀ.ਪੀ.ਐੱਸ. ਐਕਟ ਕਾਫ਼ੀ ਸਖ਼ਤ ਹੈ, ਇਸ ਲਈ ਜ਼ਮਾਨਤ ਮਿਲਣਾ ਮੁਸ਼ਕਿਲ ਹੁੰਦਾ ਹੈ, ਪਰ ਜੇਲ ਪ੍ਰਬੰਧਕਾਂ ਵੱਲੋਂ ਲੋੜਵੰਦ ਮਹਿਲਾ ਕੈਦੀਆਂ ਨੂੰ ਕਾਨੂੰਨੀ ਮਦਦ ਵੀ ਦਿੱਤੀ ਜਾ ਰਹੀ ਹੈ ਤਾਂ ਜੋ ਮਾਮਲਿਆਂ ਦੀ ਸੁਣਵਾਈ ਜਲਦੀ ਹੋ ਸਕੇ।ਉਨ੍ਹਾਂ ਨੇ ਇਹ ਵੀ ਕਿਹਾ ਕਿ ਕੁਝ ਕੈਦੀਆਂ ਨੂੰ ਚਮੜੀ ਦੇ ਰੋਗ (ਸਕਿਨ ਡਿਜ਼ੀਜ਼) ਦੀ ਸਮੱਸਿਆ ਹੈ, ਜਿਸ ਲਈ ਡਾਕਟਰਾਂ ਵੱਲੋਂ ਇਲਾਜ ਪ੍ਰਦਾਨ ਕੀਤਾ ਜਾ ਰਿਹਾ ਹੈ।ਗਿੱਲ ਨੇ ਕਿਹਾ ਕਿ ਗਰਭਵਤੀ ਮਹਿਲਾਵਾਂ ਲਈ ਹਫ਼ਤੇ ਵਿੱਚ ਦੋ ਵਾਰ ਗਾਇਨਾਕੋਲੋਜਿਸਟ ਆਉਂਦੇ ਹਨ ਅਤੇ ਜੇਕਰ ਕੋਈ ਡਿਲਿਵਰੀ ਦਾ ਮਾਮਲਾ ਹੁੰਦਾ ਹੈ, ਤਾਂ ਕੈਦੀ ਮਹਿਲਾ ਨੂੰ ਬਾਹਰ ਹਸਪਤਾਲ ਭੇਜਿਆ ਜਾਂਦਾ ਹੈ।ਉਨਾਂ ਦੱਸਿਆ ਕਿ



ਨਵ ਜੰਮੇ ਬੱਚਿਆਂ ਦੀ ਦੇਖਭਾਲ ਲਈ ਵੀ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ।

ਗਿੱਲ ਨੇ ਦੱਸਿਆ ਕਿ ਉਨ੍ਹਾਂ ਨੂੰ ਵਿਦੇਸ਼ੀ ਮਹਿਲਾ ਕੈਦੀਆਂ ਨਾਲ ਵੀ ਗੱਲਬਾਤ ਕਰਨ ਦਾ ਮੌਕਾ ਮਿਲਿਆ, ਜਿਨ੍ਹਾਂ ਨੂੰ ਆਪਣੀ ਐਂਬੈਸੀ ਨਾਲ ਸੰਪਰਕ ਕਰਨ ਵਿੱਚ ਦਿੱਕਤ ਆ ਰਹੀ ਸੀ, ਉਨ੍ਹਾਂ ਨੇ ਜੇਲ ਅਧਿਕਾਰੀਆਂ ਨੂੰ ਇਸ ਸਬੰਧੀ ਜ਼ਰੂਰੀ ਕਦਮ ਚੁੱਕਣ ਲਈ ਕਿਹਾ।

# ਗੁਰਦੁਆਰਾ ਸਾਹਿਬ ਦੇ ਕਬਜ਼ੇ ਨੂੰ ਲੈ ਕੇ ਦੋ ਧਿਰਾਂ ਹੋਈਆਂ ਆਹਮੋ-ਸਾਹਮਣੇ

## * ਪੁਲਸ ਅਤੇ ਸਿਵਲ ਪ੍ਰਸ਼ਾਸਨ ਨੇ ਦਖਲ ਦੇ ਕੇ ਮਾਮਲਾ ਕੀਤਾ ਸ਼ਾਂਤ

ਮਜੀਠਾ (ਸੋਇਮ ਆਨੰਦ)-ਪਿੰਡ ਰੁਮਾਣਾ ਚੱਕ ਵਿਖੇ ਗੁਰਦੁਆਰਾ ਸਾਹਿਬ ਦੇ ਕਬਜ਼ੇ ਨੂੰ ਲੈ ਕੇ ਦੋ ਧਿਰਾਂ ਆਹਮੋ ਸਾਹਮਣੇ ਹੋ ਗਈਆਂ।ਗੁਰਦੁਆਰਾ ਸੰਗਤਸਰ ਸਾਹਿਬ ਜਿਹੜਾ ਕਿ ਬ੍ਰਹਮ ਗਿਆਨੀ ਸੰਤ ਜਵਾਲਾ ਸਿੰਘ ਜੀ ਹਰਖੋਵਾਲ ਵਾਲਿਆਂ ਦੇ ਵਰੋਸਾਏ ਬ੍ਰਹਮ ਗਿਆਨੀ ਸੰਤ ਹਰੀ ਸਿੰਘ ਜੀ ਗੁਰਦੁਆਰਾ ਕਿਲ੍ਹਾ ਅਟੱਲਗੜ੍ਹ ਮੁਕੇਰੀਆਂ ਵਾਲਿਆਂ ਦਾ ਤਪ ਅਸਥਾਨ ਹੈ, ਇਸ ਵਕਤ ਗੁਰਦੁਆਰਾ ਸਾਹਿਬ ਵਿਖੇ ਗਰੰਥੀ ਸਿੰਘ ਭਾਈ ਸਤਿੰਦਰ ਸਿੰਘ ਸੇਵਾ ਕਰ ਰਹੇ ਹਨ।ਸਵੇਰੇ ਪਿੰਡ ਦੇ ਹੀ ਕਝ ਵਿਅਕਤੀ ਗੁਰਦੁਆਰਾ ਸਾਹਿਬ ਵਿਖੇ ਕਥਿਤ ਤੌਰ ਤੇ ਕਬਜ਼ਾ ਕਰਨ ਦੀ ਨੀਅਤ ਨਾਲ ਦਾਖਲ ਹੋਏ।ਗਰੰਥੀ ਅਤੇ ਸੰਗਤਾਂ ਵੱਲੋਂ ਇਸ ਦਾ ਵਿਰੋਧ ਕੀਤਾ ਗਿਆ।ਮਾਮਲਾ ਭਖਦਾ ਵੇਖ ਕੇ ਗਰੰਥੀ ਸਿੰਘ ਵੱਲੋਂ ਪੁਲਸ ਨੂੰ ਫੋਨ 'ਤੇ ਸੂਚਿਤ ਕੀਤਾ ਗਿਆ ਜਿਸ 'ਤੇ ਥਾਣਾ ਮਜੀਠਾ ਦੇ ਐੱਸਐੱਚਓ ਕਰਮਪਾਲ ਸਿੰਘ ਪੁਲਸ ਫੋਰਸ ਲੈ ਕੇ ਮੌਕੇ 'ਤੇ ਪਹੁੰਚੇ। ਸਾਰਾ ਮਾਮਲਾ ਹੱਥਾਂ ਵਿਚ ਲਿਆ ਅਤੇ ਦੋਹਾਂ ਧਿਰਾਂ ਨੂੰ ਵੱਖ ਕਰਕੇ ਮਾਮਲਾ ਸ਼ਾਂਤ ਕਰਨ ਦੀ ਚਾਰਾਜੋਈ ਕੀਤੀ।ਮਾਮਲਾ ਸ਼ਾਂਤ ਨਾ ਹੁੰਦਾ ਵੇਖ ਕੇ ਡੀਐੱਸਪੀ ਇੰਦਰਜੀਤ ਸਿੰਘ ਅਤੇ ਨਾਇਬ ਤਹਿਸੀਲਦਾਰ ਅੰਮਿਤਸਰ ਬੇਅੰਤ ਸਿੰਘ ਮੌਕੇ 'ਤੇ ਪੁੱਜ ਗਏ।ਗੁਰਦੁਆਰਾ ਸਾਹਿਬ ਦੇ ਗਰੰਥੀ ਸਤਿੰਦਰ ਸਿੰਘ ਵੱਲੋਂ ਪੁਲਿਸ ਪ੍ਰਸ਼ਾਸਨ ਅਤੇ ਸਿਵਲ ਪ੍ਰਸ਼ਾਸਨ ਨੂੰ ਦਰਖਾਸਤ ਦਿੱਤੀ ਗਈ। ਦੂਸਰੀ ਧਿਰ ਨੇ ਕਿਹਾ ਕਿ ਉਹ ਇਸ ਗੁਰਦੁਆਰਾ ਸਾਹਿਬ ਦੀ ਇਮਾਰਤ ਨੂੰ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਵਧੀਆ ਢੰਗ ਦੀ ਬਣਾਉਣਾ ਚਾਹੁੰਦੇ ਹਨ ਪਰ ਮੌਕੇ 'ਤੇ ਗਰੰਥੀ ਭਾਈ ਸਤਿੰਦਰ ਸਿੰਘ ਅਤੇ ਉਨ੍ਹਾਂ ਦੇ ਸਾਥੀ ਬਣਾਉਣ ਨਹੀਂ ਦੇਣਾ ਚਾਹੁੰਦੇ ਜਿਸ 'ਤੇ ਉਨ੍ਹਾਂ ਨੇ ਸੰਗਤ ਦੀ ਸਲਾਹ ਨਾਲ ਫੈਸਲਾ ਕੀਤਾ ਕਿ



ਉਹ ਨਾ ਹੀ ਬਾਬਾ ਮਹਿੰਦਰ ਸਿੰਘ ਅਤੇ ਨਾ ਹੀ ਬਾਬਾ ਸਤਿੰਦਰ ਸਿੰਘ ਨੂੰ ਬਣਾਉਣ ਦੇਣਗੇ ਇਸ ਦੀ ਉਸਾਰੀ ਦੀ ਸਾਰੀ ਸੇਵਾ ਪਿੰਡ ਵਾਸੀ ਨਿਭਾਉਣਗੇ।

ਮੌਕੇ ਤੇ ਪਹੁੰਚੇ ਡੀਐੱਸਪੀ ਇੰਦਰਜੀਤ ਸਿੰਘ ਨੇ ਕਿਹਾ ਕਿ ਗਰੰਥੀ ਸਿੰਘ ਸਤਿੰਦਰ ਸਿੰਘ ਅਤੇ ਸੰਗਤ ਵੱਲੋਂ ਦਰਖਾਸਤ ਪ੍ਰਾਪਤ ਹੋਈ ਹੈ।ਫਿਲਹਾਲ ਦੋਹਾਂ ਧਿਰਾਂ ਦੀ ਗੱਲਬਾਤ ਸੁਣੀ ਅਤੇ ਦੋਹਾਂ ਧਿਰਾਂ ਨੂੰ ਭਰੋਸੇ ਵਿਚ ਲੈ ਕੇ ਮਾਮਲਾ ਸ਼ਾਂਤ ਕੀਤਾ ਗਿਆ ਹੈ। ਸਾਰੇ ਮਾਮਲੇ ਦੀ ਬਾਰੀਕੀ ਨਾਲ ਤਫਤੀਸ਼ ਕਰਕੇ ਅਗਲੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।ਨਾਇਬ ਤਹਿਸੀਲਦਾਰ ਬੇਅੰਤ ਸਿੰਘ ਨੇ ਕਿਹਾ ਕਿ ਮਾਲ ਰਿਕਾਰਡ ਨੂੰ ਖੰਗਾਲ ਕੇ ਜੋ ਵੀ ਤੱਥ ਸਾਹਮਣੇ ਆਉਣਗੇ ਉਸ ਦੇ ਆਧਾਰ ਤੇ ਰਿਪੋਰਟ ਦਿੱਤੀ ਜਾਵੇਗੀ।ਪੁਲਿਸ ਅਤੇ ਸਿਵਲ ਪ੍ਰਸ਼ਾਸ਼ਨ ਵੱਲੋਂ ਨਿਆਂ ਦੇਣ ਦੇ ਭਰੋਸੇ ਮਗਰੋਂ ਮਾਮਲਾ ਸ਼ਾਂਤ ਹੋਇਆ।

# ਜੁਡੀਸ਼ੀਅਲ ਕੋਰਟ ਕੰਪਲੈਕਸ ਤਰਨਤਾਰਨ ਵਿਖੇ 'ਨਸ਼ਿਆਂ ਤੋਂ ਦੂਰ ਰਹੋ' ਵਿਸ਼ੇ 'ਤੇ ਨੁੱਕੜ ਨਾਟਕ ਖੇਡਿਆ

ਪੱਟੀ (ਬਲਦੇਵ ਸਿੰਘ ਸੰਧੂ)-ਮਾਨਯੋਗ ਸ਼੍ਰੀ ਕੰਵਲਜੀਤ ਸਿੰਘ ਬਾਜਵਾ ਪ੍ਰਿੰਸੀਪਲ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤਰਨ ਤਾਰਨ ਦੀ ਅਗਵਾਈ ਹੇਠ ਵਿਜ਼ਡਮ ਸਕੂਲ ਆਫ਼ ਐਕਡੈਮਿਕਸ ਐਂਡ ਸਪੋਰਟਸ, ਤਰਨ ਤਾਰਨ ਦੇ ਵਿਦਿਆਰਥੀਆਂ ਵੱਲੋਂ ਜੁਡੀਸ਼ੀਅਲ ਕੋਰਟ ਕੰਪਲੈਕਸ ਤਰਨ ਤਾਰਨ ਵਿਖੇ ਨਸ਼ਿਆਂ ਤੋਂ ਦੂਰ ਰਹੋ ਵਿਸ਼ੇ 'ਤੇ ਨੁੱਕੜ ਨਾਟਕ ਖੇਡਿਆ ਗਿਆ।ਇਸ ਸਮੇਂ ਸ਼੍ਰੀ ਪ੍ਰੇਮ ਕੁਮਾਰ, ਅਡੀਸ਼ੀਨਲ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਤਰਨ ਤਾਰਨ, ਸ਼੍ਰੀ ਮਨੋਜ ਕੁਮਾਰ, ਅਡੀਸ਼ੀਨਲ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਤਰਨ ਤਾਰਨ, ਸ਼੍ਰੀਮਤੀ ਪੂਜਾ ਅੰਦੋਤਰਾ ਅਡੀਸ਼ੀਨਲ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਤਰਨ ਤਾਰਨ, ਸ਼੍ਰੀ ਰਵਿੰਦਰਜੀਤ ਸਿੰਘ ਬਾਜਵਾ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਤਰਨ ਤਾਰਨ, ਮਿਸ ਅਮਨਦੀਪ ਕੌਰ ਚਾਹਲ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਤਰਨ ਤਾਰਨ, ਸ਼੍ਰੀ ਅਮਨਦੀਪ ਸਿੰਘ, ਸਿਵਲ ਜੱਜ ਸੀਨੀਅਰ ਡੀਵੀਜ਼ਨ ਤਰਨਨ ਤਾਰਨ, ਮਿਸ ਇੰਦੂ ਬਾਲਾ, ਚੀਫ਼ ਜੁਡੀਸ਼ੀਅਲ ਮੈਜਿਸਟਰੇਟ, ਤਰਨ ਤਾਰਨ, ਮਿਸ ਸ਼ਿਲਪਾ, ਚੀਫ਼ ਜੁਡੀਸ਼ੀਅਲ ਮੈਜਿਸਟਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ, ਸ਼੍ਰੀ ਪੰਕਜ ਵਰਮਾ, ਸਿਵਲ ਜੱਜ ਸੀਨੀਅਰ ਡੀਵੀਜ਼ਨ ਤਰਨ ਤਾਰਨ, ਸ਼੍ਰੀ ਰਮੇਸ਼ ਕੁਮਾਰ, ਸਿਵਲ ਜੱਜ ਜੂਨੀਅਰ ਡੀਵੀਜ਼ਨ, ਤਰਨ ਤਾਰਨ, ਮਿਸ ਮਨਜੋਤ ਕੌਰ, ਸਿਵਲ ਜੱਜ ਜੂਨੀਅਰ ਡੀਵੀਜ਼ਨ, ਤਰਨ ਤਾਰਨ, ਜਗਜੀਤ ਸਿੰਘ, ਸਬ ਡੀਵੀਜ਼ਨ ਜੁਡੀਸ਼ੀਅਲ ਮੈਜਿਸਟਰੇਟ, ਪੱਟੀ, ਮਿਸ ਮਨਿਕਾ ਚੌਹਾਨ, ਸਬ ਡੀਵੀਜ਼ਨ ਜੁਡੀਸ਼ੀਅਲ ਮੈਜਿਸਟਰੇਟ, ਖਡੂਰ ਸਾਹਿਬ ਅਤੇ ਪਰਮਿੰਦਰ ਸਿੰਘ ਢਿੱਲੋਂ, ਬਾਰ ਪ੍ਰਧਾਨ, ਤਰਨ ਤਾਰਨ, ਨਵਦੀਪ ਸਿੰਘ, ਡਾਇਰੈਕਟਰ, ਵਿਜ਼ਡਮ ਸਕੂਲ ਆਫ਼ ਐਕਡੈਮਿਕਸ ਐਂਡ ਸਪੋਰਟਸ, ਤਰਨ ਤਾਰਨ, ਸਾਰੇ ਵਕੀਲ ਸਾਹਿਬਾਨ ਅਤੇ ਅਦਾਲਤਾਂ ਦਾ ਸਟਾਫ਼ ਹਾਜ਼ਰ ਰਿਹਾ।ਨੁੱਕੜ ਨਾਟਕ ਪੇਸ਼ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਦੇ ਕੇ ਹੌਸਲਾ ਅਫ਼ਜ਼ਾਈ ਕੀਤੀ ਗਈ।



## ਬਾਬਾ ਗੁਰਦੇਵ ਸਿੰਘ ਵੱਲੋਂ ਨਗਰ ਕੀਰਤਨ ਦਾ ਸਵਾਗਤ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਗੁਰਦੁਆਰਾ ਲਹਿੰਦੀ ਪੱਤੀ ਪਿੰਡ ਤਰਸਿੱਕਾ ਤੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ ਸਜਾਏ ਗਏ ਨਗਰ ਕੀਰਤਨ ਦੌਰਾਨ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੇਵ ਸਿੰਘ ਤਰਸਿੱਕਾ ਵਾਲਿਆਂ ਨੇ ਪੰਜ ਪਿਆਰੇ ਸਾਹਿਬਾਨ ਦਾ ਸਿਰੋਪੇ ਪਾ ਕੇ ਸਨਮਾਨ ਕੀਤਾ।



## ਪ੍ਰਤਾਪ ਵਰਲਡ ਸਕੂਲ ਨੇ ਅੰਡਰ-19 ਕ੍ਰਿਕਟ ਟੂਰਨਾਮੈਂਟ ਦਾ ਖ਼ਿਤਾਬ ਆਪਣੇ ਨਾਂਅ ਕੀਤਾ

ਪਠਾਨਕੋਟ (ਦਵਿੰਦਰ ਸਿੰਘ)-ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਨੇ ਅੰਡਰ-19 ਜ਼ਿਲ੍ਹਾ ਕ੍ਰਿਕਟ ਟੂਰਨਾਮੈਂਟ ਵਿੱਚ ਉਤਕ੍ਰਿਸ਼ਟ ਪ੍ਰਦਰਸ਼ਨ ਕਰਦੇ ਹੋਏ ਚੈਂਪੀਅਨਸ਼ਿਪ ਦਾ ਖ਼ਿਤਾਬ ਜਿੱਤ ਲਿਆ।ਟੀਮ ਨੇ ਪੂਰੇ ਟੂਰਨਾਮੈਂਟ ਦੌਰਾਨ ਸ਼ਾਨਦਾਰ ਖੇਡ ਭਾਵਨਾ,



ਟੀਮਵਰਕ ਅਤੇ ਬੇਹਤਰੀਨ ਕ੍ਰਿਕਟਿੰਗ ਹੁਨਰ ਦਾ ਪ੍ਰਦਰਸ਼ਨ ਕੀਤਾ।ਫਾਈਨਲ ਮੈਚ ਪ੍ਰਤਾਪ ਵਰਲਡ ਸਕੂਲ ਦੇ ਕ੍ਰਿਕਟ ਗ੍ਰਾਊਂਡ 'ਤੇ ਖੇਡਿਆ ਗਿਆ, ਜਿੱਥੇ ਪ੍ਰਤਾਪ ਵਰਲਡ ਸਕੂਲ ਨੇ ਆਰਿਆ ਬੌਇਜ਼ ਨੂੰ ਪ੍ਰਭਾਵਸ਼ਾਲੀ ਜਿੱਤ ਨਾਲ ਹਰਾਇਆ।ਇਹ ਅੰਡਰ-19 ਜ਼ਿਲ੍ਹਾ ਕ੍ਰਿਕਟ ਟੂਰਨਾਮੈਂਟ ਜ਼ਿਲ੍ਹਾ ਸਿੱਖਿਆ ਵਿਭਾਗ, ਪਠਾਨਕੋਟ ਵੱਲੋਂ ਆਯੋਜਿਤ ਕੀਤਾ ਗਿਆ ਸੀ, ਜਿਸ ਵਿੱਚ ਕੁੱਲ 16 ਟੀਮਾਂ ਨੇ ਭਾਗ ਲਿਆ।ਇਹ ਰੋਮਾਂਚਕ ਟੂਰਨਾਮੈਂਟ 7 ਦਿਨ ਤੱਕ ਚੱਲਿਆ ਅਤੇ ਇਸ ਵਿੱਚ ਪੂਰੇ ਜ਼ਿਲ੍ਹੇ ਦੇ ਉਭਰਦੇ ਕ੍ਰਿਕਟਰਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਟੌਸ ਜਿੱਤ ਕੇ ਪ੍ਰਤਾਪ ਵਰਲਡ ਸਕੂਲ ਨੇ ਪਹਿਲਾਂ ਬੱਲੇਬਾਜ਼ੀ ਕਰਨ ਦਾ ਫੈਸਲਾ ਕੀਤਾ ਅਤੇ 15 ਓਵਰਾਂ ਵਿੱਚ 4 ਵਿਕਟਾਂ ਗੁਆ ਕੇ 234 ਰਨ ਬਣਾਏ। ਬੱਲੇਬਾਜ਼ਾਂ ਨੇ ਕਮਾਲ ਦਾ ਖੇਡ ਦਿਖਾਇਆ।ਟੀਮ ਨੂੰ ਕੋਚ ਸ਼੍ਰੀ ਅਸ਼ਰਫ਼ ਅਤੇ ਕੋਚ ਸ਼੍ਰੀ ਗੁਰਵਿੰਦਰ ਨੇ ਮਾਰਗਦਰਸ਼ਨ ਦਿੱਤਾ, ਜਿਨ੍ਹਾਂ ਨੇ ਆਪਣੀ ਰਣਨੀਤਿਕ ਸੋਚ ਅਤੇ ਸਮਰਪਣ ਨਾਲ ਟੀਮ ਨੂੰ ਜਿੱਤ ਦੀ ਰਾਹ 'ਤੇ ਲਿਆਂਦਾ। ਡਾਇਰੈਕਟਰ ਸਨੀ ਮਹਾਜਨ ਨੇ ਆਪਣਾ ਮਾਣ ਪ੍ਰਗਟ ਕਰਦੇ ਹੋਏ ਕਿਹਾ ਕਿ ਇਹ ਜਿੱਤ ਸਾਡੇ ਵਿਦਿਆਰਥੀਆਂ ਦੀ ਮਹਿਨਤ, ਅਨੁਸ਼ਾਸਨ ਅਤੇ ਖੇਡ ਭਾਵਨਾ ਦਾ ਪ੍ਰਮਾਣ ਹੈ।ਪ੍ਰਤਾਪ ਵਰਲਡ ਸਕੂਲ 'ਚ ਅਸੀਂ ਇੱਕ ਮਜ਼ਬੂਤ ਖੇਡ ਸਭਿਆਚਾਰ ਵਿਕਸਿਤ ਕੀਤਾ ਹੈ ਜੋ ਹਰ ਨੌਜਵਾਨ ਖਿਡਾਰੀ ਨੂੰ ਵੱਡੇ ਸੁਪਨੇ ਦੇਖਣ ਲਈ ਪ੍ਰੇਰਿਤ ਕਰਦਾ ਹੈ।ਡਾਇਰੈਕਟਰ ਓਸ਼ਿਨ ਮਹਾਜਨ ਨੇ ਕਿਹਾ ਕਿ ਟੂਰਨਾਮੈਂਟ ਦੀ ਮੇਜ਼ਬਾਨੀ ਕਰਨਾ ਅਤੇ ਖ਼ਿਤਾਬ ਜਿੱਤਣਾ ਸਾਡੇ ਲਈ ਇੱਕ ਵੱਡਾ ਮੀਲ ਪੱਥਰ ਹੈ। ਪ੍ਰਿੰਸੀਪਲ ਸ਼ੁਭਰਾ ਰਾਣੀ ਨੇ ਕਿਹਾ ਕਿ ਸਾਡੇ ਖਿਡਾਰੀਆਂ ਦੀ ਨਿਸ਼ਠਾ, ਸਮਰਪਣ ਅਤੇ ਸੰਘਰਸ਼ ਭਾਵਨਾ ਕਾਬਿਲ-ਏ-ਤਾਰੀਫ਼ ਹੈ।ਉਨ੍ਹਾਂ ਦੀ ਇਹ ਉਪਲਬਧੀ ਹੋਰ ਵਿਦਿਆਰਥੀਆਂ ਨੂੰ ਵੀ ਖੇਡਾਂ ਦੇ ਨਾਲ-ਨਾਲ ਸਿੱਖਿਆ ਵਿੱਚ ਉਤਕ੍ਰਿਸ਼ਟਤਾ ਪ੍ਰਾਪਤ ਕਰਨ ਲਈ ਪ੍ਰੇਰਿਤ ਕਰੇਗੀ।

## ਐੱਸ ਡੀ ਐੱਮ ਮਜੀਠਾ ਨੇ ਦਸਮੇਸ਼ ਪਬਲਿਕ ਸਕੂਲ ਕੋਟਲਾ ਸੁਲਤਾਨ ਸਿੰਘ ਦਾ ਕੀਤਾ ਅਚਨਚੇਤ ਦੌਰਾ

ਮਜੀਠਾ (ਸੋਇਮ ਆਨੰਦ)-ਜ਼ਿਲਾ ਅੰਮ੍ਰਿਤਸਰ ਸਾਹਿਬ ਅਤੇ ਹਲਕਾ ਮਜੀਠਾ ਦੀ ਨਾਮਵਰ ਵਿਦਿਅਕ ਸੰਸਥਾ ਸ਼੍ਰੀ ਦਸਮੇਸ਼ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਕੋਟਲਾ ਸੁਲਤਾਨ ਸਿੰਘ ਜਿਹੜੀ ਕਿ ਚੇਅਰਮੈਨ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ, ਮੈਨੇਜਰ ਐੱਸਡੀਐੱਮ ਮਜੀਠਾ ਪੀਊਸ਼ਾ ਬੁਰੜਕ, ਸਕੂਲ ਮੈਨੇਜਮੈਂਟ ਕਮੇਟੀ ਪ੍ਰਧਾਨ ਜਥੇਦਾਰ ਸੰਤੋਖ ਸਿੰਘ ਸਮਰਾ ਦੀ ਯੋਗ



